

ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਗੁਰਿਆਈ ਦਿਵਸ ਦੀਆਂ ਲੱਖ-ਲੱਖ ਵਧਾਈਆਂ ਹੋਣ ਜੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਵੀਰਵਾਰ, 24 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਲਈ ਡੀ. ਏ. ਨੂੰ ਲੈ ਕੇ ਚਿੱਠੀ ਜਾਰੀ, ਬਕਾਇਆਂ ਨੂੰ ਲੈ ਕੇ ਭੰਬਲਭੂਸੇ ਦੀ ਸਥਿਤੀ

**ਚੰਡੀਗੜ੍ਹ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਸਰਕਾਰ ਨੇ ਮਹਿੰਗਾਈ ਭੱਤੇ (ਡੀ. ਏ.) ਨੂੰ ਲੈ ਕੇ ਚਿੱਠੀ ਜਾਰੀ ਕਰ ਦਿੱਤੀ ਹੈ। ਚਿੱਠੀ ਡੀਏ (ਡੀ. ਏ.) ਵਧਾਉਣ ਅਤੇ 8 ਫ਼ੀਸਦੀ ਡੀਏ ਜਾਰੀ ਕਰਨ ਬਾਰੇ ਗੱਲ ਕੀਤੀ ਗਈ ਹੈ। ਹਾਲਾਂਕਿ, ਪਿਛਲੇ ਬਕਾਇਆਂ ਬਾਰੇ ਕੋਈ ਜ਼ਿਕਰ ਨਹੀਂ ਕੀਤਾ ਗਿਆ ਹੈ, ਜਿਸ ਨਾਲ ਭੰਬਲਭੂਸੇ ਵਾਲੀ ਸਥਿਤੀ ਬਣ ਗਈ ਹੈ ਅਤੇ ਕਈ ਸਵਾਲ ਖੜੇ ਹੋਏ ਹਨ। ਦੱਸ ਦਈਏ ਕਿ 18 ਸਤੰਬਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਤੇ ਸਰਕਾਰੀ ਮੁਲਾਜ਼ਮ ਜਥੇਬੰਦੀ 'ਚ ਮੰਗਾਂ ਦੇ ਹੱਲ ਸਬੰਧੀ ਮੀਟਿੰਗ ਹੋਈ ਸੀ, ਜਿਸ ਵਿੱਚ ਮੁਲਾਜ਼ਮਾਂ ਨੂੰ ਡੀਏ ਦੋ ਕਿਸ਼ਤਾਂ ਵਿੱਚ 4-4 ਫ਼ੀਸਦੀ ਤਨਖਾਹ ਨਾਲ ਦੇਣ ਦਾ ਭਰੋਸਾ ਦਿੱਤਾ ਗਿਆ ਸੀ, ਜਿਸ ਦੀ ਪਹਿਲੀ ਕਿਸ਼ਤੀ ਅਕਤੂਬਰ 'ਚ ਤਨਖਾਹ ਨਾਲ ਦੇਣ ਦੀ ਗੱਲ ਕਹੀ ਗਈ। ਇਸਤੋਂ ਇਲਾਵਾ, ਹੋਰਨਾਂ ਮੰਗਾਂ ਬਾਰੇ ਅਕਤੂਬਰ ਦੇ ਪਹਿਲੇ ਹਫ਼ਤੇ ਮੀਟਿੰਗ ਦੌਰਾਨ ਗੱਲਬਾਤ ਦਾ ਭਰੋਸਾ ਦਿੱਤਾ ਗਿਆ। ਮੰਤਰੀ ਅਰੋੜਾ ਵੱਲੋਂ ਮੁਲਾਜ਼ਮਾਂ ਨੂੰ ਡੀਏ ਦੀ ਪਹਿਲੀ ਕਿਸ਼ਤ 4 ਫ਼ੀਸਦੀ ਦੇ ਰੂਪ ਵਿੱਚ ਅਕਤੂਬਰ 'ਚ ਲਾਗੂ ਕਰਨ ਦੀ ਗੱਲ ਕਹੀ ਸੀ। ਇਸਤੋਂ ਇਲਾਵਾ ਪੁਰਾਣੀ ਪੈਨਸ਼ਨ ਬਹਾਲੀ ਬਾਰੇ ਵੀ ਵਿਚਾਰ ਕਰਨ ਬਾਰੇ ਕਿਹਾ ਗਿਆ ਸੀ। ਪੰਜਾਬ ਸਰਕਾਰ ਵੱਲੋਂ ਹੁਣ ਜਾਰੀ ਕੀਤੀ ਗਈ ਨਵੀਂ ਚਿੱਠੀ ਵਿੱਚ 8 ਫ਼ੀਸਦੀ ਡੀਏ ਦੇਣ ਅਤੇ ਡੀਏ ਨੂੰ 42 ਫ਼ੀਸਦੀ ਤੋਂ ਵਧਾ ਕੇ 50 ਫੀਸਦੀ ਕਰਨ ਨੂੰ ਮਨਜੂਰੀ ਦਿੱਤੀ ਗਈ ਹੈ, ਜੋ ਕਿ ਸਤੰਬਰ 2026 ਤੋਂ ਫ਼ੈਸਲਾ ਲਾਗੂ ਹੋਵੇਗਾ।

## ਏਜੰਸੀ ਨੇ ਦਫ਼ਤਰ 'ਚ ਲਾਏ ਪੱਕੇ ਡੇਰੇ, ਬੈਡ ਤੇ ਗੱਦੇ ਵਿਛਾਏ

# GMADA ਦਫ਼ਤਰ 'ਚ ਈ. ਡੀ. ਦੀ ਰੇਡ ਲਗਾਤਾਰ ਜਾਰੀ

**ਮੁਹਾਲੀ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਸਥਿਤ ਗਮਾਡਾ ਹੈੱਡਕੁਆਰਟਰ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਦੀ 150 ਕਰੋੜ ਰੁਪਏ ਦੇ ਚੇਂਜ ਆਫ਼ ਲੈਂਡ ਯੂਜ਼ ਦੀਆਂ ਕਥਿਤ ਬੇਨਿਯਮੀਆਂ ਨੂੰ ਲੈ ਕੇ ਮਾਰੀ ਗਈ ਰੇਡ ਲਗਾਤਾਰ ਦੂਜੇ ਦਿਨ ਵੀ ਜਾਰੀ ਹੈ। ਛਾਪੇਮਾਰੀ 'ਚ ਦਿਲਚਸਪ ਮੋੜ ਆਇਆ ਹੈ, ਜਾਂਚ ਏਜੰਸੀ ਨੇ ਤਲਾਸ਼ੀ ਮੁਹਿੰਮ ਦੇ ਲੰਬੇ ਸਮੇਂ ਤੱਕ ਚੱਲਣ ਦੇ ਮੱਦੇਨਜ਼ਰ ਦਫਤਰ 'ਚ ਡੇਰਾ ਲਾ ਲਿਆ ਹੈ ਅਤੇ ਰਾਤ ਇਥੇ ਹੀ ਗੁਜ਼ਾਰਨ ਬਾਰੇ ਸੰਕੇਤ ਮਿਲੇ ਹਨ। ਏਜੰਸੀ ਅਧਿਕਾਰੀਆਂ ਦੇ ਗਮਾਡਾ ਦਫਤਰ 'ਚ ਰਾਤ ਗੁਜਾਰਨ ਦੇ ਮੱਦੇਨਜ਼ਰ ਗੱਦੇ ਦਫਤਰ 'ਚ ਲਿਆਂਦੇ ਵਿਖਾਈ ਦਿੱਤੇ ਹਨ। ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਜੀਐਮਏਡੀਏ) ਦੇ ਫੇਜ਼ 8 ਸਥਿਤ ਮੁੱਖ ਦਫਤਰ ਵਿਖੇ ਈਡੀ ਦੀ ਕਾਰਵਾਈ ਬੁੱਧਵਾਰ ਨੂੰ ਆਪਣੇ ਦੂਜੇ ਦਿਨ ਵਿੱਚ ਦਾਖਲ ਹੋ ਗਈ। ਮੰਗਲਵਾਰ ਸਵੇਰੇ ਸ਼ੁਰੂ ਹੋਈ ਤਲਾਸ਼ੀ ਰਾਤ ਭਰ ਜਾਰੀ ਰਹੀ, ਜਿਸ ਵਿੱਚ ਕਈ ਅਧਿਕਾਰੀ ਅਤੇ ਜਾਂਚ ਟੀਮ ਦੇ ਮੈਂਬਰ ਇਮਾਰਤ ਦੇ ਅੰਦਰ ਹੀ ਰਹੇ। ਸੂਤਰਾਂ ਨੇ ਦੱਸਿਆ ਕਿ ਕਾਰਵਾਈ ਜਾਰੀ ਰਹਿਣ ਕਾਰਨ ਨੇੜਲੇ ਗੁਰਦੁਆਰੇ ਤੋਂ ਗੱਦੇ ਲਿਆਂਦੇ ਗਏ ਸਨ। ਅਧਿਕਾਰੀਆਂ ਅਤੇ ਈਡੀ ਕਰਮਚਾਰੀਆਂ ਲਈ ਖਾਣੇ ਦਾ ਪ੍ਰਬੰਧ ਵੀ ਇੱਕ ਸਥਾਨਕ ਮਿਠਾਈ ਦੀ ਦੁਕਾਨ ਤੋਂ ਕੀਤਾ ਗਿਆ ਸੀ। ਈਡੀ ਨੇ ਗਮਾਡਾ ਹੈੱਡਕੁਆਰਟਰ ਵਿਖੇ ਆਪਣੀ ਕਾਰਵਾਈ ਦਾ ਵਿਸਥਾਰ ਕੀਤਾ ਹੈ, ਏਜੰਸੀ ਅਤੇ ਕੇਂਦਰੀ ਬਲਾਂ ਦੇ 100 ਤੋਂ ਵੱਧ ਕਰਮਚਾਰੀ ਕਥਿਤ ਤੌਰ 'ਤੇ ਇਮਾਰਤ ਦੇ ਅੰਦਰ ਮੌਜੂਦ ਹਨ। ਇਹ ਕਾਰਵਾਈ ਜਾਂਚਕਰਤਾਵਾਂ ਵੱਲੋਂ ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਰਿਕਾਰਡਾਂ ਅਤੇ ਦਸਤਾਵੇਜ਼ਾਂ ਦੀ ਜਾਂਚ ਕਰਦੇ ਹੋਏ ਇਮਾਰਤ ਦੀਆਂ ਤਿੰਨ ਮੰਜ਼ਿਲਾਂ ਨੂੰ ਸੀਲ ਕਰਨ ਤੋਂ ਬਾਅਦ ਹੋਇਆ ਹੈ। ਬੁੱਧਵਾਰ ਸ਼ਾਮ ਤੱਕ ਤਲਾਸ਼ੀ ਜਾਰੀ ਰਹਿਣ ਦੇ ਨਾਲ, ਵਾਧੂ ਗੱਦੇ ਇਮਾਰਤ ਵਿੱਚ ਲਿਆਂਦੇ ਗਏ। ਕਥਿਤ ਤੌਰ 'ਤੇ ਉਨ੍ਹਾਂ ਨੂੰ ਦੋ ਪਹੀਆ ਵਾਹਨ 'ਤੇ ਲਿਜਾਇਆ ਗਿਆ ਕਿਉਂਕਿ ਕਰਮਚਾਰੀਆਂ ਦੇ ਰਾਤ ਭਰ ਇਮਾਰਤ ਦੇ ਅੰਦਰ ਰਹਿਣ ਦੀ ਉਮੀਦ ਕੀਤੀ ਜਾ ਰਹੀ ਸੀ।



## ਕੈਬਨਿਟ ਮੰਤਰੀ ਹਰਦੀਪ ਮੁੰਡੀਆਂ ਦੇ ਭਾਣਜੇ ਦੇ ਘਰ ਵੀ ਈ. ਡੀ. ਵੱਲੋਂ ਰੇਡ

ਕੇਂਦਰੀ ਜਾਂਚ ਏਜੰਸੀ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਵੱਲੋਂ ਪੰਜਾਬ 'ਚ ਬੀਤੇ ਕੁੱਝ ਦਿਨਾਂ ਤੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਤਾਜ਼ਾ ਮਾਮਲੇ ਵਿੱਚ ਈਡੀ ਨੇ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਰਿਸ਼ਤੇਦਾਰਾਂ ਦੇ ਘਰ ਦਸਤਕ ਦਿੱਤੀ ਹੈ। ਏਜੰਸੀ ਵੱਲੋਂ ਮੰਤਰੀ ਦੇ ਭਤੀਜੇ ਗੁਰਪ੍ਰੀਤ ਸਿੰਘ ਪ੍ਰਿੰਸ ਦੇ ਘਰ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਦਸਤਾਵੇਜ਼ ਖੰਗਾਲੇ ਜਾ ਰਹੇ ਹਨ। ਦੱਸ ਦਈਏ ਕਿ ਈਡੀ ਵੱਲੋਂ ਬੀਤੇ ਦਿਨ ਮੁਹਾਲੀ 'ਚ ਗਮਾਡਾ ਦਫਤਰ ਵਿੱਚ ਵੀ 150 ਕਰੋੜ ਰੁਪਏ ਦੀਆਂ ਕਥਿਤ ਸੀਐਲਯੂ ਬੇਨਿਯਮੀਆਂ ਨੂੰ ਲੈ ਕੇ ਛਾਪੇਮਾਰੀ ਕੀਤੀ ਗਈ ਸੀ, ਜੋ ਕਿ ਅੱਜ ਬਾਅਦ ਦੁਪਹਿਰ ਤੱਕ ਵੀ ਜਾਰੀ ਰਹੀ। ਇਸ ਦੌਰਾਨ ਈਡੀ ਵੱਲੋਂ ਕਈ ਦਸਤਾਵੇਜ਼ ਵੀ ਆਪਣੇ ਕਬਜ਼ੇ 'ਚ ਲਏ ਗਏ ਹਨ। ਅਧਿਕਾਰੀਆਂ ਨੇ ਕਿਹਾ ਸੀ ਕਿ ਈਡੀ ਕਈ ਕਥਿਤ ਬੇਨਿਯਮੀਆਂ ਦੀ ਜਾਂਚ ਕਰ ਰਹੀ ਹੈ, ਜਿਸ ਵਿੱਚ ਜ਼ਮੀਨ ਪ੍ਰਾਪਤੀ, ਜ਼ਮੀਨ ਵਰਤੋਂ ਵਿੱਚ ਤਬਦੀਲੀ ਦੇ ਮਾਮਲੇ, ਨਿੱਜੀ ਬਿਲਡਰਾਂ ਨੂੰ ਦਿੱਤੇ ਗਏ ਕਥਿਤ ਲਾਭ ਅਤੇ ਜਾਇਦਾਦਾਂ ਦੀ ਨਿਲਾਮੀ ਸ਼ਾਮਲ ਹੈ। ਨਿਊ ਚੰਡੀਗੜ੍ਹ ਵਿੱਚ ਸਨਟੇਕ ਸਿਟੀ ਸਮੇਤ ਕਈ ਪ੍ਰੋਜੈਕਟ ਕਥਿਤ ਤੌਰ 'ਤੇ ਜਾਂਚ ਅਧੀਨ ਹਨ। ਈਡੀ ਨੇ ਪਹਿਲਾਂ ਇਨ੍ਹਾਂ ਪ੍ਰੋਜੈਕਟਾਂ ਦੇ ਸਬੰਧ ਵਿੱਚ ਦੋ ਬਿਲਡਰਾਂ ਦੇ ਦਫਤਰਾਂ ਦੀ ਤਲਾਸ਼ੀ ਲਈ ਸੀ। ਮੰਨਿਆ ਜਾ ਰਿਹਾ ਹੈ ਕਿ ਤਾਜ਼ਾ ਕਾਰਵਾਈ ਉਸੇ ਮਾਮਲੇ ਨਾਲ ਜੁੜੀ ਹੋਈ ਹੈ। ਈਡੀ ਦੀ ਰੇਡ ਨੂੰ ਲੈ ਕੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਕੱਸਿਆ ਹੈ। ਉਨ੍ਹਾਂ ਕਿਹਾ ਕਿ ਈਡੀ ਦੀ ਰੇਡ ਹੁਣ ਆਪ ਦੇ ਮੰਤਰੀ ਦੇ ਰਿਸ਼ਤੇਦਾਰ ਦੇ ਘਰ ਤੱਕ ਪਹੁੰਚ ਗਈ ਹੈ। ਜਾਂਚ ਏਜੰਸੀ ਵੱਲੋਂ ਪੰਜਾਬ ਦੇ Urban Housing ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਨਜ਼ਦੀਕੀ ਰਿਸ਼ਤੇਦਾਰ ਤੇ ਭਤੀਜੇ ਅਨਮੋਲ ਦੇ ਘਰ 'ਚ 54 ਦੀ ਜ਼ੋਰਦਾਰ ਛਾਪੇਮਾਰੀ ਜਾਰੀ ਹੈ ਉਨ੍ਹਾਂ ਕਿਹਾ ਕਿ IAS ਅਧਿਕਾਰੀਆਂ ਰਾਜੀਵ ਗੁਪਤਾ ਤੇ ਵਿਕਾਸ ਗਰਗ ਤੋਂ ਬਾਅਦ ਹੁਣ 54 ਦੀ ਪੈੜ ਮੰਤਰੀ ਦੇ ਪਰਿਵਾਰ ਤੱਕ ਪਹੁੰਚ ਗਈ ਹੈ ਅਤੇ ਪੂਰਾ GMADA ਘਪਲੇ ਦਾ ਨੈਕਸਸ ਬੇਨਕਾਬ ਹੋਣਾ ਸ਼ੁਰੂ ਹੋ ਗਿਆ ਹੈ। ਅਕਾਲੀ ਆਗੂ ਨੇ ਇਹ ਵੀ ਦਾਅਵਾ ਕੀਤਾ ਕਿ 54 ਵੱਲੋਂ ਇੱਕ ਸੀਨੀਅਰ IAS ਅਧਿਕਾਰੀ ਨੂੰ ਗ੍ਰਿਫ਼ਤਾਰ ਕੀਤਾ ਜਾ ਸਕਦਾ ਹੈ।

## ਤਿੰਨ ਦਿਨ ਤੋਂ ਲਾਪਤਾ 'ਆਪ' ਸਰਪੰਚ ਦੇ ਪਤੀ ਦੀ ਮਿਲੀ ਲਾਸ਼, ਪੋਤਰੇ ਦਾ ਸਰਟੀਫਿਕੇਟ ਲੈਣ ਗਿਆ ਸੀ ਕੁਲਜੀਤ ਸਿੰਘ



**ਅੰਮ੍ਰਿਤਸਰ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਰਮਦਾਸ ਅਧੀਨ ਪਿੰਡ ਮਹਿਮਦ ਮੰਦਰਾਂਵਾਲਾ ਦੀ ਮਹਿਲਾ ਸਰਪੰਚ ਸਤਬੀਰ ਕੌਰ ਦੇ ਪਤੀ ਦੀ ਤਿੰਨ ਦਿਨ ਲਾਪਤਾ ਹੋਣ ਪਿੱਛੋਂ ਲਾਸ਼ ਪ੍ਰਾਪਤ ਹੋਈ ਹੈ। ਕੁਲਜੀਤ ਸਿੰਘ ਦੀ ਤਿੰਨ ਦਿਨ ਬਾਅਦ ਲਾਸ਼ ਰਮਦਾਸ ਰੋਡ ਤੋਂ ਭੇਦਭਰੇ ਹਾਲਾਤਾਂ ਵਿੱਚ ਮਿਲਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ ਹੈ। ਜਾਣਕਾਰੀ ਮੁਤਾਬਕ, ਕੁਲਜੀਤ ਸਿੰਘ ਪਿੰਡ ਮਹਿਮਦ ਮੰਦਰਾਂਵਾਲਾ ਦੀ ਮਹਿਲਾ ਸਰਪੰਚ ਦੇ ਪਤੀ ਸਨ। ਦੱਸਿਆ ਜਾ ਰਿਹਾ ਹੈ ਕਿ ਕੁਲਜੀਤ ਸਿੰਘ ਸਾਬਕਾ ਫੌਜੀ ਵੀ ਸਨ, ਜੋ ਤਿੰਨ ਦਿਨ ਪਹਿਲਾਂ ਆਪਣੇ ਪੋਤਰੇ ਦਾ ਸਰਟੀਫਿਕੇਟ ਲੈਣ ਲਈ ਫਤਿਹਗੜ੍ਹ ਚੂੜੀਆਂ ਜਾਣ ਵਾਸਤੇ ਘਰੋਂ ਨਿਕਲੇ ਸਨ। ਇਸ ਤੋਂ ਬਾਅਦ ਉਹ ਘਰ ਵਾਪਸ ਨਹੀਂ ਪਹੁੰਚੇ, ਜਿਸ ਕਾਰਨ ਪਰਿਵਾਰ ਵੱਲੋਂ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ ਸੀ। ਅੱਜ ਰਮਦਾਸ ਰੋਡ ਤੋਂ ਕੁਲਜੀਤ ਸਿੰਘ ਦੀ ਲਾਸ਼ ਭੇਦਭਰੇ ਹਾਲਾਤਾਂ ਵਿੱਚ ਬਰਾਮਦ ਹੋਈ। ਲਾਸ਼ ਮਿਲਣ ਦੀ ਸੂਚਨਾ ਮਿਲਦੇ ਹੀ ਪਰਿਵਾਰਕ ਮੈਂਬਰ ਅਤੇ ਹੋਰ ਲੋਕ ਮੌਕੇ 'ਤੇ ਪਹੁੰਚੇ। ਪਰਿਵਾਰ ਵੱਲੋਂ ਕੁਲਜੀਤ ਸਿੰਘ ਦੇ ਕਤਲ ਹੋਣ ਦਾ ਖਦਸ਼ਾ ਜਤਾਇਆ ਗਿਆ ਹੈ। ਪਰਿਵਾਰਕ ਮੈਂਬਰਾਂ ਨੇ ਪੁਲਿਸ ਪ੍ਰਸ਼ਾਸਨ ਦੀ ਕਾਰਵਾਈ 'ਤੇ ਵੀ ਸਵਾਲ ਚੁੱਕੇ ਅਤੇ ਪੁਲਿਸ ਵਿਰੁੱਧ ਨਾਅਰੇਬਾਜ਼ੀ ਕਰ ਕੇ ਇਨਸਾਫ ਦੀ ਮੰਗ ਕੀਤੀ। ਲਾਸ਼ ਮਿਲਣ ਦੀ ਸੂਚਨਾ ਮਿਲਦੇ ਹੀ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਵੀ ਮੌਕੇ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਪਰਿਵਾਰ ਨੇ ਮੰਗਲਵਾਰ ਸ਼ਾਮ ਨੂੰ ਉਨ੍ਹਾਂ ਨਾਲ ਸੰਪਰਕ ਕੀਤਾ ਸੀ। ਔਜਲਾ ਨੇ ਦਾਅਵਾ ਕੀਤਾ ਕਿ ਕੁਲਜੀਤ ਸਿੰਘ ਦਾ ਮੋਬਾਈਲ ਫੋਨ ਲਗਭਗ 14 ਘੰਟੇ ਚਾਲੂ ਹੋਣ ਦੇ ਬਾਵਜੂਦ, ਪਰਿਵਾਰਕ ਮੈਂਬਰਾਂ ਨੂੰ ਉਸ ਦੀ ਭਾਲ ਲਈ ਵੱਖ-ਵੱਖ ਥਾਵਾਂ 'ਤੇ ਭੇਜਿਆ ਗਿਆ। ਔਜਲਾ ਨੇ ਦੋਸ਼ ਲਗਾਇਆ ਕਿ ਇਹ ਮਾਮਲਾ ਇੱਕ ਯੋਜਨਾਬੱਧ ਕਤਲ ਹੋ ਸਕਦਾ ਹੈ। ਉਨ੍ਹਾਂ ਨੇ ਪੂਰੀ ਘਟਨਾ ਦੀ ਡੂੰਘਾਈ ਨਾਲ ਜਾਂਚ, ਡਾਕਟਰਾਂ ਦੇ ਬੋਰਡ ਰਾਹੀਂ ਪੋਸਟਮਾਰਟਮ ਅਤੇ ਪਰਿਵਾਰ ਲਈ ਇਨਸਾਫ਼ ਦੀ ਮੰਗ ਕੀਤੀ। ਡੀਐਸਪੀ ਅਜਨਾਲਾ ਨੇ ਦੱਸਿਆ ਕਿ ਉਹਨਾਂ ਵੱਲੋਂ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੁਲਜੀਤ ਸਿੰਘ ਦੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਪੁਲਿਸ ਜਾਂਚ ਅਤੇ ਪੋਸਟਮਾਰਟਮ ਤੋਂ ਬਾਅਦ ਹੀ ਸਪੱਸ਼ਟ ਹੋਵੇਗਾ।

## ਜਥੇਦਾਰ ਗੜਗੱਜ ਨੇ ਲਾਹੌਰ 'ਚ ਸਿੱਖ ਵਿਰਾਸਤੀ ਸਥਾਨਾਂ ਦੀ ਸੁਰੱਖਿਆ ਲਈ ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਨੂੰ ਪੱਤਰ ਲਿਖਿਆ





**ਨਵੀਂ ਦਿੱਲੀ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗਰਗੱਜ ਨੇ ਪਾਕਿਸਤਾਨ ਦੀ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਸ਼ਰੀਫ਼ ਨੂੰ ਪੱਤਰ ਲਿਖ ਕੇ ਲਾਹੌਰ ਦੇ ਅੰਦਰੂਨ ਸ਼ਹਿਰ 'ਚ ਸਿੱਖ ਇਤਿਹਾਸ ਨਾਲ ਸਬੰਧਤ ਵਿਰਾਸਤੀ ਸਥਾਨਾਂ ਦੀ ਸੁਰੱਖਿਆ ਤੇ ਸੰਭਾਲ ਯਕੀਨੀ ਬਣਾਉਣ ਲਈ ਆਖਿਆ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਲਾਹੌਰ ਅੰਦਰੂਨ ਸਥਿਤ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨਾਲ ਸਬੰਧਤ 'ਲਾਲ ਖੂਹ, ਕੱਟੜੀ ਚੰਦੂ' ਦੀ ਮੌਜੂਦਾ ਸਥਿਤੀ ਦੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਮੁੱਖ ਮੰਤਰੀ ਨੂੰ ਲਿਖੇ ਪੱਤਰ, ਜਿਸ ਨਾਲ ਪੰਜਾਬ ਸਰਕਾਰ ਦੇ ਪ੍ਰੋਵਿੰਸ਼ੀਅਲ ਮੰਤਰੀ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਰਮੇਸ਼ ਸਿੰਘ ਅਰੋੜਾ ਨੂੰ ਵੀ ਸੰਬੋਧਤ ਕੀਤਾ ਗਿਆ ਹੈ, ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਪੱਤਰ ਦਾ ਮਕਸਦ ਕਿਸੇ ਸਰਕਾਰ, ਸੰਸਥਾ ਜਾਂ ਵਿਅਕਤੀ ਉੱਤੇ ਦੋਸ਼ ਲਗਾਉਣਾ ਨਹੀਂ, ਸਗੋਂ ਲਾਹੌਰ ਦੀ ਉਸ ਸਾਂਝੀ ਇਤਿਹਾਸਕ ਵਿਰਾਸਤ ਵੱਲ ਧਿਆਨ ਦਿਵਾਉਣਾ ਹੈ, ਜਿਸ ਨਾਲ ਸਿੱਖ ਇਤਿਹਾਸ ਦੇ ਮਹੱਤਵਪੂਰਨ ਅਧਿਆਇ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਲਾਹੌਰ ਸਿੱਖ ਇਤਿਹਾਸ ਲਈ ਕੋਈ ਦੂਰਲਾ ਜਾਂ ਬਾਹਰੀ ਸਥਾਨ ਨਹੀਂ ਹੈ, ਸਗੋਂ ਇਹ ਉਹ ਧਰਤੀ ਹੈ ਜਿੱਥੇ ਸਿੱਖ ਗੁਰੂ ਸਾਹਿਬਾਨ ਦੀਆਂ ਯਾਦਾਂ, ਸਿੱਖ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਗੁਰਸਿੱਖ ਪਰੰਪਰਾ ਦੇ ਅਨੇਕਾਂ ਅਧਿਆਇ ਆਪਣੀਆਂ ਭੌਤਿਕ ਨਿਸ਼ਾਨੀਆਂ ਸਮੇਤ ਮੌਜੂਦ ਰਹੇ ਹਨ। ਸਮੇਂ ਦੇ ਬਦਲਾਅ, ਸ਼ਹਿਰੀ ਵਿਕਾਸ, ਪੰਜਾਬ ਦੀ ਵੰਡ ਅਤੇ ਹੋਰ ਇਤਿਹਾਸਕ ਹਾਲਾਤ ਕਾਰਨ ਇਨ੍ਹਾਂ ਵਿੱਚੋਂ ਬਹੁਤ ਸਾਰੀਆਂ ਨਿਸ਼ਾਨੀਆਂ ਜਾਂ ਤਾਂ ਮਿਟ ਚੁੱਕੀਆਂ ਹਨ ਜਾਂ ਆਪਣੀ ਪਹਿਲੀ ਸਥਿਤੀ ਵਿੱਚ ਨਹੀਂ ਰਹੀਆਂ। ਇਸ ਲਈ ਅੱਜ ਵੀ ਮੌਜੂਦ ਇਤਿਹਾਸਕ ਨਿਸ਼ਾਨੀਆਂ ਦੀ ਸੰਭਾਲ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ। ਜਥੇਦਾਰ ਗੜਗੱਜ ਨੇ ਲਹਿੰਦੇ ਪੰਜਾਬ 'ਚ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਸੇਵਾ-ਸੰਭਾਲ ਅਤੇ ਉਨ੍ਹਾਂ ਨੂੰ ਮੁੜ੍ਹ ਖੋਲ੍ਹਣ ਲਈ ਪਾਕਿਸਤਾਨ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਫੰਡ ਜਾਰੀ ਕਰਨ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਨਾਲ ਹੀ ਕਿਹਾ ਕਿ ਇਹ ਕਾਰਜ ਉਸੇ ਭਾਵਨਾ ਨਾਲ ਮੁਕੰਮਲ ਕੀਤੇ ਜਾਣਗੇ, ਜਿਸ ਨਾਲ ਇਹ ਸ਼ੁਰੂ ਕੀਤੇ ਗਏ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਲਾਹੌਰ ਦੇ ਅੰਦਰੂਨ ਸ਼ਹਿਰ 'ਚ ਲਾਲ ਖੂਹ, ਕੱਟੜੀ ਚੰਦੂ ਨਾਲ ਸਬੰਧਤ ਮਾਮਲਾ ਸਿੱਖ ਸੰਗਤ ਰਾਹੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਆਇਆ ਹੈ। ਉਨ੍ਹਾਂ ਕਿਹਾ ਕਿ ਇਸ ਸਥਾਨ ਦੇ ਆਲੇ-ਦੁਆਲੇ ਉਸਾਰੀ ਸਬੰਧੀ ਕਾਰਵਾਈ ਹੋਣ ਦੀਆਂ ਚਿੰਤਾਵਾਂ ਸਾਹਮਣੇ ਆਈਆਂ ਹਨ, ਜੋ ਸਿੱਖਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਹਾਲਾਂਕਿ, ਉਨ੍ਹਾਂ ਕਿਸੇ ਅਨੁਮਾਨ ਦੀ ਬਜਾਏ ਇਸ ਮਾਮਲੇ ਦੀ ਅਧਿਕਾਰਤ ਤੱਥਾਂ 'ਤੇ ਆਧਾਰਿਤ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਜਥੇਦਾਰ ਗੜਗੱਜ ਵੱਲੋਂ ਪਾਕਿਸਤਾਨ ਪੰਜਾਬ ਸਰਕਾਰ ਨੂੰ ਸੁਝਾਅ ਦਿੱਤੇ ਗਏ ਹਨ ਕਿ ਲਾਹੌਰ ਵਿੱਚ ਲਾਲ ਖੂਹ, ਕੱਟੜੀ ਚੰਦੂ ਸਥਾਨ ਦੀ ਮੌਜੂਦਾ ਸਥਿਤੀ ਦੀ ਤੁਰੰਤ ਜਾਂਚ ਕਰਵਾਈ ਜਾਵੇ। ਜੇਕਰ ਸਥਾਨ 'ਤੇ ਕਿਸੇ ਤਰ੍ਹਾਂ ਦੀ ਉਸਾਰੀ ਜਾਂ ਤਬਦੀਲੀ ਦੀ ਕਾਰਵਾਈ ਚੱਲ ਰਹੀ ਹੈ ਤਾਂ ਜਾਂਚ ਮੁਕੰਮਲ ਹੋਣ ਤੱਕ ਉਸ ਨੂੰ ਤੁਰੰਤ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਵਾਲਡ ਸਿਟੀ ਆਫ਼ ਲਾਹੌਰ ਅਥਾਰਿਟੀ, ਪੁਰਾਤੱਤਵ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਦੇ ਮਾਹਰਾਂ ਰਾਹੀਂ ਸਥਾਨ ਦੀ ਇਤਿਹਾਸਕ ਅਤੇ ਵਿਰਾਸਤੀ ਮਹੱਤਤਾ ਦੀ ਪੜਤਾਲ ਕਰਵਾਈ ਜਾਵੇ। ਜਾਂਚ ਪ੍ਰਕਿਰਿਆ ਵਿੱਚ ਸਿੱਖ ਇਤਿਹਾਸ ਦੇ ਮਾਹਰਾਂ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨੁਮਾਇੰਦਿਆਂ ਨੂੰ ਵੀ ਸ਼ਾਮਲ ਕੀਤਾ ਜਾਵੇ। ਜੇਕਰ ਜਾਂਚ ਦੌਰਾਨ ਸਥਾਨ ਦੀ ਇਤਿਹਾਸਕ ਮਹੱਤਤਾ ਸਾਬਤ ਹੁੰਦੀ ਹੈ ਤਾਂ ਇਸ ਨੂੰ ਕਾਨੂੰਨੀ ਤੌਰ 'ਤੇ ਸੁਰੱਖਿਅਤ ਵਿਰਾਸਤੀ ਸਥਾਨ ਵਜੋਂ ਦਰਜ ਕਰਨ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇ। ਲਾਹੌਰ ਦੇ ਅੰਦਰੂਨ ਸ਼ਹਿਰ ਵਿੱਚ ਸਿੱਖ ਇਤਿਹਾਸ ਨਾਲ ਸਬੰਧਤ ਸਾਰੇ ਪ੍ਰਮੁੱਖ ਸਥਾਨਾਂ ਦਾ ਵਿਆਪਕ ਵਿਰਾਸਤੀ ਸਰਵੇਖਣ ਕਰਵਾਇਆ ਜਾਵੇ ਅਤੇ ਉਨ੍ਹਾਂ ਦੀ ਮੌਜੂਦਾ ਸਥਿਤੀ, ਇਤਿਹਾਸਕ ਮਹੱਤਤਾ, ਮਲਕੀਅਤ ਅਤੇ ਕਾਨੂੰਨੀ ਸਥਿਤੀ ਦਾ ਰਿਕਾਰਡ ਤਿਆਰ ਕੀਤਾ ਜਾਵੇ। ਜਥੇਦਾਰ ਗੜਗੱਜ ਨੇ ਕਿਹਾ ਕਿ ਜੇਕਰ ਕਿਸੇ ਇਤਿਹਾਸਕ ਸਥਾਨ ਦੀ ਅੱਜ ਸਿਰਫ਼ ਇੱਕ ਨਿੱਕੀ ਜਿਹੀ ਨਿਸ਼ਾਨੀ ਹੀ ਬਚੀ ਹੈ ਤਾਂ ਉਸ ਦੀ ਕੀਮਤ ਕੇਵਲ ਉਸ ਦੀ ਭੌਤਿਕ ਸ਼ਕਲ ਦੇ ਆਧਾਰ 'ਤੇ ਨਹੀਂ, ਸਗੋਂ ਉਸ ਨਾਲ ਜੁੜੀ ਇਤਿਹਾਸਕ ਯਾਦ ਦੇ ਆਧਾਰ 'ਤੇ ਵੀ ਦੇਖੀ ਜਾਣੀ ਚਾਹੀਦੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪਾਕਿਸਤਾਨ ਪੰਜਾਬ ਸਰਕਾਰ, ਵਾਲਡ ਸਿਟੀ ਆਫ਼ ਲਾਹੌਰ ਅਥਾਰਿਟੀ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਮਾਮਲੇ ਨੂੰ ਵਿਰਾਸਤ ਦੀ ਸੰਭਾਲ ਦੇ ਨਜ਼ਰੀਏ ਤੋਂ ਦੇਖਣਗੀਆਂ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਕੀਤੀ ਜਾਣ ਵਾਲੀ ਕਿਸੇ ਵੀ ਕਾਰਵਾਈ ਦੀ ਜਾਣਕਾਰੀ ਸਿੱਖ ਸੰਗਤ ਅਤੇ ਸਿੱਖ ਸੰਸਥਾਵਾਂ ਨਾਲ ਸਾਂਝੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਇੱਛਾ ਹੈ ਕਿ ਲਾਹੌਰ ਦੀ ਧਰਤੀ 'ਤੇ ਗੁਰੂ ਸਾਹਿਬਾਨ ਤੇ ਸਿੱਖ ਸ਼ਹੀਦਾਂ ਨਾਲ ਸਬੰਧਤ ਜਿਹੜੀਆਂ ਵੀ ਇਤਿਹਾਸਕ ਨਿਸ਼ਾਨੀਆਂ ਬਚੀਆਂ ਹਨ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰਹਿਣ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਸ ਪ੍ਰਗਟਾਈ ਕਿ ਪੱਤਰ ਨੂੰ ਗੰਭੀਰਤਾ ਨਾਲ ਲੈਂਦਿਆਂ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਅਤੇ ਕੀਤੀ ਗਈ ਕਾਰਵਾਈ ਸਬੰਧੀ ਜਾਣਕਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੀ ਭੇਜੀ ਜਾਵੇਗੀ।

ਗੁਰਿਆਈ ਦਿਵਸ 'ਤੇ ਵਿਸ਼ੇਸ਼

# ਧੰਨੁ ਧੰਨੁ ਰਾਮਦਾਸ ਗੁਰੂ...

ਸਿੱਖ ਕੌਮ ਦੇ ਚੌਥੇ ਪਾਤਸ਼ਾਹ ਤੇ ਅੰਮ੍ਰਿਤਸਰ ਸ਼ਹਿਰ ਦੇ ਬਾਨੀ, ਸੋਢੀ ਸੁਲਤਾਨ ਸ਼੍ਰੀ ਗੁਰੂ ਰਾਮਦਾਸ ਦਾਸ ਜੀ ਦਾ ਜਨਮ ਸੋਢੀ ਹਰਿਦਾਸ ਜੀ ਦੇ ਘਰ ਮਾਤਾ ਦਇਆ ਕੌਰ ਜੀ ਦੀ ਕੁੱਖ ਤੋਂ ਕੱਤਕ ਵਦੀ 2, 26 ਅੱਸੂ ਸੰਮਤ 1591, 24 ਸਤੰਬਰ ਸੰਨ 1534 ਈ: ਨੂੰ ਚੂਨਾ ਮੰਡੀ ਲਾਹੌਰ ਪਾਕਿਸਤਾਨ ਵਿਖੇ ਹੋਇਆ। ਆਪ ਕਿਉਂਕਿ ਮਾਤਾ-ਪਿਤਾ ਦੇ ਪਹਿਲੇ ਜੰਮੇ ਪੁੱਤਰ ਸਨ, ਇਸ ਲਈ ਪਲੇਠੀ ਦਾ ਪੁੱਤਰ ਹੋਣ ਕਰਕੇ ਆਪ ਨੂੰ ਜੇਠਾ ਕਰਕੇ ਬੁਲਾਉਣ ਲੱਗੇ। ਜੇਠਾ ਜੀ ਹਾਲੇ ਛੋਟੀ ਉਮਰ ਦੇ ਹੀ ਸਨ ਕਿ ਮਾਤਾ-ਪਿਤਾ ਦਾ ਸਾਇਆ ਸਿਰ ਤੋਂ ਉੱਠ ਗਿਆ। ਆਪ ਦੀ ਪਾਲਣਾ ਆਪ ਦੇ ਨਾਨਕਿਆਂ ਨੇ ਕੀਤੀ। ਜੇਠਾ ਜੀ ਨੇ ਆਪਣੇ ਨਾਨਕੇ ਪਿੰਡ ਬਾਸਰਕੇ ਰਾਵੀ ਦੇ ਕਿਨਾਰੇ ਛੋਟੀ ਉਮਰ ਵਿੱਚ ਹੀ ਘੁੰਙਣੀਆਂ ਵੇਚਣੀਆਂ ਆਰੰਭ ਕੀਤੀਆਂ। ਘੁੰਙਣੀਆਂ ਵੇਚ ਕੇ ਮਿਲੇ ਪੈਸੇ ਘਰ ਦੇ ਨਿਰਬਾਹ ਵਿੱਚ ਹਿੱਸਾ ਪਾ ਦਿੰਦੇ ਸਨ। ਕਈ ਵਾਰ ਉਹ ਗ਼ਰੀਬਾਂ ਤੇ ਸਾਧੂ ਫ਼ਕੀਰਾਂ ਨੂੰ ਘੁੰਙਣੀਆਂ ਮੁਫ਼ਤ ਹੀ ਵਰਤਾ ਦਿਆ ਕਰਦੇ ਸਨ।




ਸ਼੍ਰੀ ਗੁਰੂ ਅਮਰਦਾਸ ਜੀ ਦੇ ਜਨਮ ਭੋਇੰ ਬਾਸਰਕੇ ਤੋਂ ਸਿੱਖ ਸੰਗਤਾਂ ਗੁਰੂ ਜੀ ਦੇ ਦਰਸ਼ਨਾਂ ਲਈ ਗੋਇੰਦਵਾਲ ਸਾਹਿਬ ਜਾ ਰਹੀਆਂ ਸਨ। ਆਪ ਵੀ ਸਿੱਖ ਸੰਗਤਾਂ ਨਾਲ ਗੋਇੰਦਵਾਲ ਸਾਹਿਬ ਆ ਗਏ। ਜਿੱਥੇ ਬਾਉਲੀ ਸਾਹਿਬ ਦੀ ਖੁਦਾਈ ਦੀ ਸੇਵਾ ਹੋ ਰਹੀ ਸੀ। ਆਪ ਵੀ ਬੜੇ ਪ੍ਰੇਮ ਨਾਲ ਸੇਵਾ ਕਰਨ ਲੱਗ ਪਏ। ਇਨ੍ਹਾਂ ਦੀ ਸੇਵਾ ਨੂੰ ਦੇਖ ਕੇ ਗੁਰੂ ਅਮਰਦਾਸ ਜੀ ਨੇ ਇਸ ਕਾਰਜ ਦਾ ਸਾਰਾ ਪ੍ਰਬੰਧ ਜੇਠਾ ਜੀ ਨੂੰ ਸੰਭਾਲਿਆ। ਜਦੋਂ ਜੇਠਾ ਜੀ ਗੋਇੰਦਵਾਲ ਸਾਹਿਬ ਆਏ, ਉਸ ਸਮੇਂ ਆਪ ਦੀ ਉਮਰ 12 ਸਾਲ ਸੀ। ਕੁਝ ਵਿਦਵਾਨਾਂ ਦਾ ਕਹਿਣਾ ਹੈ ਕਿ ਉਸ ਸਮੇਂ ਉਮਰ 16 ਸਾਲ ਸੀ। ਗੁਰੂ ਰਾਮਦਾਸ ਜੀ ਨੇ 16 ਸਾਲ ਤੋਂ 22 ਸਾਲ ਤੱਕ ਗੋਇੰਦਵਾਲ ਸਾਹਿਬ ਵਿਖੇ ਸੇਵਾ ਕੀਤੀ। ਇੱਥੇ ਆਪ ਗੁਰੂ ਦਰਬਾਰ ਵਿੱਚ ਸਵੇਰੇ-ਸ਼ਾਮ ਕਥਾ-ਕੀਰਤਨ ਸਰਵਣ ਕਰਦੇ, ਗੁਰੂ ਘਰ ਦੀ ਨਿਸ਼ਕਾਮ ਸੇਵਾ ਵੀ ਮਨ ਲਾ ਕੇ ਕਰਦੇ। ਤੀਜੇ ਪਾਤਸ਼ਾਹ ਸ਼੍ਰੀ ਗੁਰੂ ਅਮਰਦਾਸ ਜੀ ਦੀਆਂ ਦੋ ਸਪੁੱਤਰੀਆਂ ਸਨ, ਬੀਬੀ ਦਾਨੀ ਤੇ ਬੀਬੀ ਭਾਨੀ ਜੀ। ਵੱਡੀ ਸਪੁੱਤਰੀ ਬੀਬੀ ਦਾਨੀ ਦਾ ਵਿਆਹ ਸ਼੍ਰੀ ਰਾਮ ਜੀ ਨਾਲ ਹੋ ਗਿਆ ਹੋਇਆ ਸੀ ਤੇ ਛੋਟੀ ਬੀਬੀ ਭਾਨੀ ਅਜੇ ਕੁਆਰੀ ਸੀ।

ਇੱਕ ਦਿਨ ਮਾਤਾ ਨੇ ਸ਼੍ਰੀ ਗੁਰੂ ਅਮਰਦਾਸ ਜੀ ਨੂੰ ਕਿਹਾ ਕਿ ਬੀਬੀ ਭਾਨੀ ਜਵਾਨ ਹੋ ਗਈ ਹੈ। ਉਸ ਦੇ ਵਾਸਤੇ ਚੰਗਾ ਲੜਕਾ ਲੱਭ ਕੇ ਉਸ ਦਾ ਵਿਆਹ ਕਰ ਦੇਣਾ ਚਾਹੀਦਾ ਹੈ। ਉਸੇ ਵੇਲੇ ਜੇਠਾ ਜੀ ਘੁੰਙਣੀਆਂ ਵੇਚਦੇ-ਵੇਚਦੇ ਉੱਥੇ ਆ ਗਏ। ਮਾਤਾ ਰਾਮ ਕੌਰ ਨੇ ਇਸ ਸੁੰਦਰ ਗੱਭਰੂ ਨੂੰ ਵੇਖ ਕੇ ਕਿਹਾ ਕਿ ਵਰ ਇਹੋ ਜਿਹਾ ਹੋਣਾ ਚਾਹੀਦਾ ਹੈ। ਗੁਰੂ ਜੀ ਨੇ ਕਿਹਾ ਇਹੋ ਜਿਹਾ ਤਾਂ ਇਹ ਹੀ ਹੈ। ਗੁਰੂ ਜੀ ਨੇ ਬਿਨਾਂ ਜਾਤ-ਪਾਤ ਜਾਂ ਪੁੱਛ-ਪੜਤਾਲ ਦੇ ਆਪਣੀ ਪੁੱਤਰੀ ਬੀਬੀ ਭਾਨੀ ਜੀ ਦੀ ਮੰਗਣੀ ਜੇਠਾ ਜੀ ਨਾਲ ਕਰ ਦਿੱਤੀ। ਕੁਝ ਦਿਨਾਂ ਮਗਰੋਂ 22 ਫੱਗਣ ਸੰਮਤ 1610, 5 ਮਾਰਚ 1553 ਈ: ਨੂੰ ਉਨ੍ਹਾਂ ਦਾ ਵਿਆਹ ਕਰ ਦਿੱਤਾ। ਜੇਠਾ ਜੀ ਦੀ ਉਮਰ ਉਸ ਸਮੇਂ 19 ਸਾਲ ਸੀ। ਗੁਰੂ ਘਰ ਦਾ ਦਾਮਾਦ ਬਣ ਕੇ ਵੀ ਆਪ ਨੇ ਲੋਕਾਂ ਦੇ ਤਾਹਨੇ-ਮਿਹਣਿਆਂ ਦੀ ਪ੍ਰਵਾਹ ਨਾ ਕੀਤੀ ਅਤੇ ਦਿਨ-ਰਾਤ ਗੁਰੂ ਘਰ ਦੀ ਸੇਵਾ ਕਰਦੇ ਰਹੇ। ਗੁਰੂ ਰਾਮਦਾਸ ਜੀ ਦੇ ਘਰ ਤਿੰਨ ਪੁੱਤਰਾਂ ਪ੍ਰਿਥੀ ਚੰਦ ਸੰਮਤ 1615, ਸੰਨ 1558 ਈ:, ਮਹਾਂਦੇਵ ਸੰਮਤ 1617, ਸੰਨ 1560 ਈ: ਤੇ (ਗੁਰੂ) ਅਰਜਨ ਦੇਵ ਸੰਮਤ 1620, ਸੰਨ 1563 ਈ: ਨੇ ਜਨਮ ਲਿਆ।

ਜੇਠਾ (ਰਾਮਦਾਸ) ਜੀ ਦਾ ਹੋਰ ਥਾਂ ਜੋ ਕੋਈ ਨਹੀਂ ਸੀ। ਸ਼੍ਰੀ ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ ਆਪਣੇ ਘਰ ਰੱਖ ਲਿਆ। ਜੇਠਾ ਜੀ ਤਨ-ਮਨ ਨਾਲ ਗੁਰੂ ਜੀ ਅਤੇ ਸਾਧਸੰਗਤ ਦੀ ਸੇਵਾ ਕਰਨ ਲੱਗ ਪਏ। ਜੇਠਾ ਜੀ, ਗੁਰੂ ਅਮਰਦਾਸ ਜੀ ਦੇ ਭਾਵੇਂ ਰਿਸ਼ਤੇ ਵਿੱਚ ਜਵਾਈ ਸਨ ਪਰ ਆਪ ਸਹੁਰੇ ਘਰ ਜਵਾਈ ਬਣ ਕੇ ਨਹੀਂ ਰਹੇ, ਨਹੀਂ ਤਾਂ ਜਵਾਈਆਂ ਦੀ ਆਕੜ ਦੇਖਣ ਵਾਲੀ ਹੁੰਦੀ ਹੈ। ਉਹ ਤਾਂ ਆਪਣੇ ਆਪ ਨੂੰ ਨਿਮਾਣਾ ਸੇਵਕ ਸਮਝਦੇ ਸਨ। ਗੋਇੰਦਵਾਲ ਸਾਹਿਬ ਦੀ ਬਾਉਲੀ ਦੀ ਸੇਵਾ ਸਮੇਂ ਜੇਠਾ ਜੀ ਨੇ ਬਾਕੀ ਸਿੱਖਾਂ ਵਾਂਗ ਗਾਰੇ, ਮਿੱਟੀ ਢੋਣ ਦੀ ਸੇਵਾ ਦਾ ਕੰਮ ਕੀਤਾ। ਲਾਹੌਰ ਦੇ ਸ਼ਰੀਕੇ ਦੇ ਕੁੱਝ ਸੱਜਣ ਕਹਿਣ ਲੱਗੇ, " ਸਾਡਾ ਭਾਈ ਸਹੁਰੇ ਘਰ ਟੋਕਰੀ ਢੋਅ ਰਿਹਾ ਹੈ। ਜੇ ਇਸ ਨੇ ਮਜ਼ਦੂਰੀ ਹੀ ਕਰਨੀ ਸੀ ਤਾਂ ਹੋਰ ਥਾਂ ਥੋੜ੍ਹੇ ਸਨ। ਇਸ ਨੇ ਤਾਂ ਸਾਡੀ ਨੱਕ ਵਢਾ ਦਿੱਤੀ ਹੈ।" ਇਸ ਤਰ੍ਹਾਂ ਦੇ ਬੋਲ-ਕਬੋਲ ਬੋਲਦੇ ਉਹ ਸ਼੍ਰੀ ਗੁਰੂ ਅਮਰਦਾਸ ਜੀ ਕੋਲ ਪੁੱਜੇ। ਉਨ੍ਹਾਂ ਨੇ ਗੁਰੂ ਜੀ ਨੂੰ ਉਲ੍ਹਾਮਾ ਦਿੱਤਾ। ਗੁਰੂ ਜੀ ਨੇ ਮੁਸ਼ਕਰਾਂ ਕੇ ਕਿਹਾ, "ਪੁਰਖਾ ! ਰਾਮਦਾਸ ਦੇ ਸਿਰ ਉੱਪਰ ਗਾਰੇ ਦੀ ਟੋਕਰੀ ਨਹੀਂ, ਸਗੋਂ ਦੀਨ-ਦੁਨੀ ਦਾ ਛੱਤਰ ਹੈ। ਗੁਰੂ ਅਮਰਦਾਸ ਜੀ ਦੇ ਕਹੇ ਬਚਨ ਸੱਚ ਸਿੱਧ ਹੋਏ।

ਸ਼੍ਰੀ ਗੁਰੂ ਅਮਰਦਾਸ ਜੀ ਨੇ ਗੁਰਿਆਈ ਲਈ ਯੋਗ ਵਿਅਕਤੀ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ। ਸਿੱਖ ਇਤਿਹਾਸ ਵਿੱਚ ਇੱਕ ਸਾਖੀ ਹੈ ਕਿ ਗੁਰੂ ਜੀ ਨੇ ਭਾਈ ਰਾਮਾ ਜੀ ਤੇ ਭਾਈ ਜੇਠਾ ਜੀ ਨੂੰ ਥੜ੍ਹੇ ਬਣਾਉਣ (ਉਸਾਰਨ) ਦਾ ਹੁਕਮ ਕੀਤਾ। ਥੜ੍ਹੇ ਤਿਆਰ ਹੋਣ ਉਪਰੰਤ ਪਹਿਲੀ ਵਾਰ ਸਤਿਗੁਰਾਂ ਵੇਖ ਕੇ ਕਿਹਾ, ਠੀਕ ਨਹੀਂ। ਦੋਹਾਂ ਨੇ ਥੜ੍ਹੇ ਢਾਹ ਦਿੱਤੇ। ਦੂਜੀ ਵਾਰ ਫਿਰ ਗੁਰੂ ਅਮਰਦਾਸ ਜੀ ਵੱਲੋਂ 'ਠੀਕ ਨਹੀਂ' ਕਹਿਣ ਤੇ ਭਾਈ ਰਾਮਾ ਜੀ ਨੇ ਗੁੱਸਾ ਕੀਤਾ ਲੇਕਿਨ ਭਾਈ ਜੇਠਾ ਜੀ ਨੇ ਸਤਬਚਨ ਕਹਿ ਕੇ ਹੁਕਮ ਮੰਨਿਆ ਅਤੇ ਦੁਬਾਰਾ ਫਿਰ ਥੜ੍ਹੇ ਉਸਾਰੇ ਗਏ। ਫਿਰ ਨੁਕਸ ਕੱਢ ਕੇ ਥੜ੍ਹੇ ਢੁਹਾ ਦਿੱਤੇ ਗਏ। ਭਾਈ ਰਾਮਾ ਜੀ ਦਾ ਤਿੰਨ ਵਾਰ ਥੜ੍ਹੇ ਉਸਾਰਨ ਉਪਰੰਤ ਸਿਦਕ ਡੋਲ ਗਿਆ ਤੇ ਕਹਿਣ ਲੱਗਾ, ਇਸ ਤੋਂ ਚੰਗੇ ਹੋਰ ਕਿਹੜੇ ਬਣ ਜਾਣਗੇ। ਗੁਰੂ ਸਾਹਿਬ ਨੇ ਭਾਈ ਜੇਠਾ ਨੂੰ ਜਦੋਂ ਥੜ੍ਹਾ ਢਾਹੁਣ ਦਾ ਹੁਕਮ ਕੀਤਾ ਤਾਂ ਪ੍ਰੇਮ ਵਿੱਚ ਭਿੱਜੇ ਭਾਈ ਜੇਠਾ ਜੀ ਨੇ ਨਿਮਰਤਾ ਨਾਲ ਥੜ੍ਹਾ ਢਾਹ ਦਿੱਤਾ। ਅਸਲ ਵਿੱਚ ਇਹ ਥੜ੍ਹੇ ਨਹੀਂ ਸਨ ਬਣਾਏ ਜਾ ਰਹੇ, ਇਹ ਤਖ਼ਤ (ਗੁਰਗੱਦੀ) ਤੇ ਬਿਠਾਉਣ ਦੀ ਪ੍ਰੀਖਿਆ ਹੋ ਰਹੀ ਸੀ। ਭਾਈ ਜੇਠਾ ਜੀ ਦੀ ਨਿਮਰਤਾ ਅਤੇ ਗੁਣਾਂ ਨੂੰ ਦੇਖ ਕੇ ਗੁਰੂ ਅਮਰਦਾਸ ਜੀ ਨੇ ਭਾਦੋਂ ਸੁਦੀ 13 ਸੰਮਤ 1531, 30 ਅਗਸਤ 1574 ਈ: ਦਿਨ ਸੋਮਵਾਰ ਨੂੰ ਸਾਰੀ ਸੰਗਤ ਤੇ ਆਪਣੇ ਸਾਰੇ ਪਰਿਵਾਰ ਦੇ ਸਾਹਮਣੇ ਆਪ ਨੂੰ ਗੁਰਿਆਈ ਦੀ ਜ਼ਿੰਮੇਵਾਰੀ ਸੌਂਪੀ। ਜੇਠਾ ਜੀ ਗੁਰੂ ਰਾਮਦਾਸ ਜੀ ਕਰਕੇ ਪ੍ਰਸਿੱਧ ਹੋਏ।

ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ॥
ਪੂਰੀ ਹੋਈ ਕਰਾਮਾਤਿ ਆਪ ਸਿਰਜਣਹਾਰੈ ਧਾਰਿਆ॥7॥1॥
(ਰਾਮਕਲੀ ਕੀ ਵਾਰ, 968)

ਗੁਰੂ ਰਾਮਦਾਸ ਜੀ ਨੇ ਸਮਰਾਟ ਅਕਬਰ ਵੱਲੋਂ ਬੀਬੀ ਭਾਨੀ ਜੀ ਨੂੰ ਭੇਟਾ ਕੀਤੀ ਜ਼ਮੀਨ ਉੱਤੇ ਇੱਕ ਨਵਾਂ ਚੱਕ 'ਸੰਤੋਖਸਰ' ਅਤੇ 'ਅੰਮ੍ਰਿਤਸਰ' ਦੀ ਖੁਦਾਈ ਦਾ ਕੰਮ ਸ਼ੁਰੂ ਕਰਾਇਆ ਅਤੇ ਇੱਥੇ ਹੀ ਰਹਿਣ ਲੱਗ ਪਏ। ਜਿਸ ਦਾ ਨਾਂ ਆਪ ਨੇ 'ਗੁਰੂ ਕਾ ਚੱਕ' ਰੱਖਿਆ। ਵੱਖ-ਵੱਖ ਕਿੱਤਿਆਂ ਵਾਲੇ ਬੰਦੇ (ਵਿਅਕਤੀ) ਇੱਥੇ ਵਸਾਏ। ਹਰ ਤਰ੍ਹਾਂ ਦਾ ਕਾਰ-ਵਿਹਾਰ ਇੱਥੇ ਹੋਣ ਲੱਗਾ। ਆਪ ਨੇ ਸੰਮਤ 1634, ਸੰਨ 1577 ਈ: ਵਿੱਚ ਦੁੱਖ-ਭੰਜਨੀ ਦੇ ਕੋਲ ਇੱਕ ਸਰੋਵਰ ਦੀ ਖੁਦਵਾਈ ਆਰੰਭੀ, ਸਰੋਵਰ 'ਚ ਜਲ ਭਰਵਾਇਆ। ਇਸ ਸਰੋਵਰ ਨੂੰ ਮਗਰੋਂ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਸੰਪੂਰਨ ਕੀਤਾ। ਗੁਰੂ ਜੀ ਨੇ ਆਪਣੇ ਨਿਵਾਸ ਲਈ ਮਕਾਨ ਵੀ ਬਣਾਇਆ, ਉਸ ਦਾ ਨਾਂ 'ਗੁਰੂ ਕੇ ਮਹਿਲ' ਰੱਖਿਆ। ਇਹ ਮਹਿਲ ਹੁਣ ਤੱਕ ਮੌਜੂਦ ਹਨ।

ਗੁਰੂ ਰਾਮਦਾਸ ਜੀ ਨੇ 22 ਮੰਜੀਆਂ ਤੋਂ ਇਲਾਵਾ ਮਸੰਦ ਸਿਸਟਮ ਕਾਇਮ ਕੀਤਾ। ਇਹ ਮਸੰਦ ਦੂਰ-ਦੂਰ ਤੋਂ ਗੁਰੂ ਨਾਨਕ ਗੱਦੀ ਲਈ ਰੁਪਇਆ ਇਕੱਠਾ ਕਰਕੇ ਗੁਰੂ ਜੀ ਪਾਸ ਲਿਆਉਂਦੇ। ਗੁਰੂ ਰਾਮਦਾਸ ਜੀ ਨੇ ਪੰਜਾਬ ਤੋਂ ਬਾਹਰ ਸਿੱਖ ਸੰਗਤਾਂ ਨਾਲ ਸੰਪਰਕ ਕਾਇਮ ਕਰਕੇ ਚੰਗੇ ਵਿਦਵਾਨ, ਪ੍ਰਚਾਰਕ ਬਾਹਰ ਭੇਜੇ।

ਸ਼੍ਰੀ ਗੁਰੂ ਨਾਨਕ ਦੇਵ ਜੀ ਨੇ 19 ਰਾਗਾਂ ਵਿੱਚ ਬਾਣੀ ਉਚਾਰੀ, ਗੁਰੂ ਅੰਗਦ ਦੇਵ ਤੇ ਗੁਰੂ ਅਮਰਦਾਸ ਜੀ ਨੇ ਕਿਸੇ ਨਵੇਂ ਰਾਗ ਦਾ ਪ੍ਰਯੋਗ ਨਹੀਂ ਕੀਤਾ। ਗੁਰੂ ਰਾਮਦਾਸ ਜੀ ਨੇ 11 ਹੋਰ ਨਵੇਂ ਰਾਗਾਂ ਦਾ ਵੀ ਪ੍ਰਯੋਗ ਕੀਤਾ। ਗੁਰੂ ਗ੍ਰੰਥ ਸਾਹਿਬ ਜੀ ਦੀ ਸਮੁੱਚੀ ਬਾਣੀ 31 ਰਾਗਾਂ ਵਿੱਚ ਹੈ। ਗੁਰੂ ਰਾਮਦਾਸ ਜੀ ਦੇ ਗੁਰੂ ਗ੍ਰੰਥ ਸਾਹਿਬ ਵਿੱਚ 30 ਰਾਗਾਂ 'ਚ 679 ਸ਼ਬਦ ਹਨ। ਇਹ ਸ਼ਬਦ ਰਾਗ ਦੇਵਗੰਧਾਰੀ, ਬਿਹਾਗੜਾ, ਜੈਤਸਰੀ, ਟੋਡੀ, ਬੈਰਾੜੀ, ਗੌਂਡ, ਨਟ ਨਰਾਇਣ, ਮਾਲੀ ਗਉੜਾ, ਕੇਦਾਰਾ, ਕਾਨੜਾ, ਕਲਿਆਣ ਰਾਗਾਂ ਵਿੱਚ ਹਨ। ਗੁਰੂ ਰਾਮਦਾਸ ਜੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸਭ ਤੋਂ ਵੱਧ ਅੱਠ ਵਾਰਾਂ ਵਿੱਚ ਕਈ ਸਲੋਕ ਉਪਦੇਸ਼ ਰੂਪ ਵਿੱਚ ਹਨ। ਆਸਾ ਕੀ ਵਾਰ ਵਿੱਚ ਸਾਰੇ ਛੰਤ ਗੁਰੂ ਰਾਮਦਾਸ ਜੀ ਦੇ ਹਨ। ਲਾਹੌਰ ਚੂਨਾ ਮੰਡੀ ਵਿੱਚ ਆਸਾ ਕੀ ਵਾਰ ਦੀ ਮਰਯਾਦਾ ਤੋਰੀ ਸੀ। ਸਿੱਖ ਜਗਤ ਵਿੱਚ ਪ੍ਰਚਲਿਤ ਚਾਰ ਲਾਵਾਂ ਸ਼੍ਰੀ ਗੁਰੂ ਰਾਮਦਾਸ ਜੀ ਨੇ ਉਚਾਰੀਆਂ ਹਨ। ਜੋ ਗੁਰਸਿੱਖਾਂ ਦੇ ਵਿਆਹ ਵਿੱਚ ਅਨੰਦ-ਕਾਰਜ ਸਮੇਂ ਪੜ੍ਹੀਆਂ ਜਾਂਦੀਆਂ ਹਨ। ਭੱਟਾਂ ਨੇ ਪੰਜ ਗੁਰੂ ਸਾਹਿਬਾਨ ਦੀ ਉਪਮਾ ਵਿੱਚ ਕੇਵਲ 123 ਸਵੱਈਏ ਉਚਾਰੇ ਹਨ। ਉਨ੍ਹਾਂ ਵਿੱਚੋਂ 60 ਤਾਂ ਨਿਰੋਲ ਗੁਰੂ ਰਾਮਦਾਸ ਜੀ ਦੀ ਉਪਮਾ ਵਿੱਚ ਹਨ।

ਗਰੀਨਲੀਜ਼ ਨੇ ਗੁਰੂ ਰਾਮਦਾਸ ਜੀ ਨੂੰ ਸੇਵਾ ਦਾ ਪੁੰਜ ਕਿਹਾ ਹੈ। ਸੇਠ ਜਗਤ ਰਾਮ ਨੇ ਗੁਰੂ ਜੀ ਨੂੰ ਕੈਂਠਾ ਦਿੱਤਾ ਆਪ ਨੇ ਲੋੜਵੰਦ ਨੂੰ ਉਸੇ ਵੇਲੇ ਦੇ ਦਿੱਤਾ। ਇੱਕ ਮਾਈ ਨੇ ਬੜੇ ਚਾਅ ਨਾਲ ਮੋਤੀਆਂ ਦੀ ਮਾਲਾ ਦਿੱਤੀ। ਆਪ ਨੇ ਇੱਕ ਮੁਹਤਾਜ ਨੂੰ ਫੜਾ ਦਿੱਤੀ। ਗੁਰੂ ਅਮਰਦਾਸ ਜੀ ਨੇ ਆਪ ਨੂੰ ਇੱਕ ਕੀਮਤੀ ਮਾਲਾ ਦਿੱਤੀ। ਆਪ ਨੇ ਰਾਹ ਵਿੱਚ ਬੈਠੇ ਮਲੰਗ ਨੂੰ ਦੇ ਦਿੱਤੀ। ਬਾਦਸ਼ਾਹ ਨੇ ਪਿੰਡਾਂ ਦੇ ਪਟੇ ਦਿੱਤੇ ਆਪ ਜੀ ਨੇ ਆਲੇ (ਖਾਨੇ) ਵਿੱਚ ਰੱਖ ਦਿੱਤੇ। ਅਕਬਰ ਨੇ ਮੋਹਰਾਂ ਭੇਟ ਕੀਤੀਆਂ ਆਪ ਨੇ ਉਸੇ ਵੇਲੇ ਵੰਡਵਾ ਦਿੱਤੀਆਂ। ਰਸਦਾਂ ਆਈਆਂ ਲੋਕਾਂ ਵਿੱਚ ਵਰਤਾ ਦਿੱਤੀਆਂ।

ਗੁਰੂ ਰਾਮਦਾਸ ਜੀ ਵੱਲੋਂ ਨਿਰਮਾਣ ਕੀਤੇ ਸਰੋਵਰ ਤੇ ਸ਼੍ਰੀ ਅੰਮ੍ਰਿਤਸਰ ਜੀ ਦੇ ਦਰਸ਼ਨ ਇਸ਼ਨਾਨ ਦੀ ਮਹਾਨਤਾ ਬਾਰੇ ਗੁਰਬਾਣੀ ਵਿੱਚ ਅੰਕਿਤ ਹੈ।

ਸੰਤਹੁ ਰਾਮਦਾਸ ਸਰੋਵਰੁ ਨੀਕਾ॥
ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ॥
(ਸੋਰਠਿ ਮਹਲਾ 5, ਅੰਗ 623)

ਰਾਮਦਾਸ ਸਰੋਵਰਿ ਨਾਤੇ॥ ਸਭਿ ਉਤਰੇ ਪਾਪ ਕਮਾਤੇ॥
ਨਿਰਮਲ ਹੋਇ ਕਰਿ ਇਸਨਾਨਾ॥ ਗੁਰਿ ਪੂਰੇ ਕੀਨੇ ਦਾਨਾ॥1॥1॥ 65॥
(ਸੋਰਠਿ ਮਹਲਾ 5, ਅੰਗ 625)

ਗੁਰੂ ਰਾਮਦਾਸ ਜੀ ਦੇ ਤਿੰਨ ਪੁੱਤਰ ਸਨ। ਸਭ ਤੋਂ ਵੱਡੇ ਪ੍ਰਿਥੀ ਚੰਦ ਕੰਮ-ਕਾਜ, ਆਮਦਨ-ਖ਼ਰਚ, ਆਏ-ਗਏ ਦੀ ਸੰਭਾਲ ਵਾਲਾ, ਚੁਸਤ ਸੀ। ਦੂਸਰਾ ਪੁੱਤਰ ਮਹਾਂਦੇਵ ਵੀ ਸਾਧੂ-ਸੁਭਾਅ ਦੇ ਸਨ ਕਿਸੇ ਕੰਮ ਵਿੱਚ ਰੁਚੀ ਨਹੀਂ ਰੱਖਦੇ ਸਨ। ਤੀਜੇ ਪੁੱਤਰ (ਗੁਰੂ) ਅਰਜਨ ਦੇਵ ਜੀ ਵਿੱਚ ਗੁਰਸਿੱਖ ਵਾਲੇ ਸਾਰੇ ਗੁਣ ਸਨ। ਗੁਰੂ ਰਾਮਦਾਸ ਜੀ ਨੇ ਬੜੀ ਸੋਚ ਵਿਚਾਰ ਤੇ ਪਰਖ ਮਗਰੋਂ ਗੁਰਤਾ-ਗੱਦੀ ਦੀ ਜ਼ੁੰਮੇਵਾਰੀ ਗੁਰੂ ਅਰਜਨ ਦੇਵ ਜੀ ਨੂੰ ਸੌਂਪਣ ਦਾ ਫੈਸਲਾ ਕੀਤਾ ਤਾਂ ਪ੍ਰਿਥੀ ਚੰਦ ਕ੍ਰੋਧ ਵਿੱਚ ਆ ਗਿਆ। ਉਹ ਬੜਾ ਨਾਰਾਜ਼ ਹੋਇਆ, ਗੁਰੂ ਜੀ ਨਾਲ ਲੜਿਆ। ਗੁਰੂ ਜੀ ਨੇ ਉਸ ਨੂੰ ਸਮਝਾਇਆ ਪਰ ਉਸ ਉੱਪਰ ਕੋਈ ਅਸਰ ਨਾ ਹੋਇਆ। ਗੁਰੂ ਰਾਮਦਾਸ ਜੀ ਸੱਚ-ਖੰਡ ਦਾ ਸਮਾਂ ਨੇੜੇ ਆਇਆ ਜਾਣ ਕੇ ਪਰਿਵਾਰ ਸਮੇਤ ਗੋਇੰਦਵਾਲ ਚਲੇ ਗਏ। ਭਾਦੋਂ ਸੁਦੀ 3, 2 ਅੱਸੂ ਸੰਮਤ 1538 ਬਿਕਰਮੀ ਮੁਤਾਬਿਕ 1 ਸਤੰਬਰ 1581 ਈ: ਨੂੰ ਗੁਰੂ ਅਰਜਨ ਦੇਵ ਜੀ ਨੂੰ ਗੁਰਿਆਈ ਦੀ ਰਸਮ ਅਦਾ ਕਰਕੇ 47 ਸਾਲ (ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ 46 ਸਾਲ 11 ਮਹੀਨੇ 7 ਦਿਨ) ਉਮਰ ਭੋਗ ਕੇ ਜੋਤੀ-ਜੋਤਿ ਸਮਾ ਗਏ।

ਸ਼੍ਰੀ ਗੁਰੂ ਰਾਮਦਾਸ ਜੀ ਦਾ 492ਵਾਂ ਪ੍ਰਕਾਸ਼ ਗੁਰਪੁਰਬ 24 ਸਤੰਬਰ ਦਿਨ ਵੀਰਵਾਰ ਨੂੰ ਸ਼੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਅਤੇ ਦੇਸ਼-ਵਿਦੇਸ਼ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਅਖੰਡ-ਪਾਠਾਂ ਦੇ ਭੋਗ ਪਾਏ ਜਾਣਗੇ, ਉਪਰੰਤ ਵਿਸ਼ੇਸ਼ ਦੀਵਾਨ ਸਜਣਗੇ ਜਿਨ੍ਹਾਂ ਵਿੱਚ ਰਾਗੀ, ਢਾਡੀ, ਪ੍ਰਚਾਰਕ, ਕਵੀ ਅੰਮ੍ਰਿਤਮਈ ਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ. , # 1138/63-ਏ, ਗੁਰੂ ਤੇਗ. ਬਹਾਦਰ ਨਗਰ, ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰਕੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਐਸਐਫਜੇ ਦੀ ਸੰਯੁਕਤ ਰਾਸ਼ਟਰ ਦੇ ਦਰ 'ਤੇ ਦਸਤਕ, ਪੰਜਾਬ ਨੂੰ 'ਕਬਜ਼ੇ ਹੇਠਲਾ ਖੇਤਰ' ਦੱਸ ਕੇ ਸਵੈ-ਨਿਰਣੇ ਦੇ ਹੱਕ ਦੀ ਮੰਗ

# 'ਆਜ਼ਾਦੀ ਤੋਂ ਬਿਨਾਂ ਸ਼ਾਂਤੀ ਨਹੀਂ': ਪੰਨੂ



ਨਵੀਂ ਦਿੱਲੀ 23 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖਸ ਫਾਰ ਜਸਟਿਸ ਵੱਲੋਂ 22 ਸਤੰਬਰ 2026 ਨੂੰ ਸੰਯੁਕਤ ਰਾਸ਼ਟਰ ਮਹਾਸਭਾ ਦੇ ਪ੍ਰਧਾਨ, ਮੈਂਬਰ ਦੇਸ਼ਾਂ ਅਤੇ ਸਕੱਤਰ-ਜਨਰਲ ਨੂੰ ਇੱਕ ਵਿਸਥਾਰਤ ਕਾਨੂੰਨੀ ਮੰਗ ਪੱਤਰ ਸੌਂਪਿਆ ਗਿਆ ਹੈ। ਜਥੇਬੰਦੀ ਨੇ ਸੰਯੁਕਤ ਰਾਸ਼ਟਰ ਤੋਂ ਪੰਜਾਬ ਨੂੰ ਭਾਰਤ ਦੇ ਕਬਜ਼ੇ ਹੇਠਲਾ ਖੇਤਰ ਮੰਨਣ, ਸਿੱਖ ਕੌਮ ਦੀ ਵੱਖਰੀ ਸਵਦੇਸ਼ੀ ਸਥਿਤੀ ਨੂੰ ਸਵੀਕਾਰ ਕਰਨ ਅਤੇ ਸਵੈ-ਨਿਰਣੇ ਦੇ ਅਧਿਕਾਰ ਦੀ ਪੁਸ਼ਟੀ ਕਰਨ ਦੀ ਮੰਗ ਕੀਤੀ ਹੈ। ਮੰਗ ਪੱਤਰ ਵਿੱਚ ਜਥੇਬੰਦੀ ਨੇ ਪੰਜਾਬ ਨਾਲ ਸਬੰਧਤ ਇਤਿਹਾਸਕ ਘਟਨਾਵਾਂ, ਕਥਿਤ ਰਾਜਕੀ ਦਮਨ, ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਅਤੇ ਵਿਦੇਸ਼ਾਂ ਵਿੱਚ ਸਿੱਖ ਕਾਰਕੁਨਾਂ ਨਾਲ ਵਾਪਰੀਆਂ ਘਟਨਾਵਾਂ ਨੂੰ ਆਪਣੀਆਂ ਦਲੀਲਾਂ ਦਾ ਆਧਾਰ ਬਣਾਇਆ ਹੈ। ਇਹ ਦਾਅਵੇ ਅਤੇ ਕਾਨੂੰਨੀ ਵਿਆਖਿਆਵਾਂ ਸਿੱਖਸ ਫਾਰ ਜਸਟਿਸ ਵੱਲੋਂ ਪੇਸ਼ ਕੀਤੀਆਂ ਗਈਆਂ ਹਨ। ਜਥੇਬੰਦੀ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਸਿੱਖਾਂ ਦੀ ਪਛਾਣ, ਸੱਭਿਆਚਾਰ, ਪੁਰਖਿਆਂ ਦੀ ਧਰਤੀ ਅਤੇ ਰਾਜਨੀਤਿਕ ਭਵਿੱਖ ਦਾ ਸਵਾਲ ਅੰਤਰਰਾਸ਼ਟਰੀ ਮੰਚ 'ਤੇ ਰੱਖਿਆ ਗਿਆ ਹੈ। ਸਿੱਖਸ ਫਾਰ ਜਸਟਿਸ ਨੇ ਅੰਤਰਰਾਸ਼ਟਰੀ ਨਾਗਰਿਕ ਅਤੇ ਰਾਜਨੀਤਿਕ ਅਧਿਕਾਰਾਂ ਦੇ ਇਕਰਾਰਨਾਮੇ ਦੀ ਧਾਰਾ 1 ਅਤੇ ਆਦਿਵਾਸੀ ਲੋਕਾਂ ਦੇ ਅਧਿਕਾਰਾਂ ਬਾਰੇ ਸੰਯੁਕਤ ਰਾਸ਼ਟਰ ਘੋਸ਼ਣਾ ਦੀਆਂ ਧਾਰਾਵਾਂ 3, 7 ਅਤੇ 8 ਦਾ ਹਵਾਲਾ ਦਿੰਦਿਆਂ ਸਵੈ-ਨਿਰਣੇ ਦੇ ਹੱਕ ਨੂੰ ਆਪਣੀ ਕਾਨੂੰਨੀ ਦਲੀਲ ਦਾ ਕੇਂਦਰ ਬਣਾਇਆ ਹੈ। ਜਥੇਬੰਦੀ ਦਾ ਦਾਅਵਾ ਹੈ ਕਿ ਅੰਦਰੂਨੀ ਰਾਜਨੀਤਿਕ ਰਸਤੇ ਪ੍ਰਭਾਵਸ਼ਾਲੀ ਨਾ ਰਹਿਣ ਕਾਰਨ ਖਾਲਿਸਤਾਨ ਦੀ ਮੰਗ ਨੂੰ ਸਵੈ-ਨਿਰਣੇ ਦੇ ਅਧਿਕਾਰ ਨਾਲ ਜੋੜਿਆ ਗਿਆ ਹੈ ਅਤੇ ਜਨਮਤ ਸੰਗ੍ਰਹਿ ਨੂੰ ਇਸ ਹੱਕ ਦੀ ਸ਼ਾਂਤਮਈ ਲੋਕਤੰਤਰੀ ਵਰਤੋਂ ਵਜੋਂ ਪੇਸ਼ ਕੀਤਾ ਗਿਆ ਹੈ। ਮੰਗ ਪੱਤਰ ਵਿੱਚ ਜੂਨ 2023 ਵਿੱਚ ਹਰਦੀਪ ਸਿੰਘ ਨਿੱਝਰ ਦੀ ਹੱਤਿਆ, ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪੰਨੂ ਵਿਰੁੱਧ ਕਥਿਤ ਸਾਜ਼ਿਸ਼ ਅਤੇ ਕੈਨੇਡਾ ਤੇ ਬਰਤਾਨੀਆ ਵਿੱਚ ਜਨਮਤ ਸੰਗ੍ਰਹਿ ਨਾਲ ਜੁੜੇ ਵਿਅਕਤੀਆਂ ਨੂੰ ਮਿਲੀਆਂ ਕਥਿਤ ਸੁਰੱਖਿਆ ਚੇਤਾਵਨੀਆਂ ਦਾ ਵੀ ਹਵਾਲਾ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਪੰਜਾਬ ਵਿੱਚ ਨਸ਼ਿਆਂ, ਕਿਸਾਨ ਖੁਦਕੁਸ਼ੀਆਂ ਅਤੇ ਜਨਸੰਖਿਆ ਸੰਬੰਧੀ ਤਬਦੀਲੀਆਂ ਬਾਰੇ ਵੀ ਕਈ ਦਾਅਵੇ ਦਰਜ ਕੀਤੇ ਗਏ ਹਨ। ਜਥੇਬੰਦੀ ਨੇ ਇਨ੍ਹਾਂ ਮੌਜੂਦਾ ਦਾਅਵਿਆਂ ਨੂੰ 1984 ਵਿੱਚ ਹਰਿਮੰਦਰ ਸਾਹਿਬ 'ਤੇ ਫੌਜੀ ਕਾਰਵਾਈ ਅਤੇ ਨਵੰਬਰ 1984 ਦੀ ਸਿੱਖ ਵਿਰੋਧੀ ਹਿੰਸਾ ਸਮੇਤ ਇਤਿਹਾਸਕ ਘਟਨਾਵਾਂ ਨਾਲ ਜੋੜਿਆ ਹੈ। ਸਿੱਖਸ ਫਾਰ ਜਸਟਿਸ ਨੇ ਆਪਣੀ ਕਾਨੂੰਨੀ ਦਲੀਲ ਵਿੱਚ ਅੰਤਰਰਾਸ਼ਟਰੀ ਅਦਾਲਤ ਦੀ 2019 ਦੀ ਚਾਗੋਸ ਸਲਾਹਕਾਰੀ ਰਾਏ ਦਾ ਵੀ ਹਵਾਲਾ ਦਿੱਤਾ ਹੈ। ਜਥੇਬੰਦੀ ਦਾ ਤਰਕ ਹੈ ਕਿ ਸਵੈ-ਨਿਰਣੇ ਦੇ ਅਧਿਕਾਰ ਦੇ ਆਧਾਰ 'ਤੇ ਸੰਯੁਕਤ ਰਾਸ਼ਟਰ ਨੂੰ ਪੰਜਾਬ ਦੀ ਸਥਿਤੀ ਬਾਰੇ ਵਿਚਾਰ ਕਰਨਾ ਚਾਹੀਦਾ ਹੈ। ਹਾਲਾਂਕਿ ਚਾਗੋਸ ਮਾਮਲਾ ਆਪਣੇ ਵਿਸ਼ੇਸ਼ ਇਤਿਹਾਸਕ ਅਤੇ ਕਾਨੂੰਨੀ ਤੱਥਾਂ ਨਾਲ ਸਬੰਧਤ ਸੀ, ਇਸ ਲਈ ਉਸ ਰਾਏ ਨੂੰ ਪੰਜਾਬ 'ਤੇ ਸਿੱਧੇ ਤੌਰ 'ਤੇ ਲਾਗੂ ਹੋਇਆ ਕਾਨੂੰਨੀ ਫ਼ੈਸਲਾ ਨਹੀਂ ਕਿਹਾ ਜਾ ਸਕਦਾ। ਅੰਤ ਵਿੱਚ ਜਥੇਬੰਦੀ ਨੇ ਸੰਯੁਕਤ ਰਾਸ਼ਟਰ ਮਹਾਸਭਾ ਤੋਂ ਪੰਜਾਬ ਨੂੰ ਰਸਮੀ ਤੌਰ 'ਤੇ ਭਾਰਤ ਦੇ ਕਬਜ਼ੇ ਹੇਠਲਾ ਖੇਤਰ ਮੰਨਣ, ਸਿੱਖ ਕੌਮ ਦੀ ਵੱਖਰੀ ਸਵਦੇਸ਼ੀ ਸਥਿਤੀ ਨੂੰ ਸਵੀਕਾਰ ਕਰਨ ਅਤੇ ਖਾਲਿਸਤਾਨ ਸਬੰਧੀ ਜਨਮਤ ਸੰਗ੍ਰਹਿ ਨਾਲ ਜੁੜੀ ਕਥਿਤ ਦਮਨਕਾਰੀ ਕਾਰਵਾਈ ਦੀ ਨਿੰਦਾ ਕਰਨ ਦੀ ਮੰਗ ਕੀਤੀ ਹੈ। ਇਸ ਪਟੀਸ਼ਨ ਦਾ ਕੇਂਦਰੀ ਸੁਨੇਹਾ ਇਹ ਹੈ ਕਿ ਸਿੱਖਸ ਫਾਰ ਜਸਟਿਸ ਆਪਣੇ ਅਨੁਸਾਰ ਖਾਲਿਸਤਾਨ ਦੀ ਮੰਗ ਨੂੰ ਸਵੈ-ਨਿਰਣੇ ਅਤੇ ਰਾਜਨੀਤਿਕ ਭਵਿੱਖ ਤੈਅ ਕਰਨ ਦੇ ਹੱਕ ਨਾਲ ਜੋੜ ਕੇ ਹੁਣ ਇਹ ਮੁੱਦਾ ਸੰਯੁਕਤ ਰਾਸ਼ਟਰ ਦੇ ਅੰਤਰਰਾਸ਼ਟਰੀ ਮੰਚ 'ਤੇ ਲੈ ਕੇ ਗਿਆ ਹੈ।

# ਸੀਨੀਅਰ ਸਿਟੀਜਨ ਫੋਰਮ ਦੀ ਮੀਟਿੰਗ ਵਿਚ ਜੀਵਨਸ਼ੈਲੀ ਤੇ ਹੋਈਆਂ ਵਿਚਾਰਾਂ



ਫ਼ਿਰੋਜ਼ਪੁਰ, 23 ਸਤੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਅੱਜ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਪਰਦੀਪ ਧਵਨ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਬ੍ਰਹਮ ਕੁਮਾਰੀ ਸੰਸਥਾ ਮਾਊਂਟ ਅਤੇ ਫ਼ਿਰੋਜ਼ਪੁਰ ਬ੍ਰਾਂਚ ਦੇ ਧਾਰਮਿਕ ਆਗੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਸਮੇਂ ਬ੍ਰਹਮ ਕੁਮਾਰੀ ਸੰਸਥਾ ਦੇ ਸ਼੍ਰੀ ਹਰੀਸ਼ ਭਾਅਜੀ, ਭੈਣ ਸ਼ੇਜਲੀ, ਭੈਣ ਅਦਿਲੀ ਅਤੇ ਭੈਣ ਸੁਰਮਿਸ਼ਠਾ ਨੇ ਧਾਰਮਿਕ ਪ੍ਰਵਚਨਾਂ ਰਾਹੀਂ ਜੀਵਨ ਨੂੰ ਸਾਰਥਿਕ ਬਣਾਉਣ, ਮਨ ਨੂੰ ਕਾਬੂ ਕਰਨ, ਇਕਾਗਰਤਾ ਬਣਾਉਣ, ਮਨ ਨੂੰ ਸ਼ਾਂਤ ਕਰਨ, ਹਮੇਸ਼ਾ ਖੁਸ਼ ਰਹਿਣ ਅਤੇ ਅਪਣੇ ਗੁੱਸੇ ਨੂੰ ਕਾਬੂ ਕਰਨ ਅਤੇ ਜੀਵਨ ਦੇ ਮਨੋਰਥ ਨੂੰ ਸਮਝਣ ਤੇ ਜ਼ੋਰ ਦਿੱਤਾ। ਉਨ੍ਹਾਂ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਮੈਂਬਰ ਸਾਹਿਬਾਨ ਨੂੰ ਧਾਰਮਿਕ ਕੇਂਦਰ ਮਾਊਂਟ ਆਬੂ ਵਿਖੇ ਆਉਣ ਦਾ ਵੀ ਸੱਦਾ ਦਿੱਤਾ, ਜਿਸ ਨੂੰ ਫ਼ੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਅਤੇ ਹਾਜਰ ਮੈਂਬਰ ਸਾਹਿਬਾਨ ਨੇ ਤਾੜੀਆਂ ਨਾਲ ਪਰਵਾਨ ਕੀਤਾ। ਇਸ ਸਮੇਂ ਸੀਨੀਅਰ ਸਿਟੀਜਨ ਫੋਰਮ ਦੇ ਮੈਂਬਰ ਆਸ਼ੋਕ ਕੱਕਰ, ਅਵਤਾਰ ਸਿੰਘ ਭੋਲਾ, ਡਾਕਟਰ ਸੁਰਿੰਦਰ ਸਿੰਘ, ਹਰੀਸ਼ ਮੋਂਗਾ, ਸਤੀਸ਼ ਪੂਰੀ, ਗਤਿੰਦਰ ਕੁਮਾਰ ਕਮਲ, ਅਸ਼ੋਕ ਕੁਮਾਰ ਗਰਗ, ਦੇਸ਼ ਬੰਧੂ ਤੁਲੀ ਪੈਟਰਨ, ਐਸ.ਐਸ ਖੇੜਾ ਚੇਅਰਮੈਨ, ਰੀਪਨ ਧਵਨ, ਰਾਕੇਸ਼ ਸ਼ਰਮਾ, ਸੁਰਿੰਦਰ ਸਿੰਘ ਬਲਾਸੀ, ਯੋਗਿੰਦਰ ਨਾਥ ਯੋਗੀ ਆਦਿ ਨੇ ਫ਼ੋਰਮ ਵੱਲੋਂ ਧਾਰਮਿਕ ਆਗੂਆਂ ਦਾ ਬੜੀ ਸ਼ਰਧਾ ਭਾਵਨਾ ਨਾਲ ਸਨਮਾਨ ਕੀਤਾ। ਇਸ ਮੌਕੇ ਫੋਰਮ ਦੇ ਮਹੀਨਾ ਅਗਸਤ ਅਤੇ ਸਤੰਬਰ ਦੇ ਜਨਮ ਦਿਵਸ ਵਾਲੇ ਮੈਂਬਰ ਸਾਹਿਬਾਨ ਨੂੰ ਗਿਫਟਾਂ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਸ਼੍ਰੀ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਨਿਭਾਈ। ਅੰਤ ਵਿੱਚ ਪ੍ਰਧਾਨ ਸ਼੍ਰੀ ਪਰਦੀਪ ਧਵਨ ਨੇ ਸਾਰੇ ਮੈਂਬਰ ਸਾਹਿਬਾਨ, ਮੀਟਿੰਗ ਦਾ ਸੁਚੱਜਾ ਪ੍ਰਬੰਧ ਕਰਨ ਵਾਲੇ ਮੈਂਬਰ ਸਾਹਿਬਾਨ ਅਤੇ ਖ਼ਾਸ ਤੌਰ ਤੇ ਬ੍ਰਹਮ ਕੁਮਾਰੀ ਸੰਸਥਾ ਮਾਊਂਟ ਆਬੂ ਅਤੇ ਫ਼ਿਰੋਜਪੁਰ ਬ੍ਰਾਂਚ ਦੇ ਧਾਰਮਿਕ ਆਗੂਆਂ ਦਾ ਧੰਨਵਾਦ ਕੀਤਾ।

### ਹਲਕਾ ਗੁਰੂਹਰਸਹਾਏ ਵਿਖੇ ਰਾਣਾ ਰਾਏ ਦੇ ਮੁੱਖ ਦ.ਫਤਰ ਦਾ ਕੀਤਾ ਉਦਘਾਟਨ

# ਲਖਵਿੰਦਰ ਸਿੰਘ ਮੋਮੀ ਪੰਜਾਬ ਭਾਜਪਾ ਕਿਸਾਨ ਮੋਰਚਾ ਆਗੂਆਂ ਨੇ ਭਰੀ ਹਾਜ਼ਰੀ



ਫ਼ਿਰੋਜ਼ਪੁਰ, 23 ਸਤੰਬਰ (ਮਨੋਹਰ ਲਾਲ) :— ਅੱਜ ਹਲਕਾ ਗੁਰੂਹਰਸਹਾਏ ਵਿਖੇ ਰਾਣਾ ਰਾਏ ਦੇ ਨਵੇਂ ਮੁੱਖ ਦਫ਼ਤਰ ਦੇ ਉਦਘਾਟਨ ਸਮਾਰੋਹ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਵੱਡੀ ਗਿਣਤੀ ਪਾਰਟੀ ਵਰਕਰਾਂ ਅਤੇ ਸਥਾਨਕ ਲੋਕਾਂ ਨੇ ਸ਼ਿਰਕਤ ਕੀਤੀ। ਇਸ ਖ਼ਾਸ ਮੌਕੇ ਤੇ ਪੰਜਾਬ ਭਾਜਪਾ ਕਿਸਾਨ ਮੋਰਚਾ ਦੇ ਪ੍ਰਧਾਨ ਲਖਵਿੰਦਰ ਸਿੰਘ ਮੋਮੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਰੋਹ ਦੌਰਾਨ ਰਾਣਾ ਰਾਏ ਵੱਲੋਂ ਮੁੱਖ ਮਹਿਮਾਨ ਲਖਵਿੰਦਰ ਸਿੰਘ ਮੋਮੀ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਦਫ਼ਤਰ ਦੇ ਉਦਘਾਟਨ ਤੋਂ ਬਾਅਦ ਆਯੋਜਿਤ ਬੈਠਕ ਦੌਰਾਨ ਪਾਰਟੀ ਆਗੂਆਂ, ਵਰਕਰਾਂ ਅਤੇ ਸਾਥੀਆਂ ਨਾਲ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਗੰਭੀਰ ਵਿਚਾਰ—ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਘਰ—ਘਰ ਤੱਕ ਪਹੁੰਚਾਉਣ ਦਾ ਪ੍ਰਣ ਲਿਆ। ਇਸ ਸਮਾਰੋਹ ਵਿੱਚ ਵੱਖ—ਵੱਖ ਪਿੰਡਾਂ ਤੋਂ ਆਏ ਅਹੁਦੇਦਾਰ, ਸਾਥੀ ਅਤੇ ਭਾਜਪਾ ਵਰਕਰ ਵੱਡੀ ਗਿਣਤੀ ਵਿੱਚ ਪਹੁੰਚੇ। ਵਰਕਰਾਂ ਦੇ ਭਾਰੀ ਉਤਸ਼ਾਹ ਨੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ। ਇਸ ਮੌਕੇ ਪਾਰਟੀ ਨੂੰ ਹਲਕੇ ਵਿੱਚ ਨਵੀਂ ਊਰਜਾ ਨਾਲ ਅੱਗੇ ਲੈ ਕੇ ਜਾਣ ਦਾ ਸੰਕਲਪ ਲਿਆ ਗਿਆ।

# ਪੁਲਿਸ ਅਤੇ ਗੈਂਗਸਟਰ ਦਰਮਿਆਨ ਹੋਏ ਮੁਕਾਬਲੇ 'ਚ ਗੈਂਗਸਟਰ ਗੋਲੀ ਲੱਗਣ ਨਾਲ ਜ਼ਖਮੀ



**ਚੌਕ ਮਹਿਤਾ,23 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਦਿਹਾਤੀ ਦੇ ਥਾਣਾ ਮੱਤੇਵਾਲ ਦੇ ਐਸਐਚਓ. ਸਬ ਇੰਸਪੈਕਟਰ ਦਲਜੀਤ ਸਿੰਘ ਦੀ ਅਗਵਾਈ ਵਿਚ ਅੱਜ ਪਿੰਡ ਮੱਤੇਵਾਲ ਦੇ ਨਜ਼ਦੀਕ ਸੂਏ ਦੇ ਕੰਢੇ ਉੱਪਰ ਪੁਲਿਸ ਅਤੇ ਇਕ ਗੈਂਗਸਟਰ ਦਰਮਿਆਨ ਹੋਏ ਇਕ ਪੁਲਿਸ ਮੁਕਾਬਲੇ ਵਿਚ ਦੋਸ਼ੀ ਨੂੰ ਪੁਲਿਸ ਵਲੋਂ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ। ਗੈਂਗਸਟਰ ਵਲੋਂ ਪੁਲਿਸ ਉਪਰ ਲਗਭਗ ਚਾਰ ਪੰਜ ਰਾਊਂਡ ਫਾਇਰ ਕੀਤੇ, ਜਿਸ 'ਤੇ ਜਵਾਬੀ ਕਾਰਵਾਈ ਕਰਦਿਆਂ ਪੁਲਿਸ ਵਲੋਂ ਕੀਤੇ ਫਾਇਰ ਵਿਚ ਇਸ ਗੈਂਗਸਟਰ ਦੀ ਲੱਤ ਵਿਚ ਗੋਲੀ ਲੱਗਣ ਨਾਲ ਉਹ ਜ਼ਖ਼ਮੀ ਹੋ ਗਿਆ, ਜਿਸ ਨੂੰ ਪੁਲਿਸ ਵਲੋਂ ਮੌਕੇ 'ਤੇ ਗ੍ਰਿਫਤਾਰ ਕਰ ਲਿਆ ਗਿਆ। ਇਸ ਗੈਂਗਸਟਰ ਦੀ ਪਛਾਣ ਹਰਮਨ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਬੋਪਾਰਾਏ, ਜੋ ਕਿ ਪਿੰਡ ਬੋਪਰਾਏ ਵਿਚ ਇਕ ਵਿਅਕਤੀ ਉੱਪਰ ਗੋਲੀ ਚਲਾਉਣ ਅਤੇ ਹੋਰਨਾਂ ਵੱਖ ਵੱਖ ਮਾਮਲਿਆਂ ਵਿਚ ਪੁਲਿਸ ਨੂੰ ਲੋੜੀਂਦਾ ਸੀ। ਜਾਂਚ ਦੌਰਾਨ ਪਤਾ ਚੱਲਿਆ ਕਿ ਗੁਰਦਾਸਪੁਰ ਵਿਖੇ ਹੋਏ ਗ੍ਰਨੇਡ ਹਮਲੇ ਵਿਚ ਵੀ ਦੋਸ਼ੀ ਲੋੜੀਂਦਾ ਸੀ। ਘਟਨਾ ਵਾਲੀ ਥਾਂ 'ਤੇ ਪਹੁੰਚੇ ਕੰਵਲਪ੍ਰੀਤ ਸਿੰਘ ਚਾਹਲ ਐਸਐਸਪੀ. ਅੰਮ੍ਰਿਤਸਰ ਦਿਹਾਤੀ, ਰਮਨਦੀਪ ਸਿੰਘ ਐੱਸਪੀਡੀ., ਗੁਰਿੰਦਰਪਾਲ ਸਿੰਘ ਨਾਗਰਾ ਡੀਐਸਪੀਡੀ, ਸੀਆਈਏ ਸਟਾਫ਼ ਇੰਚਾਰਜ ਅਜੇਪਾਲ ਸਿੰਘ, ਦਲਜੀਤ ਸਿੰਘ ਐਸਐਚਓ ਮੱਤੇਵਾਲ, ਫ਼ੋਰੈਂਸਿਕ ਟੀਮ ਵਲੋਂ ਮੌਕੇ 'ਤੇ ਆ ਕੇ ਘਟਨਾ ਦਾ ਜਾਇਜ਼ਾ ਲਿਆ ਅਤੇ ਦੋਸ਼ੀ ਨੂੰ ਇਲਾਜ ਲਈ ਹਸਪਤਾਲ ਭੇਜ ਦਿੱਤਾ ਗਿਆ ਹੈ।

# ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਵੱਲੋਂ ਫਤਿਹਗੜ੍ਹ ਸ਼ੁਕਰਚੱਕ ਵਿਖੇ ਅਮ੍ਰਿਤਸਰ ਹਰਿਆਵਲ ਮੰਚ ਨਾਲ਼ ਮਿਲਕੇ ਲਗਾਏ ਬੂਟੇ - ਇੰਜ ਦਲਜੀਤ ਸਿੰਘ ਕੋਹਲੀ



**ਚੌਕ ਮਹਿਤਾ, 23 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਵੱਲੋਂ ਅੰਮ੍ਰਿਤਸਰ ਹਰਿਆਵਲ ਮੰਚ ਦੇ ਸਹਿਯੋਗ ਨਾਲ ਪਿੰਡ ਫਤਿਹਗੜ੍ਹ ਸ਼ੁਕਰਚੱਕ ਦੇ ਸਪੋਰਟਸ ਸਟੇਡੀਅਮ ਵਿਖੇ ਦੂਜੀ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਗਈ। ਇਸ ਮੌਕੇ ਵੱਖ-ਵੱਖ 30 ਕਿਸਮਾਂ ਦੇ ਬੂਟੇ ਹੱਥੀਂ ਲਗਾਏ ਗਏ ਇਸ ਮੌਕੇ ਪਿੰਡ ਦੇ ਸਰਪੰਚ ਸ. ਕੇਵਲ ਸਿੰਘ ਸਿੱਧੂ, ਅੰਮ੍ਰਿਤਸਰ ਹਰਿਆਵਲ ਮੰਚ ਤੋਂ ਇੰਜ. ਦਲਜੀਤ ਸਿੰਘ ਕੋਹਲੀ, ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਐਸ.ਐਸ. ਛੀਨਾ, ਕਲੱਬ ਪ੍ਰਧਾਨ ਰੋਟੇਰੀਅਨ ਹਰਪ੍ਰੀਤ ਸਿੰਘ ਅਤੇ ਸਕੱਤਰ ਰੋਟੇਰੀਅਨ ਪਰਵੀਨ ਮਹਾਜਨ ਹਾਜ਼ਰ ਸਨ। ਇੰਜ ਦਲਜੀਤ ਸਿੰਘ ਕੋਹਲੀ, ਪ੍ਰਧਾਨ, ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਹੋਰ 500 ਬੂਟੇ ਮੁਹੱਈਆ ਕਰਵਾਉਣ ਦੀ ਪੇਸ਼ਕਸ਼ ਕੀਤੀ ਗਈ ਹੈ, ਜੋ ਢੁਕਵੇਂ ਟੋਏ ਤਿਆਰ ਹੋਣ ਉਪਰੰਤ ਲਗਾਏ ਜਾਣਗੇ। ਰੋਟੇਰੀਅਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਬੂਟਿਆਂ ਦੀ ਸੰਭਾਲ ਅਤੇ ਸੁਰੱਖਿਆ ਲਈ ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਅਤੇ ਹਰਿਆਵਲ ਮੰਚ ਵੱਲੋਂ ਨਵੇਂ ਲਗਾਏ ਸੈਪਲਿੰਗਜ ਦੀ ਸੰਭਾਲ ਲਈ ਬਾਂਸ ਦੀਆਂ ਟੇਕਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਮੰਚ ਦੇ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਲਈ ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ।




ਜਨਮ ਦਿਨ ਮੁਬਾਰਕ
ਗੁਰਬਿੰਦਰ ਸਿੰਘ
ਵਾਸੀ
ਅੰਮ੍ਰਿਤਸਰ
ਆਵਾਜ਼ਿ ਕੌਮ AWAZE QAUM International Newspaper & WEB TV

**23 ਸਤੰਬਰ ਬਰਸੀ 'ਤੇ ਵਿਸ਼ੇਸ਼**

# ਸਿਰਮੌਰ ਢਾਡੀ, ਪ੍ਰਚਾਰਕ ਤੇ ਸਫ਼ਲ ਲੇਖਕ ਗਿਆਨੀ ਸੋਹਣ ਸਿੰਘ ਸੀਤਲ ਨੂੰ ਯਾਦ ਕਰਦਿਆਂ


ਗਿਆਨੀ ਸੋਹਣ ਸਿੰਘ ਸੀਤਲ

**ਗੁਰੂ ਸਾਹਿਬਾਨ** ਦੇ ਸਮੇਂ ਤੋਂ ਲੈ ਕੇ ਵਰਤਮਾਨ ਸਮੇਂ ਤੱਕ ਗੁਰੂ-ਘਰਾਂ ਵਿੱਚ ਅਨੇਕਾਂ ਸਮਰਪਿਤ ਢਾਡੀਆਂ ਨੇ ਲਾਸਾਨੀ ਗੁਰ-ਇਤਿਹਾਸ ਅਤੇ ਸਿੱਖ ਇਤਿਹਾਸ ਨੂੰ ਵਾਰਾਂ ਦੇ ਰੂਪ ਵਿੱਚ ਲਿਖਿਆ ਤੇ ਗਾਇਆ, ਇਨ੍ਹਾਂ ਇਤਿਹਾਸਕ ਕਿਰਤਾਂ ਨੂੰ ਵਾਚਿਆ, ਸਰਵਣ ਕੀਤਾ ਅਤੇ ਮਾਣ-ਵੱਡਿਆਈ ਵੀ ਰੱਜ ਕੇ ਕੀਤੀ ਹੈ । ਪਰ ਅਜੋਕੇ ਸਮੇਂ ਵੀਹਵੀਂ ਸਦੀ ਵਿੱਚ ਪ੍ਰਵਾਨ ਚੜ੍ਹੇ ਪ੍ਰਤਿਭਾਵਾਨ ਢਾਡੀ ਗਿਆਨੀ ਸੋਹਣ ਸਿੰਘ ਸੀਤਲ ਨੇ ਅਕਾਲ ਪੁਰਖ ਵਾਹਿਗੁਰੂ ਵੱਲੋਂ ਬਖ਼ਸ਼ੀ ਗੁਰੂ ਕ੍ਰਿਪਾ ਦੀ ਨਦਰ ਨਾਲ ਗੁਰ-ਇਤਿਹਾਸ ਅਤੇ ਸਿੱਖ ਇਤਿਹਾਸ ਦਾ ਡੂੰਘਾ ਅਧਿਐਨ ਕਰਕੇ ਵਿਸਮਾਦੀ ਕਾਵਿ-ਇਤਿਹਾਸ ਦੀ ਪੁਨਰ ਸਿਰਜਣਾ ਕਰਕੇ ਜਿਹੜਾ ਮਾਣ ਪ੍ਰਾਪਤ ਕੀਤਾ, ਉਹ ਵਿਰਲੇ ਗੁਰਸਿੱਖ ਲੇਖਕਾਂ ਦੇ ਹਿੱਸੇ ਆਇਆ ਹੈ । ਸਿਰਮੌਰ ਢਾਡੀ, ਪ੍ਰਚਾਰਕ ਤੇ ਸਫ਼ਲ ਲੇਖਕ ਹੋਣਾ ਵੀ ਕੇਵਲ ਗਿਆਨੀ ਸੋਹਣ ਸਿੰਘ ਸੀਤਲ ਦੇ ਹਿੱਸੇ ਹੀ ਆਇਆ ਹੈ । ਢਾਡੀ ਗਿਆਨੀ ਸੋਹਣ ਸਿੰਘ ਸੀਤਲ ਨੇ ਇਕ ਨਿਸ਼ਠਾਵਾਨ ਸਿਦਕੀ ਸਿੱਖ ਦੀ ਤਰ੍ਹਾਂ ਪੂਰਨ ਸਮਰਪਨ ਸਹਿਤ ਇਸ ਮਹਾਨ ਕਾਰਜ ਨੂੰ ਲੰਮੇ ਅਰਸੇ ਤੱਕ ਨਿਭਾ ਕੇ ਸਿੱਖ ਪੰਥ ਵਿੱਚ ਆਪਣੀ ਸਦੀਵੀ ਤੇ ਚਿਰ-ਸਥਾਈ ਥਾਂ ਬਣਾਈ ।

ਗਿਆਨੀ ਸੋਹਣ ਸਿੰਘ ਸੀਤਲ ਦਾ ਜਨਮ 7 ਅਗਸਤ, 1909 ਈ: ਨੂੰ ਪਿਤਾ ਸ: ਖੁਸ਼ਹਾਲ ਸਿੰਘ ਅਤੇ ਮਾਤਾ ਦਿਆਲ ਕੌਰ ਦੀ ਕੁੱਖ ਤੋਂ ਕਾਦੀਵਿੰਡ (ਲਾਹੌਰ) ਵਿਖੇ ਹੋਇਆ । ਸੀਤਲ ਜੀ ਨੇ ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਮੈਟ੍ਰਿਕ ਤੇ ਗਿਆਨੀ ਦਾ ਇਮਤਿਹਾਨ ਪਾਸ ਕੀਤਾ ।ਇਹ ਉਹ ਸਮਾਂ ਸੀ ਜਦੋਂ ਸਿੰਘ ਸਭਾ ਲਾਹੌਰ ਅਤੇ ਅਕਾਲੀ ਲਹਿਰ ਗੁਰਮਤਿ ਪ੍ਰਚਾਰ ਨਾਲ ਸਿੱਖ ਸੰਗਤ ਨੂੰ ਪ੍ਰਭਾਵਿਤ ਕਰ ਰਹੀਆਂ ਸਨ । ਗਿ: ਸੋਹਣ ਸਿੰਘ ਸੀਤਲ ਬਚਪਨ ਤੋਂ ਚੇਤੰਨ ਤੇ ਬਿਬੇਕ-ਬੁੱਧੀ ਵਾਲਾ ਇਨਸਾਨ ਸੀ, ਉਸ ਸਮੇਂ ਪਿੰਡ-ਪਿੰਡ ਸਜਣ ਵਾਲੇ ਦੀਵਾਨਾਂ ਵਿੱਚ ਸਿੱਖ ਇਤਿਹਾਸ ਸਬੰਧੀ ਢਾਡੀਆਂ ਵੱਲੋਂ ਗਾਈਆਂ ਜੋਸ਼ੀਲੀਆਂ ਵਾਰਾਂ ਸ਼ਹੀਦਾਂ ਅਤੇ ਸਿੱਖ ਸੂਰਵੀਰਾਂ ਦੀਆਂ ਜੀਵਨ-ਘਟਨਾਵਾਂ ਨੇ ਇਸ ਨੌਜਵਾਨ ਨੂੰ ਇਸ ਤਰ੍ਹਾਂ ਕੀਲਿਆ ਕਿ ਉਸ ਨੇ ਤਾਅ ਜੀਵਨ ਗੁਰਬਾਣੀ ਅਤੇ ਸਿੱਖ ਇਤਿਹਾਸ ਵਿੱਚ ਜੀਊਣ ਅਤੇ ਹੰਢਾਉਣ ਦਾ ਮਨ ਬਣਾ ਲਿਆ । ਵਾਰਾਂ ਸੁਣਦਿਆਂ ਹੀ ਵਾਰਾਂ ਲਿਖਣ ਦਾ ਕਾਰਜ ਆਰੰਭ ਕਰ ਦਿੱਤਾ । ਪਿੰਡ ਲਲਿਆਣੀ ਦੇ ਭਰਾਈ ਚਿਰਾਗ ਦੀਨ ਨੂੰ ਉਸਤਾਦ ਧਾਰ ਲਿਆ । ਸੀਤਲ ਜੀ ਆਪਣੇ ਉੱਚ ਆਤਮਿਕ ਜੀਵਨ ਦੌਰਾਨ ਸਿਦਕ, ਭਰੋਸਾ, ਸਿਰੜ, ਲਗਨ ਨੂੰ ਹਮੇਸ਼ਾ ਪੱਲੇ ਬੰਨ੍ਹ ਕੇ ਚੱਲੇ । ਆਪ ਨੇ ਸੰਸਾਰ ਦੇ ਦੂਜੇ ਸਾਰੇ ਧਰਮਾਂ ਦਾ ਵੀ ਡੂੰਘਾ ਅਧਿਐਨ ਕੀਤਾ ।ਸੀਤਲ ਜੀ ਕਹਿਣੀ, ਕਰਨੀ ਤੇ ਕਥਨੀ ਦੇ ਸੂਰੇ ਸਨ । ਗਿਆਨੀ ਜੀ ਪੰਜਾਬੀ, ਉਰਦੂ-ਫਾਰਸੀ, ਅੰਗ੍ਰੇਜ਼ੀ ਅਤੇ ਸੰਸਕ੍ਰਿਤ ਦੇ ਵਿਦਵਾਨ ਸਨ ।

ਉਨ੍ਹਾਂ ਦਾ ਵਿਸ਼ਵਾਸ਼ ਸੀ ਕਿ ਜੇ ਤੁਸੀਂ ਆਪਣੇ ਧਰਮ ਦੀ ਗੱਲ ਪੁਰਜ਼ੋਰ ਸ਼ਬਦਾਂ ਵਿੱਚ ਪੇਸ਼ ਕਰਨੀ ਚਾਹੁੰਦੇ ਹੋ ਤਾਂ ਤੁਹਾਨੂੰ ਦੂਜੇ ਧਰਮਾਂ ਦਾ ਵੀ ਸੰਪੂਰਨ ਗਿਆਨ ਹੋਣਾ ਚਾਹੀਦਾ ਹੈ । ਦੁਨਿਆਵੀ ਲੋਕਾਂ ਤੋਂ ਉਲਟ ਗਿਆਨੀ ਸੋਹਣ ਸਿੰਘ ਸੀਤਲ ਵਹਿਮਾਂ-ਭਰਮਾਂ ਅਤੇ ਪਾਖੰਡਾਂ ਤੋਂ ਹਮੇਸ਼ਾਂ ਦੂਰ ਰਹਿੰਦੇ ਸਨ । ਰੋਮ-ਰੋਮ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਪ੍ਰਤੀ ਸਮਰਪਿਤ ਹੋ ਕੇ ਜੀਵਨ ਸਫ਼ਰ ਤੈਅ ਕੀਤਾ । ਸਫਲ ਲੇਖਕ ਤੇ ਸਾਹਿਤਕਾਰ ਵਜੋਂ ਗਿਆਨੀ ਸੀਤਲ ਵੱਲੋਂ ਲਿਖੀਆਂ ਅਤੇ ਗਾਈਆਂ ਵਾਰਾਂ ਦੀਆਂ 18 ਪੁਸਤਕਾਂ ਮਿਲਦੀਆਂ ਹਨ ।ਇਕ ਇਤਿਹਾਸਕਾਰ ਵਜੋਂ ਉਨ੍ਹਾਂ ਦੀਆਂ ਰਚਨਾਵਾਂ ਵਿੱਚ ਸਿੱਖ ਰਾਜ ਕਿਵੇਂ ਗਿਆ, ਦੁਖੀਏ ਮਾਂ ਪੁੱਤ, ਬੰਦਾ ਸਿੰਘ ਸ਼ਹੀਦ, ਸਿੱਖ ਰਾਜ ਕਿਵੇਂ ਬਣਿਆ ਸਮੇਤ ਨੌਂ ਪੁਸਤਕਾਂ ਹਨ ।ਬੱਚਿਆਂ ਨੂੰ ਇਤਿਹਾਸ ਦੀ ਜਾਣਕਾਰੀ ਦੇਣ ਲਈ ਵੀ ਤਿੰਨ ਪੁਸਤਕਾਂ ਲਿਖੀਆਂ । ਸਿੱਖ ਇਤਿਹਾਸ ਦਾ ਸਭ ਤੋਂ ਵੱਧ ਖੋਜ-ਭਰਪੂਰ ਕੰਮ ਸਿੱਖ ਇਤਿਹਾਸ ਦੇ ਸੋਮੇਂ ਪੰਜ ਜਿਲਦਾਂ ਵਿੱਚ ਪ੍ਰਕਾਸ਼ਿਤ ਕੀਤਾ ।ਕਵੀ ਤੇ ਗੀਤਕਾਰ ਵਜੋਂ ਵਹਿੰਦੇ ਹੰਝੂ, ਸੱਜਰੇ ਹੰਝੂ ਤੇ ਦਿਲ ਦਰਿਆ ਕਵਿਤਾ ਦੀਆਂ ਪੁਸਤਕਾਂ ਅਤੇ ਦੋ ਪੁਸਤਕਾਂ ਕੇਸਰੀ ਦੁਪੱਟਾ ਅਤੇ ਜਦੋਂ ਮੈਂ ਲਿਖਦਾ ਹਾਂ, ਗੀਤਾਂ ਦੀਆਂ ਪੁਸਤਕਾਂ ਮਿਲਦੀਆਂ ਹਨ ।ਤਿੰਨ ਕਹਾਣੀ ਦੀਆਂ ਪੁਸਤਕਾਂ ਤੋਂ ਇਲਾਵਾ ਡੇਢ ਦਰਜਨ ਨਾਵਲ ਵੀ ਪੰਜਾਬੀ ਸਾਹਿਤ ਨੂੰ ਦਿੱਤੇ ।ਦੋ ਇਤਿਹਾਸਕ ਨਾਵਲ ਮਹਾਰਾਣੀ ਜਿੰਦਾ ਅਤੇ ਮਹਾਰਾਜਾ ਦਲੀਪ ਸਿੰਘ ਵੀ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਪਾਏ । ਗਿਆਨੀ ਸੋਹਣ ਸਿੰਘ ਸੀਤਲ ਦੇ ਨਾਵਲ ਜੁੱਗ ਬਦਲ ਗਿਆ ਨੂੰ ਸਾਹਿਤ ਅਕਾਦਮੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ । ਇਸ ਤੋਂ ਇਲਾਵਾ ਸੀਤਲ ਜੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੋਮਣੀ ਢਾਡੀ ਦਾ ਸਨਮਾਨ ਅਤੇ ਪੰਜਾਬ ਸਰਕਾਰ ਵੱਲੋਂ ਵੀ ਸ਼੍ਰੋਮਣੀ ਢਾਡੀ ਤੇ ਸ਼੍ਰੋਮਣੀ ਸਾਹਿਤਕਾਰ ਵਜੋਂ ਵੀ ਸਨਮਾਨਿਆ ਗਿਆ । 23 ਸਤੰਬਰ, 1998 ਨੂੰ ਇਹ ਮਹਾਨ ਇਨਸਾਨ ਤੇ ਗੁਰਸਿੱਖ ਸਾਹਿਤਕਾਰ ਇਸ ਸੰਸਾਰ ਨੂੰ ਹਮੇਸ਼ਾਂ ਲਈ ਅਲਵਿਦਾ ਆਖ ਕੇ ਸਦੀਵੀ ਨੀਂਦ ਸੌਂ ਗਿਆ । ਗਿਆਨੀ ਸੋਹਣ ਸਿੰਘ ਸੀਤਲ ਦੀ ਆਪਣੀ ਰਚਨਾ ਦੀਆਂ ਸਤਰਾਂ ਨੇ-

**ਸੀਤਲ ਉਹ ਸਦਾ ਜਹਾਨ 'ਤੇ ਜੀਂਵਦਾ ਏ,**
**ਜੀਹਦਾ ਮਰਗਿਆਂ ਦੇ ਪਿੱਛੋਂ ਜੱਸ ਹੋਵੇ।**

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



ਆਵਾਜ਼ਿ ਕੌਮ AWAZE QAUM International Newspaper & WEB TV

**ਵੇਲਾ ਆ ਗਿਆ ਨਰੈਣ ਮਹੰਤਾਂ ਦੇ ਚੇਲਿਆਂ ਨੂੰ**

# ਸ਼੍ਰੋਮਣੀ ਕਮੇਟੀ ਵਿਚੋਂ ਕੱਢਣ ਦਾ—ਏਕਨੂਰ ਖਾਲਸਾ ਫੌਜ



ਫ਼ਿਰੋਜ਼ਪੁਰ, 23 ਸਤੰਬਰ (ਮਨੋਹਰ ਲਾਲ) :— ਹਜ਼ਾਰਾਂ ਨਹੀਂ ਲੱਖਾਂ ਕੁਰਬਾਨੀਆਂ ਦੇ ਕੇ ਹੌਂਦ ਵਿਚ ਲਿਆਂਦੀ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਅੱਜ ਇਕ ਪਰਿਵਾਰ ਨੇ ਆਪਣੀ ਜਗੀਰ ਸਮਝ ਕੇ ਆਵਦੇ ਕਬਜੇ ਵਿਚ ਕਰ ਰੱਖਿਆ ਹੈ ਅਤੇ ਮਨਮਰਜੀ ਦੇ ਫੈਸਲੇ ਤੇ ਮਨਮਰਜੀ ਦੇ ਬੰਦੇ ਭਰਤੀ ਕਰਨੇ ਤੇ ਫਿਰ ਉਨ੍ਹਾਂ ਨੂੰ ਮਨਮਰਜੀ ਦੇ ਅਹੁਦੇ ਦੇਣੇ ਤੇ ਮਨਮਰਜੀ ਦੇ ਫੈਸਲੇ ਕਰਵਾਉਣੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਏਕਨੂਰ ਖਾਲਸਾ ਫੌਜ ਦੇ ਸੀਨੀਅਰ ਆਗੂਆਂ ਨੇ ਇਕ ਜੁਬਾਨ ਵਿਚ ਕਿਹਾ ਕਿ ਸ਼੍ਰੋਮਣੀ ਕਮੇਟੀ ਵਿਚ ਐਨਾ ਨਿਘਾਰ ਆ ਚੁੱਕਾ ਹੈ, ਜਿਸ ਦੀ ਕਲਪਨਾ ਕਰਨੀ ਵੀ ਔਖੀ ਹੈ ਅਤੇ ਨਿੱਤ ਨਵੇਂ ਖੁਲਾਸੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਤਾਂ ਗੁਰੂ ਕੀ ਗੋਲਕ ਚੋਰੀ ਦੀਆਂ ਖਬਰਾਂ ਆਉਂਦੀਆਂ ਸਨ, ਲੰਗਰ ਲਈ ਲੱਕੜਾਂ, ਦੇਸੀ ਘਿਓ ਅਤੇ ਸੁਕੀਆਂ ਰੋਟੀਆਂ ਵੇਚਣ ਖਰੀਦਣ ਦਾ ਘਪਲਾ ਹੁੰਦਾ ਸੀ, ਦਰਬਾਰ ਹਾਲ ਵਿਚ ਲੱਗੀਆਂ ਲਾਈਟਾਂ ਵਿਚ ਕਰੋੜਾਂ ਦਾ ਘਪਲਾ ਸੀ, ਪਰ ਹੁਣ ਤਾਂ ਮੱਸਾ ਰੰਘੜ ਵੀ ਕਬਰਾ ਵਿਚ ਪਿਆ ਸੋਚਦਾ ਹੋਣਾ ਕਿ ਮੈਂ ਤਾਂ ਸਿੱਖ ਨਹੀਂ ਸੀ ਤੇ ਮੈਂ ਤਾਂ ਸਿੱਖਾਂ ਦੇ ਦਰਬਾਰ ਸਾਹਿਬ ਵਿਚ ਕੰਜਰੀਆਂ ਨਚਾਈਆਂ ਤੇ ਸ਼ਰਾਬ ਪੀਤੀ ਤਾਂ ਮੈਨੂੰ ਗੁਰੂ ਦੇ ਸਿੰਘਾਂ ਨੇ ਗੱਡੀ ਚਾੜ ਤਾਂ, ਪਰ ਹੁਣ ਆਹ ਸਿਰ ਤੇ ਗੁਰੂ ਦੀ ਦਸਤਾਰ ਗੁਰੂ ਦੇ ਬਾਣੇ ਪਾ ਕੇ ਖਾਲਸੇ ਦੀ ਜਨਮ ਭੂਮੀ ਤੇ ਸ੍ਰੀ ਕੇਸਗੜ੍ਹ ਸਾਹਿਬ ਨੂੰ ਹੀ ਅਯਾਸ਼ੀ ਦਾ ਅੱਡਾ ਬਣਾ ਲਿਆ। ਇਨ੍ਹਾਂ ਅਖੋਤੀ ਸਿੱਖਾਂ ਨੇ ਜਿਸ ਵਿਚ ਇਕ ਵਿਦੇਸ਼ ਤੋਂ ਆਈ ਬੀਬੀ ਨੂੰ ਵੀ.ਆਈ.ਪੀ ਸਹੂਲਤਾਂ ਦੇ ਕੇ ਰੱਖਿਆ ਤੇ ਕਿਸੇ ਹੋਰ ਨੂੰ ਬਦਨਾਮ ਕਰਨ ਲਈ ਬੰਬ ਤਿਆਰ ਕਰ ਰਹੇ ਸੀ, ਪਰ ਮੌਕੇ ਦਾ ਫਾਇਦਾ ਉਠਾਦੇ ਹੋਏ ਹਾਲ ਵਿਚ ਚੁੰਨੀਆਂ ਪਾ ਕੇ ਮਾਤਾ ਦੀਆਂ ਭੇਂਟਾਂ ਲਾਉਣ ਵਾਲੀ ਅਮਰਜੀਤ ਚਾਵਲਾ ਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਤੇ ਉਸ ਬੀਬੀ ਨਾਲ ਵਾਰ—ਵਾਰ ਬਲਾਤਕਾਰ ਕੀਤਾ, ਗਲਤ ਕੰਮ ਕੀਤਾ, ਮੂੰਹ ਖੋਲਣ ਤੇ ਮਾਰਨ ਦੀਆਂ ਧਮਕੀਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਯਾਦ ਰਹੇ ਜੋ ਕਿਸੇ ਹੋਰ ਲਈ ਟੋਆ ਪੁਟਦਾ ਹੈ, ਉਹ ਆਪ ਹੀ ਕਈ ਵਾਰ ਉਸ ਟੋਏ ਵਿਚ ਡਿਗ ਪੈਂਦਾ ਹੈ, ਉਹੀ ਹਾਲ ਇਨ੍ਹਾਂ ਨਾਲ ਹੋਇਆ ਹੈ ਅਤੇ ਬੰਬ ਤਿਆਰ ਹੋਣ ਤੋਂ ਪਹਿਲਾਂ ਹੀ ਬਾਦਲਾਂ ਦੇ ਵਿਹੜੇ ਵਿਚ ਫੱਟ ਗਿਆ, ਛੋਟੀ ਜਿਹੀ ਗੱਲ ਤੇ ਸਾਰੀ ਸਰਕਾਰ ਨੂੰ ਤਲਬ ਕਰਨ ਵਾਲਾ ਬਾਦਲਾਂ ਰਾਤ ਦੇ ਹਨੇਰੇ ਵਿਚ ਲੱਗਦਾ ਜਥੇਦਾਰ ਹੁਣ ਕਦੋਂ—ਕਦੋਂ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਅਕਾਲੀ ਆਗੂਆਂ ਨੂੰ ਤਲਬ ਕਰਦਾ ਅਤੇ ਪੰਥ ਦੋਖੀ ਐਲਾਨ ਕੇ ਗੁਰੂ ਘਰਾਂ ਤੇ ਜਨਤਕ ਥਾਵਾਂ ਤੇ ਪੋਸਟਰ ਲਵਾਉਂਦਾ। ਉਕਤ ਆਗੂਆਂ ਨੇ ਕਿਹਾ ਕਿ ਇਨ੍ਹਾਂ ਗੁਰੂ ਤੇ ਪੰਥ ਦੋਖੀਆਂ ਦੇ ਅਤੇ ਐਲਾਨ ਕਰਦਾ ਕਿ ਇਨ੍ਹਾਂ ਨੂੰ ਮੂੰਹ ਨਾ ਲਾਵੇ ਕੋਈ ਇਸ ਤੋਂ ਪਹਿਲਾਂ ਬਾਦਲ ਦਾ ਖਾਸ ਮੰਤਰੀ ਸੁੱਚਾ ਸਿੰਘ ਲੰਘਾਹ ਜਿਸ ਦੀਆਂ ਨੀਲੀਆਂ ਫਿਲਮਾਂ ਨੈਟ ਤੇ ਚੱਲ ਰਹੀਆਂ ਹਨ, ਨੂੰ ਮੁੜ ਪਾਰਈ ਵਿਚ ਸ਼ਾਮਲ ਕਰਕੇ ਉਸ ਨੂੰ ਹਲਕੇ ਦੀ ਵਾਂਗਡੋਰ ਫੜਾਈ ਹੈ, ਇਹੋ ਜਿਹੇ ਲੋਕ ਵੀ ਸੇਧ ਦੇਣਗੇ ਸਿੱਖ ਕੌਮ ਨੂੰ, ਇਨ੍ਹਾਂ ਲੋਕਾਂ ਨੂੰ ਕਾਲੇ ਪਾਣੀ ਦੀ ਸਜਾ ਹੋਣੀ ਚਾਹੀਦੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਭਾਈ ਲਖਬੀਰ ਸਿੰਘ ਨੰਬਰਦਾਰ ਸੀ. ਮੀਤ ਪ੍ਰਧਾਨ ਨਿਰਮਲ ਸਿੰਘ ਗੱਟਾ ਬਾਦਸ਼ਾਹ ਤੇ ਮੀਤ ਪ੍ਰਧਾਨ ਰਣਧੀਰ ਸਿੰਘ ਨੇ ਕਿਹਾ ਕਿ ਹੁਣ ਵੇਲਾ ਆ ਗਿਆ ਹੈ ਨੇ ਜਿਸ ਤਰ੍ਹਾਂ ਨਰੈਣ ਮਹੰਤ ਤੇ ਉਸ ਦੇ ਗੁੰਡਿਆਂ ਨੂੰ ਗੁਰੂ ਘਰਾਂ ਵਿਚੋਂ ਕੱਢਿਆ ਸੀ, ਇਹ ਵੀ ਨਰੈਣ ਮਹੰਤਾਂ ਤੋਂ ਵੱਧ ਹਨ, ਆਉ ਸਾਰੇ ਰੱਲ ਕੇ ਇਨ੍ਹਾਂ ਨਰੈਣ ਮਹੰਤਾਂ ਤੋਂ ਗੁਰੂ ਆਜ਼ਾਦ ਕਰਵਾਈਏ ਤਾਂ ਸਿੱਖਾਂ ਦੀ ਮੁੜ ਚੜਦੀ ਕਲਾਂ ਹੋਵੇ। ਇਸ ਮੌਕੇ ਅਵਤਾਰ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਰਦੇਵ ਸਿੰਘ ਮੀਤ ਪ੍ਰਧਾਨ ਫ਼ਿਰੋਜ਼ਸ਼ਾਹ, ਗੁਰਚਰਨ ਸਿੰਘ ਗੱਟੀ ਜਲਾਲਾਬਾਦ, ਲਾਲ ਸਿੰਘ ਸਰਕਲ ਮਮਦੋਟ, ਪ੍ਰੀਤਮ ਸਿੰਘ ਘੱਲ ਖੁਰਦ, ਸੁਖਮੰਦਰ ਸਿੰਘ ਮੁੱਦਕੀ ਸਰਕਲ, ਸੂਬੇਦਾਰ ਚਮਕੌਰ ਸਿੰਘ ਸ਼ਕੂਰ ਸਰਕਲ ਤਲਵੰਡੀ ਭਾਈ, ਦਰਸ਼ਨ ਸਿੰਘ ਲਹੁਕੇ, ਅਮਰੀਕ ਸਿੰਘ ਪ੍ਰੈਸ ਸਕੱਤਰ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਜਗਜੀਤ ਸਿੰਘ ਮੱਲਾਂਵਾਲਾ, ਨਛੱਤਰ ਸਿੰਘ ਪ੍ਰਧਾਨਫਰੀਦਕੋਟ, ਰੁਪਿੰਦਰ ਸਿੰਘ ਜਲਾਲੇਆਣਾ, ਪਿੱਪਲ ਸਿੰਘ ਮਾਲਵਾ ਜੋਨ ਇੰਚਾਰਜ ਸਰਕਲ ਇੰਚਾਰਜ ਮੋਗਾ ਤਰਨਤਾਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਗਦ ਤਲਵਾਰ ਵਲੋਂ ਗੁਰਬਾਣੀ ਨੂੰ ਗਾਣਿਆਂ ਵਾਂਗ ਗਾ ਕੇ ਲੋਕਾਂ ਨੂੰ ਨਚਾਉਣਾ ਵੱਡੀ ਬੇਅਦਬੀ, ਐਫਆਈਆਰ ਦਰਜ ਕਰਕੇ ਸਖ਼ਤ ਕਾਰਵਾਈ ਦੀ ਮੰਗ : ਸੰਤ ਮੀਤ ਸਿੰਘ



ਨਵੀਂ ਦਿੱਲੀ 23 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕਪੁਰੀ ਵਾਰਡ ਨੰਬਰ 32 ਤੋਂ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਜਲੰਧਰ ਗਾਇਮਖਾਨਾ ਕਲੱਬ ਵਿਖੇ ਹੋਏ ਸਮਾਗਮ ਦੌਰਾਨ ਗੁਰਬਾਣੀ ਦੀਆਂ ਤੁਕਾਂ ਦੇ ਗਾਇਨ ਸਮੇਂ ਲੋਕਾਂ ਵੱਲੋਂ ਨੱਚਣ ਦੀ ਸਾਹਮਣੇ ਆਈ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਹੈ। ਇਹ ਸਮਾਗਮ ਜਨ-ਜ਼ੈੱਡ ਕਲੱਬ ਵੱਲੋਂ ਕਰਵਾਇਆ ਗਿਆ ਸੀ ਅਤੇ ਗਾਇਕ ਅੰਗਦ ਤਲਵਾਰ ਭਜਨ ਪੇਸ਼ ਕਰ ਰਹੇ ਸਨ ਤੇ ਇਸ ਦੌਰਾਨ ਉਨ੍ਹਾਂ ਨੇ ਗੁਰਬਾਣੀ ਦੀਆਂ ਤੁਕਾਂ ਵੀ ਗਾਈਆਂ, ਜਦਕਿ ਲੋਕ ਨੱਚਦੇ ਰਹੇ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਨੂੰ ਕਿਸੇ ਮਨੋਰੰਜਨਕ ਪ੍ਰੋਗਰਾਮ ਦਾ ਹਿੱਸਾ ਬਣਾਉਣਾ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਬੇਹੱਦ ਗੰਭੀਰ ਮਾਮਲਾ ਹੈ। ਉਨ੍ਹਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਜੇਕਰ ਜਾਂਚ ਵਿੱਚ ਇਹ ਸਾਬਤ ਹੁੰਦਾ ਹੈ ਕਿ ਗਾਇਕ ਅੰਗਦ ਤਲਵਾਰ ਅਤੇ ਸਮਾਗਮ ਦੇ ਪ੍ਰਬੰਧਕਾਂ ਨੇ ਗੁਰਬਾਣੀ ਦੀ ਪਵਿੱਤਰਤਾ ਤੋਂ ਜਾਣੂ ਹੋਣ ਦੇ ਬਾਵਜੂਦ ਜਾਣਬੁੱਝ ਕੇ ਇਸ ਨੂੰ ਨੱਚਣ-ਗਾਉਣ ਵਾਲੇ ਮਾਹੌਲ ਵਿੱਚ ਪੇਸ਼ ਕੀਤਾ, ਤਾਂ ਇਸ ਨੂੰ ਗੰਭੀਰ ਬੇਅਦਬੀ ਮੰਨਦਿਆਂ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪ੍ਰਬੰਧਕਾਂ ਵਲੋਂ ਬਾਅਦ 'ਚ ਕੇਵਲ ਮੁਆਫ਼ੀ ਮੰਗ ਲੈਣਾ ਕਾਫ਼ੀ ਨਹੀਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੂਰੇ ਮਾਮਲੇ ਦੀ ਪੜਤਾਲ ਕਰਕੇ ਦੋਸ਼ ਤੈਅ ਕੀਤੇ ਜਾਣ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮਾਮਲੇ ਵਿੱਚ ਐੱਫਆਈਆਰ ਦਰਜ ਕਰਕੇ ਵੀਡੀਓ, ਗਵਾਹਾਂ ਅਤੇ ਪ੍ਰੋਗਰਾਮ ਨਾਲ ਸਬੰਧਤ ਸਾਰੇ ਤੱਥਾਂ ਦੀ ਗਹਿਰੀ ਜਾਂਚ ਕੀਤੀ ਜਾਵੇ ਅਤੇ ਕਾਨੂੰਨ ਅਨੁਸਾਰ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਧਾਰਮਿਕ ਮਰਿਆਦਾ ਨਾਲ ਸਬੰਧਤ ਮਾਮਲਿਆਂ ਵਿੱਚ ਨਿਰਪੱਖ ਜਾਂਚ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗੋਬਿੰਦ ਸਿੰਘ ਹਸਪਤਾਲ ਨਾਂਦੇੜ ਦੇ ਵਿਸਥਾਰ ਲਈ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨਾਲ ਕੀਤੀ ਵਿਸ਼ੇਸ਼ ਮੁਲਾਕਾਤ: ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ)



**ਚੌਕ ਮਹਿਤਾ, 23 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ ਰਿਟਾ, ਪ੍ਰਸ਼ਾਸਕ, ਗੁਰਦੁਆਰਾ ਬੋਰਡ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਨੇ ਮੁੰਬਈ ਵਿੱਚ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦ੍ਰ ਫੜਨਵੀਸ ਜੀ ਨਾਲ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਸਪਤਾਲ ਦੇ ਵਿਸਥਾਰ ਸੰਬੰਧੀ ਵਿਸ਼ੇਸ਼ ਮੁਲਾਕਾਤ ਕੀਤੀ। ਹਸਪਤਾਲ ਦੇ ਵਿਸਥਾਰ ਬਾਰੇ ਜਾਣਕਾਰੀ ਦਿੰਦੇ ਹੋਏ, ਪ੍ਰਸ਼ਾਸਕ ਸਾਹਿਬ ਨੇ ਕਿਹਾ ਕਿ ਇਸ ਹਸਪਤਾਲ ਲਈ ਜ਼ਮੀਨ ਗੁਰਦੁਆਰਾ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵੱਲੋਂ ਵਿਸ਼ੇਸ਼ ਤੌਰ ਤੇ ਦਾਨ ਵਜੋਂ ਦਾਨ ਕੀਤੀ ਗਈ ਸੀ। ਨਾਂਦੇੜ ਵਿੱਚ ਵੱਡੇ ਅਤਿ-ਆਧੁਨਿਕ ਹਸਪਤਾਲ ਦੀ ਘਾਟ ਹੈ, ਇਸ ਲਈ ਹਸਪਤਾਲ ਦਾ ਵਿਸਥਾਰ ਕਰਨਾ ਬਹੁਤ ਜ਼ਰੂਰੀ ਹੈ। ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ, ਨਾਂਦੇੜ ਲਈ 500 ਬੇਡ ਦਾ ਇੱਕ ਵੱਡਾ ਹਸਪਤਾਲ ਕਾਫ਼ੀ ਹੈ। ਇਸ ਤੋਂ ਇਲਾਵਾ, ਹਸਪਤਾਲ ਦੇ ਵਿਸਥਾਰ ਨਾਲ ਨਾਂਦੇੜ ਵਿੱਚ ਰੁਜ਼ਗਾਰ ਪੈਦਾ ਹੋਵੇਗਾ। ਪ੍ਰਸ਼ਾਸਕ ਸਾਹਿਬ ਨੇ ਮੁੱਖ ਮੰਤਰੀ ਜੀ ਨੂੰ ਵਿਸ਼ੇਸ਼ ਪੱਤਰ ਦੇ ਕਰ ਬੇਨਤੀ ਕੀਤੀ ਕਿ ਹਸਪਤਾਲ ਦੀਆਂ 50% ਨੌਕਰੀਆਂ ਪੜ੍ਹੇ-ਲਿਖੇ ਸਿੱਖ ਨੌਜਵਾਨਾਂ ਲਈ ਰਾਖਵੀਆਂ ਕੀਤੀਆਂ ਜਾਣ, ਅਤੇ ਸਿੱਖ ਭਾਈਚਾਰੇ ਅਤੇ ਗੁਰਦੁਆਰਾ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇ। ਇਸ ਤੋਂ ਇਲਾਵਾ "ਹਿੰਦ-ਦੀ-ਚਾਦਰ" ਸਮਾਗਮ ਦੇ ਸਫਲ ਆਯੋਜਨ ਸੰਬੰਧੀ ਹੋਈ ਚਰਚਾ ਦੌਰਾਨ, ਇਸ ਸਮਾਗਮ ਦੀ ਸਮਾਪਤੀ ਮਿਤੀ 05 ਤੋਂ 07 ਦਸੰਬਰ 2026 ਨੂੰ ਹੋਵੇਗੀ। ਜਿਸ ਲਈ ਪ੍ਰਸ਼ਾਸਕ ਸਾਹਿਬ ਨੇਂ ਮਾਨਯੋਗ ਮੁੱਖ ਮੰਤਰੀ ਜੀ ਵਿਸ਼ੇਸ਼ ਸੱਦਾ ਦਿੱਤਾ ਤੇ ਮੁੱਖ ਮੰਤਰੀ ਜੀ ਨੇ ਸਮਾਪਤੀ ਸਮਾਗਮ ਲਈ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਆਉਣ ਦਾ ਵਾਅਦਾ ਕੀਤਾ ਹੈ।

# ਚੰਦ ਫਤਿਹਪੁਰੀ ਦੀਆਂ ਪੱਤਰਕਾਰੀ ਖੇਤਰ ਨੂੰ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ—ਭੁੱਲਰ



**ਫ਼ਿਰੋਜ਼ਪੁਰ, 23 ਸਤੰਬਰ (ਮਨੋਹਰ ਲਾਲ) :—** ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ (ਏਟਕ) ਦੇ ਆਗੂ ਬਲਕਾਰ ਸਿੰਘ ਭੁੱਲਰ, ਲਖਵੀਰ ਸਿੰਘ ਸੁੱਖੇਵਾਲਾ, ਸੁਖਦੇਵ ਸਿੰਘ ਬੱਗੀ ਪਤਨੀ, ਮਹਿੰਦਰ ਸਿੰਘ ਸੁੱਖੇਵਾਲਾ, ਕਾਮਰੇਡ ਚੇਅਰਮੈਨ ਕੁਲਵੰਤ ਸਿੰਘ ਜ਼ੀਰਾ, ਸਵਰਨ ਚੰਦ, ਸੁਰਜੀਤ ਗਿੱਲ, ਸਰਬਨ ਸਿੰਘ, ਜੇ.ਸੀ ਬਲਦੇਵ ਸਿੰਘ ਮੋਗਾ ਜੇ.ਈ ਮੋਹਨ ਸਿੰਘ ਗਾਦੜੀਵਾਲਾ ਆਦਿ ਆਗੂਆਂ ਨੇ ਕਾਮਰੇਡ ਚੰਦ ਫਤਿਹਪੁਰੀ ਦੀ ਅਚਾਨਕ ਮੌਤ ਤੇ ਦੁੱਖ ਪ੍ਰਗਟ ਕਰਦੇ ਹੋਏ ਕਿਹਾ ਕਿ ਚੰਦ ਫਤਿਹਪੁਰੀ ਨੇ ਪੱਤਰਕਾਰੀ ਖੇਤਰ ਵਿਚ ਆਪਣੀ ਵੱਖਰੀ ਪਹਿਚਾਣ ਬਣਾਈ ਅਤੇ ਲੋਕਾਂ ਨਾਲ ਜੁੜੇ ਹੋਰ ਸੀਨੀਅਰ ਆਗੂ ਬਲਕਾਰ ਸਿੰਘ ਭੁੱਲਰ ਨੇ ਕਿਹਾ ਕਿ ਚੰਦ ਫਤਿਹਪੁਰੀ ਦੀ ਮੌਤ ਨਾਲ ਸਮੂਹ ਪੱਤਰਕਾਰ ਭਾਈਚਾਰੇ ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਜੋ ਕਦੇ ਵੀ ਪੂਰਾ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਦੀਆਂ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

24 ਸਤੰਬਰ ਨੂੰ ਬਰਸੀ 'ਤੇ ਵਿਸ਼ੇਸ਼

# ਪੰਥ ਪ੍ਰਕਾਸ਼ ਦੇ ਕਰਤਾ-ਗਿਆਨੀ ਗਿਆਨ ਸਿੰਘ ਨੂੰ ਯਾਦ ਕਰਦਿਆਂ

**19ਵੀਂ ਸਦੀ** ਦੇ ਆਖਰੀ ਦਿਨਾਂ ਤੱਕ ਸਿੱਖ ਇਤਿਹਾਸ ਨੂੰ ਪਾਠਕਾਂ ਤੱਕ ਪਹੁੰਚਾਉਣ ਵਾਲੇ ਉਂਗਲਾਂ 'ਤੇ ਗਿਣਨ ਯੋਗ ਵਿਦਵਾਨ ਬਹੁਤ ਵਿਰਲੇ ਸਨ । ਇਤਿਹਾਸ ਨੂੰ ਖੋਜਣਾ ਤੇ ਵਿਚਾਰਨਾ ਕੋਈ ਸੁਖੈਲ ਕਾਰਜ ਨਹੀਂ । ਇਸ ਕਾਰਜ ਨੂੰ ਕਰਨ ਵਾਲੇ ਖੋਜੀ ਵਿਦਵਾਨਾਂ ਵਿੱਚੋਂ ਗਿਆਨੀ ਗਿਆਨ ਸਿੰਘ ਨੂੰ ਅੱਜ ਤੱਕ ਬੜੀ ਸ਼ਿਦਤ ਨਾਲ ਯਾਦ ਕੀਤਾ ਜਾਂਦਾ ਹੈ । ਜਿਨ੍ਹਾਂ ਆਪਣੀ ਹਿਯਾਤੀ ਦੌਰਾਨ ਸ੍ਰੀ ਗੁਰੂ ਪੰਥ ਪ੍ਰਕਾਸ਼ ਅਤੇ ਤਵਾਰੀਖ ਗੁਰੂ ਖ਼ਾਲਸਾ ਵਰਗੇ ਮਹਾਨ ਗ੍ਰੰਥਾਂ ਦੀ ਰਚਨਾ ਕਰਕੇ ਸਿੱਖ ਸੰਗਤ ਤੋਂ ਭਰਪੂਰ ਪ੍ਰਸ਼ੰਸਾ ਪ੍ਰਾਪਤ ਕੀਤੀ । ਗਿਆਨੀ ਗਿਆਨ ਸਿੰਘ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਆਰੰਭ ਕੀਤੀ ਨਿਰਮਲ ਸੰਪ੍ਰਦਾਇ ਦੇ ਵਿਦਵਾਨ ਤੇ ਇਤਿਹਾਸਕਾਰ ਸਨ । ਗਿਆਨੀ ਗਿਆਨ ਸਿੰਘ ਦਾ ਜਨਮ ਸ। ਭਾਗ ਸਿੰਘ ਦੁੱਲਟ ਅਤੇ ਮਾਤਾ ਮਾਈ ਦੇਸ਼ਾਂ ਦੇ ਗ੍ਰਹਿ ਵਿਖੇ 15 ਅਪ੍ਰੈਲ 1822 ਈ: ਨੂੰ ਜ਼ਿਲ੍ਹਾ ਸੰਗਰੂਰ ਦੇ ਕਸਬੇ ਪੰਜਾਬ ਦੇ ਉੱਘੇ ਪਿੰਡ ਲੌਂਗੋਵਾਲ ਵਿੱਚ ਹੋਇਆ । ਇਸ ਪਰਿਵਾਰ ਦਾ ਪਿਛੋਕੜ ਸ਼ਹੀਦ ਭਾਈ ਮਨੀ ਸਿੰਘ ਦੇ ਭਰਾ ਭਾਈ ਨਗਾਹੀਆ ਸਿੰਘ ਦੀ ਵੰਸ਼ ਨਾਲ ਜੁੜਦਾ ਹੈ । ਗਿਆਨੀ ਗਿਆਨ ਸਿੰਘ ਬਚਪਨ ਤੋਂ ਹੀ ਬੜੀ ਤੇਜ ਤਰਾਰ ਬੁੱਧੀ ਦਾ ਮਾਲਕ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV



ਭਰ ਜਵਾਨੀ ਦੀ ਉਮਰ 18-19 ਸਾਲ ਵਿੱਚ ਮਹਾਰਾਜਾ ਪਟਿਆਲਾ ਦੀ ਫ਼ੌਜ ਵਿੱਚ ਭਰਤੀ ਹੋ ਗਿਆ । ਇਤਿਹਾਸਕ ਜ਼ਿਕਰ ਮਿਲਦਾ ਹੈ ਕਿ 1849 ਈ: ਵਿੱਚ ਜੀਂਦ ਪਤੀ ਮਹਾਰਾਜਾ ਸਰੂਪ ਸਿੰਘ ਵਿਰੁੱਧ ਬਾਂਗਰੂਆਂ ਵੱਲੋਂ ਕੀਤੀ ਬਗਾਵਤ ਨੂੰ ਕੁਚਲਣ ਲਈ ਮਹਾਰਾਜਾ ਕਰਮ ਸਿੰਘ ਨੇ ਜੋ ਫੌਜੀ ਟੁੱਕੜੀ ਭੇਜੀ ਸੀ, ਉਸ ਵਿੱਚ ਗਿਆਨੀ ਗਿਆਨ ਸਿੰਘ ਵੀ ਸ਼ਾਮਿਲ ਸਨ । ਇਸ ਗਹਿਗੱਚ ਲੜਾਈ ਵਿੱਚ ਜ਼ਖਮੀ ਹੋ ਕੇ ਇਨ੍ਹਾਂ ਦੀ ਇਕ ਲੱਤ ਨਕਾਰਾ ਹੋ ਗਈ । ਹੁਣ ਫੌਜੀ ਨੌਕਰੀ ਵੀ ਖ਼ਤਮ ਹੋ ਗਈ । ਆਰਥਿਕ ਤੰਗੀ ਨਾਲ ਪਰਿਵਾਰ ਦਾ ਗੁਜ਼ਾਰਾ ਹੋਣਾ ਵੀ ਔਖਾ ਹੋ ਗਿਆ, ਉਨ੍ਹਾਂ ਦੀ ਮਾਜ਼ੂਮੀ ਨੂੰ ਦੇਖ ਕੇ ਇਨ੍ਹਾਂ ਦੇ ਤਾਇਆ ਸ: ਪ੍ਰੇਮ ਸਿੰਘ, ਗਿਆਨੀ ਜੀ ਨੂੰ ਆਪਣੇ ਨਾਲ ਪਟਿਆਲਾ ਲੈ ਗਏ । ਇਥੇ ਆ ਕੇ ਗ੍ਰੰਥੀ ਸਿੰਘ ਦੀ ਡਿਊਟੀ ਨਿਭਾਉਣ ਲੱਗ ਪਏ । ਪਰ ਛੇਤੀ ਹੀ ਗ੍ਰੰਥੀ ਦੀ ਡਿਊਟੀ ਤੋਂ ਵੀ ਮਨ ਉਚਾਟ ਹੋ ਗਿਆ, ਡਿਊਟੀ ਤੋਂ ਫਾਰਗ ਹੋ ਕੇ ਬਿਹੰਗਮ ਸਾਧੂ ਬਣ ਕੇ ਦੇਸ਼ ਦਾ ਭਰਮਣ ਸ਼ੁਰੂ ਕਰ ਦਿੱਤਾ । ਸਾਧੂ ਬਣ ਕੇ ਜਿਥੇ ਪ੍ਰਭੂ ਬੰਦਗੀ ਨੂੰ ਆਪਣੇ ਜੀਵਨ ਦਾ ਅਹਿਮ ਅੰਗ ਬਣਾ ਲਿਆ, ਉਥੇ ਵੱਖ-ਵੱਖ ਥਾਵਾਂ 'ਤੇ ਵਿਚਰਦਿਆਂ ਸਿੱਖ ਇਤਿਹਾਸ ਨਾਲ ਸੰਬੰਧਿਤ ਖੋਜ ਸਮੱਗਰੀ ਇਕੱਤਰ ਕਰਨੀ ਸ਼ੁਰੂ ਕਰ ਦਿੱਤੀ । 1857 ਈ: ਦੀ ਗ਼ਦਰ ਲਹਿਰ ਸਮੇਂ ਆਪ ਵਾਪਸ ਪੰਜਾਬ ਪਰਤ ਆਏ । ਪੰਜਾਬ ਪਰਤ ਕੇ ਬਰਨਾਲੇ ਉੱਘੇ ਨਿਰਮਲੇ ਸੰਤਾਂ ਦੇ ਡੇਰਾ ਬਾਬਾ ਗਾਂਧਾ ਸਿੰਘ ਵਿਖੇ ਪਹੁੰਚ ਕੇ ਬਾਬਾ ਬੀਰ ਸਿੰਘ ਤੋਂ ਨਿਰਮਲ ਭੇਖ ਧਾਰਨ ਕੀਤਾ । ਇਸ ਤੋਂ ਛੇਤੀ ਹੀ ਪਿੱਛੋਂ ਛੇਤੀ ਨਿਰਮਲ ਸੰਪ੍ਰਦਾਇ ਦੀ ਉੱਘੀ ਵਿਦਵਾਨ ਸ਼ਖ਼ਸੀਅਤ ਪੰਡਿਤ ਤਾਰਾ ਸਿੰਘ ਨਰੋਤਮ ਨਾਲ ਸੰਪਰਕ ਹੋ ਗਿਆ । ਹੁਣ ਪੰਡਿਤ ਤਾਰਾ ਸਿੰਘ ਨਰੋਤਮ ਦੀ ਪ੍ਰੇਰਨਾ ਨਾਲ ਸਿੱਖ ਇਤਿਹਾਸ ਦੀ ਖੋਜ ਗੰਭੀਰਤਾ ਨਾਲ ਆਰੰਭ ਕੀਤੀ । ਸਭ ਤੋਂ ਪਹਿਲਾਂ 1880 ਈ: ਵਿੱਚ ਸ੍ਰੀ ਗੁਰੂ ਪੰਥ ਪ੍ਰਕਾਸ਼ ਦੀ ਮਹਾਨ ਰਚਨਾ ਪ੍ਰਕਾਸ਼ਿਤ ਕੀਤੀ ਗਈ । ਇਸ ਤੋਂ ਬਾਅਦ 1891-92 ਵਿੱਚ ਤਵਾਰੀਖ ਗੁਰੂ ਖ਼ਾਲਸਾ ਦੇ ਪਹਿਲੇ ਤਿੰਨ ਭਾਗ, ਪਹਿਲਾਂ ਗੁਰਮੁੱਖੀ ਅੱਖਰਾਂ ਵਿੱਚ ਤੇ ਪਿੱਛੋਂ ਉਰਦੂ ਵਿੱਚ ਪ੍ਰਕਾਸ਼ਿਤ ਕੀਤੇ ।

ਇਹ ਦੋਨੋਂ ਮਹਾਨ ਰਚਨਾਵਾਂ ਆਪਣੇ ਸਮੇਂ ਦਾ ਮਹਾਨ ਇਤਿਹਾਸਕ ਕਾਰਜ ਸੀ । ਇਸ ਕਾਰਜ ਤੋਂ ਬਾਅਦ ਸਰੀਰਕ ਬਿਮਾਰੀ ਨੇ ਘੇਰ ਲਿਆ, ਜਦੋਂ ਥੋੜ੍ਹਾ ਤੰਦਰੁਸਤ ਹੋਏ ਤਾਂ ਮੁੜ ਗਿਆਨੀ ਜੀ ਮਹਾਰਾਜਾ ਪਟਿਆਲਾ ਪਾਸ ਆ ਗਏ । ਆਪ ਨੇ 9 ਮਾਰਚ, 1908 ਈ: ਨੂੰ ਇਨ੍ਹਾਂ ਮਹਾਰਾਜਾ ਪਟਿਆਲਾ ਭੁਪਿੰਦਰ ਸਿੰਘ ਦੇ ਅਨੰਦ ਕਾਰਜ ਦੇ ਫਰਜਾਂ ਨੂੰ ਨਿਭਾਇਆ । ਪਟਿਆਲਾ ਰਿਆਸਤ ਦੇ ਅਹਿਲਕਾਰਾਂ ਨੇ ਜਦੋਂ ਗਿਆਨੀ ਜੀ ਵੱਲੋਂ ਕੀਤੇ ਇਤਿਹਾਸਕ ਗ੍ਰੰਥਾਂ ਨੂੰ ਵੇਖਿਆ, ਤਾਂ ਇਨ੍ਹਾਂ ਦੀਆਂ ਸਮੁੱਚੀਆਂ ਰਚਨਾਵਾਂ ਦੇ ਪ੍ਰਕਾਸ਼ਨ ਲਈ ਇਕ ਸੁਸਾਇਟੀ ਬਨਾਉਣ ਦੀ ਪ੍ਰਵਾਨਗੀ ਦਿੱਤੀ ਗਈ ।

ਗਿਆਨੀ ਗਿਆਨ ਸਿੰਘ ਨੇ ਸ੍ਰੀ ਗੁਰੂ ਪੰਥ ਪ੍ਰਕਾਸ਼ ਅਤੇ ਤਵਾਰੀਖ ਗੁਰੂ ਖ਼ਾਲਸਾ ਤੋਂ ਇਲਾਵਾ ਹੋਰ ਵੱਡੀਆਂ ਪ੍ਰਕਾਸ਼ਿਤ ਪੁਸਤਕਾਂ/ਗ੍ਰੰਥਾਂ ਵਿੱਚ ਨਿਰਮਲ ਪੰਥ ਪ੍ਰਦੀਪਕਾ, ਗੁਰਧਾਮ ਸੰਗ੍ਰਹਿ, ਖ਼ਾਲਸਾ ਧਰਮ ਪਤਿਤ ਪਾਵਨ, ਤਵਾਰੀਖ ਅੰਮ੍ਰਿਤਸਰ, ਤਵਾਰੀਖ ਲਾਹੌਰ, ਰਿਪੁਦਮਨ ਪ੍ਰਕਾਸ਼, ਭੁਪਿੰਦਰਾਨੰਦ, ਇਤਿਹਾਸ ਰਿਆਸਤ ਬਾਗੜੀਆ, ਸੂਰਜ ਪ੍ਰਕਾਸ਼ ਵਾਰਤਿਕ ਆਦਿ ਲਈ ਵਡਮੁੱਲਾ ਕਾਰਜ ਕੀਤਾ । ਇਨ੍ਹਾਂ ਸਾਰੀਆਂ ਰਚਨਾਵਾਂ ਵਿੱਚੋਂ ਬਹੁਤ ਸਾਰੀਆਂ ਬੇਸ਼ਕੀਮਤੀ ਰਚਨਾਵਾਂ ਅਣਛਪੀਆਂ ਹੀ ਰਹਿ ਗਈਆਂ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



ਇਸ ਮਹਾਨ ਇਤਿਹਾਸਕਾਰ ਤੇ ਸਿੱਖ ਵਿਦਵਾਨ ਨੇ ਜਿਥੇ ਸਿੱਖਾਂ ਦੀ ਮਹਾਨ ਜਥੇਬੰਦੀ ਨਿਰਮਲ ਸੰਪ੍ਰਦਾਇ ਲਈ ਬੇਮਿਸਾਲ ਕਾਰਜ ਕੀਤਾ, ਉਥੇ ਸਿੱਖ ਪੰਥ ਦੇ ਇਤਿਹਾਸਕ ਖੋਜ ਕਾਰਜਾਂ ਵਿੱਚ ਬਹੁਮੁੱਲਾ ਯੋਗਦਾਨ ਪਾਇਆ । ਆਪਣੀ ਪੂਰੀ ਉਮਰ ਜਿਹੜੀ ਸਖਤ ਘਾਲਣਾ ਘਾਲੀ ਉਸ ਦੀ ਕੋਈ ਕੀਮਤ ਚੁਕਾਈ ਹੀ ਨਹੀਂ ਜਾ ਸਕਦੀ । ਉਸ ਸਮੇਂ ਤੱਕ ਕੌਮ ਕੋਲ ਕੋਈ ਜਥੇਬੰਦਕ ਸੰਸਥਾਵਾਂ ਵੀ ਨਹੀਂ ਸਨ । ਜਿਹੜੀਆਂ ਸੰਸਥਾਵਾਂ ਉਦੋਂ ਕਾਰਜਸ਼ੀਲ ਵੀ ਸਨ, ਉਹ ਆਪਣੇ ਪੈਰਾਂ ਉੱਪਰ ਅਜੇ ਚੰਗੀ ਤਰ੍ਹਾਂ ਨਾਲ ਮਜ਼ਬੂਤੀ ਨਹੀਂ ਸਨ ਫੜ ਸਕੀਆਂ । ਗਿਆਨੀ ਜੀ ਵਡਮੁੱਲੇ ਕਾਰਜਾਂ ਨੂੰ ਸੰਪੂਰਨਾ ਦੇ ਕੇ ਆਪਣੀ ਆਯੂ ਦੇ 100ਵੇਂ ਵਰ੍ਹੇ ਵਿੱਚ 24 ਸਤੰਬਰ, 1921 ਈ: ਨੂੰ ਨਾਭਾ ਵਿਖੇ ਸੱਚਖੰਡ ਜਾ ਬਿਰਾਜੇ । ਇਨ੍ਹਾਂ ਦੀ ਯਾਦ ਸਦੀਵੀ ਬਣੀ ਰਹੇਗੀ।

## ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਪੰਜ-ਮੈਂਬਰੀ ਵਫ਼ਦ ਨੇ

# ਪੰਜਾਬ ਦੇ ਮੁੱਖ ਮੰਤਰੀ ਨਾਲ ਕੀਤੀ ਅਹਿਮ ਮੁਲਾਕਾਤ

### ਆਨੰਦਪੁਰ ਸਾਹਿਬ ਘਟਨਾਕ੍ਰਮ ਦੀ 15 ਦਿਨਾਂ 'ਚ SIT ਜਾਂਚ ਦੀ ਕੀਤੀ ਮੰਗ

**ਚੰਡੀਗੜ੍ਹ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦਾ ਇੱਕ ਉੱਚ-ਪੱਧਰੀ ਪੰਜ-ਮੈਂਬਰੀ ਵਫ਼ਦ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਨਾਲ ਉਨ੍ਹਾਂ ਦੀ ਚੰਡੀਗੜ੍ਹ ਸਥਿਤ ਸਰਕਾਰੀ ਰਿਹਾਇਸ਼ ਵਿਖੇ ਮਿਲਿਆ। ਇਹ ਮੁਲਾਕਾਤ ਤਕਰੀਬਨ ਅੱਧਾ ਘੰਟਾ ਚੱਲੀ, ਜਿਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਹੋਈ ਐਫ.ਆਈ.ਆਰ. ਅਤੇ ਉਸ ਤੋਂ ਬਾਅਦ ਵਾਪਰੇ ਗੰਭੀਰ ਘਟਨਾਕ੍ਰਮ ਸਬੰਧੀ ਬਹੁਤ ਹੀ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



ਵਫ਼ਦ ਵੱਲੋਂ ਮੁੱਖ ਮੰਤਰੀ ਸਾਹਿਬ ਨੂੰ ਇੱਕ ਵਿਸਥਾਰਤ ਮੰਗ ਪੱਤਰ ਸੌਂਪਿਆ ਗਿਆ। ਮੁਲਾਕਾਤ ਤੋਂ ਤੁਰੰਤ ਬਾਅਦ ਪੰਜ-ਮੈਂਬਰੀ ਵਫ਼ਦ ਵੱਲੋਂ ਪ੍ਰੈੱਸ ਨੂੰ ਇਹ ਬਿਆਨ ਜਾਰੀ ਕੀਤਾ ਗਿਆ:

ਮੁੱਖ ਮੰਤਰੀ ਨਾਲ ਵਿਚਾਰ-ਵਟਾਂਦਰੇ ਦੌਰਾਨ ਚੁੱਕੇ ਗਏ ਅਹਿਮ ਮੁੱਦੇ:

* ਏਅਰ ਟਿਕਟਾਂ ਅਤੇ ਆਗਮਨ ਦਾ ਮਕਸਦ: ਬਹਿਰੀਨ ਤੋਂ ਨਵੀਂ ਦਿੱਲੀ ਆਈ ਉਕਤ ਔਰਤ ਅਤੇ ਉਸ ਦੀ ਨੂਹ ਦੀਆਂ ਏਅਰ ਟਿਕਟਾਂ ਕਿਸ ਵੱਲੋਂ ਕਰਵਾਈਆਂ ਗਈਆਂ ਅਤੇ ਉਸ ਨੂੰ ਇੱਥੇ ਲਿਆਉਣ ਪਿੱਛੇ ਕੀ ਮਕਸਦ ਸੀ, ਇਸ ਦੀ ਤੁਰੰਤ ਜਾਂਚ ਹੋਵੇ।

* ਜੇਲ੍ਹ ਯਾਤਰਾ ਅਤੇ ਵੀ.ਆਈ.ਪੀ. ਸਹੂਲਤਾਂ: ਨਵੀਂ ਦਿੱਲੀ ਏਅਰਪੋਰਟ ਤੋਂ ਗ੍ਰਿਫ਼ਤਾਰੀ ਤੋਂ ਬਾਅਦ ਨਾਭਾ ਜੇਲ੍ਹ ਵਿੱਚ ਉਸ ਬੀਬੀ ਨੂੰ ਦਿੱਤੀਆਂ ਗਈਆਂ ਵੀ.ਆਈ.ਪੀ. ਸਹੂਲਤਾਂ ਅਤੇ ਉਸ ਸਮੇਂ ਜੇਲ੍ਹ 'ਚ ਬੰਦ ਬਿਕਰਮ ਸਿੰਘ ਮਜੀਠੀਆ ਨਾਲ ਉਸ ਦੀ ਮੁਲਾਕਾਤ ਹੋਣ ਜਾਂ ਨਾ ਹੋਣ ਦੇ ਤੱਥ ਸਾਹਮਣੇ ਲਿਆਂਦੇ ਜਾਣ।

* ਨਾਭਾ ਜੇਲ੍ਹ ਤੋਂ ਰਿਹਾਈ ਅਤੇ ਰਹਾਈਸ਼: ਨਾਭਾ ਜੇਲ੍ਹ ਤੋਂ ਰਿਹਾਅ ਹੋਣ ਉਪਰੰਤ ਉਸ ਬੀਬੀ ਨੂੰ ਸ੍ਰੀ ਆਨੰਦਪੁਰ ਸਾਹਿਬ ਦੇ 'ਭਾਈ ਬਚਿੱਤਰ ਸਿੰਘ ਨਿਵਾਸ' ਵਿੱਚ ਕਿਸ ਦੀਆਂ ਗੱਡੀਆਂ ਅਤੇ ਕਿਸ ਦੇ ਸੰਪਰਕ ਨਾਲ ਸ਼ਿਫ਼ਟ ਕੀਤਾ ਗਿਆ?

* ਸਿਆਸੀ ਪੁਸ਼ਤਪਨਾਹੀ: ਮੀਡੀਆ ਵਿੱਚ ਆ ਰਹੀਆਂ ਰਿਪੋਰਟਾਂ ਅਨੁਸਾਰ ਸ਼੍ਰੋਮਣੀ ਯੂਥ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸਰਵਜੀਤ ਸਿੰਘ ਝਿੰਜਰ ਵੱਲੋਂ ਟਿਕਟਾਂ ਕਰਵਾਉਣ, ਜੇਲ੍ਹ ਤੋਂ ਰਿਹਾਅ ਕਰਵਾਉਣ ਅਤੇ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਨਾਲ ਸੰਪਰਕ ਕਰਵਾਉਣ ਦੇ ਰੋਲ ਦੀ ਪੂਰੀ ਜਾਂਚ ਹੋਵੇ।

* ਅਨੈਤਿਕ ਸੁਨੇਹੇ ਤੇ ਸੰਪਰਕ: ਬੀਬੀ ਵੱਲੋਂ ਲਗਾਏ ਗਏ ਦੋਸ਼ਾਂ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਡਰਾਈਵਰ ਮੋਹਨ ਸਿੰਘ ਅਤੇ ਮੇਜਰ ਸਿੰਘ ਕਵੀਸ਼ਰ ਦੀ ਭੂਮਿਕਾ ਦੀ ਵੀ ਪੜਤਾਲ ਕੀਤੀ ਜਾਵੇ।

* ਐਸ.ਜੀ.ਪੀ.ਸੀ. ਦੀ ਸਰਪ੍ਰਸਤੀ: 8 ਮਹੀਨਿਆਂ ਦੇ ਸਮੇਂ ਦਰਮਿਆਨ ਇਹ ਬੀਬੀ ਕਿਨ੍ਹਾਂ-ਕਿਨ੍ਹਾਂ ਲੋਕਾਂ ਨੂੰ ਮਿਲੀ? ਐਸ.ਜੀ.ਪੀ.ਸੀ. ਦੇ ਪ੍ਰਬੰਧ ਅਧੀਨ ਇਹ ਜਾਂਚ ਕੀਤੀ ਜਾਵੇ ਕਿ ਐਸ.ਜੀ.ਪੀ.ਸੀ. ਨੇ ਉਸ ਨੂੰ ਆਪਣੇ ਪ੍ਰਬੰਧ ਹੇਠ ਕਿਉਂ ਠਹਿਰਾਇਆ? ਇਸ ਸਬੰਧੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਤੋਂ ਲੈ ਕੇ ਸੇਵਾਦਾਰਾਂ ਤੱਕ ਪੁੱਛਗਿੱਛ ਹੋਵੇ।



* ਦੋਸ਼ੀ ਨੂੰ ਸੁਰੱਖਿਅਤ ਰਸਤਾ: ਐਫ.ਆਈ.ਆਰ. ਦਰਜ ਹੋਣ ਤੋਂ ਬਾਅਦ ਮੁਲਜ਼ਮ ਅਮਰਜੀਤ ਸਿੰਘ ਚਾਵਲਾ ਨੂੰ ਵਿਦੇਸ਼ ਭੇਜਣ ਵਿੱਚ ਕਿਸ ਦਾ ਹੱਥ ਹੈ ਅਤੇ ਉਸ ਨੂੰ ਸੇਫ਼ ਪੈਸੇਜ (Safe Passage) ਕਿਸ ਵੱਲੋਂ ਦਿੱਤਾ ਗਿਆ, ਇਸ ਦਾ ਸੱਚ ਵੀ ਸਾਹਮਣੇ ਆਉਣਾ ਚਾਹੀਦਾ ਹੈ।

ਕੌਮ ਦੀ ਚਿੰਤਾ ਅਤੇ ਮੰਗ:

ਵਫ਼ਦ ਨੇ ਮੁੱਖ ਮੰਤਰੀ ਸਾਹਿਬ ਦੇ ਧਿਆਨ ਵਿੱਚ ਲਿਆਂਦਾ ਕਿ ਸ੍ਰੀ ਆਨੰਦਪੁਰ ਸਾਹਿਬ ਖਾਲਸੇ ਦੀ ਪਵਿੱਤਰ ਜਨਮ ਭੂਮੀ ਹੈ। ਬੀਤੇ ਦਿਨਾਂ ਤੋਂ ਚੱਲ ਰਹੀ ਇਸ ਇਲਜ਼ਾਮਬਾਜ਼ੀ ਕਾਰਨ ਦੇਸ਼-ਵਿਦੇਸ਼ ਦੀ ਸਮੁੱਚੀ ਸਿੱਖ ਕੌਮ ਵਿੱਚ ਭਾਰੀ ਚਿੰਤਾ ਅਤੇ ਰੋਸ ਹੈ। ਇਸ ਘਟਨਾਕ੍ਰਮ ਨਾਲ ਸਿੱਖਾਂ ਦੀਆਂ ਮਹਾਨ ਸੰਸਥਾਵਾਂ — ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ — ਦੇ ਮਾਨ-ਸਨਮਾਨ 'ਤੇ ਗੰਭੀਰ ਪ੍ਰਸ਼ਨ ਚਿੰਨ੍ਹ ਲੱਗ ਰਹੇ ਹਨ। ਵਫ਼ਦ ਵੱਲੋਂ ਮੰਗ ਕੀਤੀ ਗਈ ਕਿ ਕਿਸੇ ਇਮਾਨਦਾਰ ਸੀਨੀਅਰ ਅਫ਼ਸਰ ਦੀ ਅਗਵਾਈ ਹੇਠ ਵਿਸ਼ੇਸ਼ ਜਾਂਚ ਟੀਮ (SIT) ਗਠਿਤ ਕਰਕੇ 15 ਦਿਨਾਂ ਦੇ ਅੰਦਰ ਫਾਸਟ-ਟ੍ਰੈਕ ਰੂਪ ਵਿੱਚ ਪੂਰੀ ਜਾਂਚ ਨਿਪਟਾਈ ਜਾਵੇ ਤਾਂ ਜੋ ਅਸਲ ਸੱਚਾਈ ਦੁਨੀਆ ਸਾਹਮਣੇ ਆ ਸਕੇ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



# Antim Ardaas

# S. Onkar Singh Hundal

Left for his heavenly abode on
**Sunday 20-Sep-2026**

## Program

- **Antim Ardaas**

on 27-Sep-2026 at Gurudwara Shri Singh Sabha,
Phase-11, Mohali
1:30 PM to 2:30 PM
followed by Langar

*Grief stricken*
**Hundal Family**

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਿਹ!

ਆਵਾਜ਼ਿ ਕੌਮ AWAZE QAUM International Newspaper & WEB TV



ਸ੍ਰੀ ਦਮਦਮਾ ਸਾਹਿਬ ਤੱਕ ਕੱਢੇ ਜਾਣ ਵਾਲੇ ਮਾਰਚ ਸਬੰਧੀ ਹੋਈ ਮੀਟਿੰਗ ਤੋਂ ਬਾਅਦ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਅਤੇ ਹੋਰ ਪੰਥਕ ਆਗੂ ਜਾਣਕਾਰੀ ਦਿੰਦੇ ਹੋਏ।

# ਬੰਦੀ ਸਿੰਘਾਂ ਦੀ ਰਿਹਾਈ ਲਈ ਮਾਰਚ 2 ਤੋਂ 3 ਅਕਤੂਬਰ ਨੂੰ-ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ

- » ਮਾਰਚ ਫ਼ਤਿਹਗੜ੍ਹ ਸਾਹਿਬ ਤੋਂ ਸ੍ਰੀ ਦਮਦਮਾ ਸਾਹਿਬ ਤੱਕ ਨਿਕਲੇਗਾ
- » ਸਮੂਹ ਸੰਗਤ ਨੂੰ ਵੱਧ ਤੋਂ ਵੱਧ ਸ਼ਾਮਲ ਹੋਣ ਦੀ ਕੀਤੀ ਅਪੀਲ

ਵੱਖ-ਵੱਖ ਪੰਥਕ ਜਥੇਬੰਦੀਆਂ, ਸੰਤਾਂ ਮਹਾਪੁਰਖਾਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਵੱਲੋਂ ਉਲੀਕੇ ਗਏ ਪ੍ਰੋਗਰਾਮ ਲਈ ਦੋ ਦਿਨਾਂ ਮਾਰਚ 2 ਤੇ 3 ਅਕਤੂਬਰ ਲਈ ਕੱਢੇ ਜਾਣ ਲਈ ਇਕ ਮੀਟਿੰਗ ਮੋਗਾ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਦੀ ਅਗਵਾਈ 'ਚ ਕੀਤੀ ਗਈ। ਜਿਸ 'ਚ ਸਮੂਹ ਸੰਸਥਾਵਾਂ, ਕਲੱਬਾਂ ਤੇ ਸਮਾਜਸੇਵੀ ਸੰਸਥਾਵਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਅਪੀਲ ਕੀਤੀ ਗਈ ਅਤੇ ਮਾਰਚ ਨੂੰ ਸਫਲ ਬਣਾਉਣ ਲਈ ਵੱਡੀ ਗਿਣਤੀ 'ਚ ਸੰਗਤਾਂ ਨੂੰ ਆਪਣੀਆਂ ਗੱਡੀਆਂ ਤੇ ਹੋਰ ਬੱਸਾਂ ਆਦਿ ਲੈ ਕੇ ਮਾਰਚ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਗਈ। ਸਿੰਘ ਸਾਹਿਬ ਭਾਈ ਰੋਡੇ ਨੇ ਕਿਹਾ ਕਿ ਲੰਬੇ ਸਮੇਂ ਤੋਂ ਬੰਦੀ ਸਿੰਘ ਜੇਲ੍ਹਾਂ 'ਚ ਬੰਦ ਹਨ, ਜਿਨ੍ਹਾਂ ਦੀ ਰਿਹਾਈ ਨਾ ਕਰਕੇ ਸਰਕਾਰਾਂ ਸਿੱਖਾਂ ਨਾਲ ਅਨਿਆਏ ਕਰ ਰਹੀਆਂ ਹਨ। ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਜੇਲ੍ਹਾਂ 'ਚ ਬੰਦ ਹਨ। ਉਨ੍ਹਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਵੱਲੋਂ ਕੱਢੇ ਜਾ ਰਹੇ ਦੋ ਦਿਨਾਂ ਮਾਰਚ 'ਚ ਪਿੰਡਾਂ ਤੇ ਸ਼ਹਿਰਾਂ ਦੀਆਂ ਸੰਗਤਾਂ ਨੂੰ ਜ਼ਰੂਰ ਸ਼ਾਮਲ ਹੋਣਾ ਚਾਹੀਦਾ ਹੈ। ਸਿੰਘ ਸਾਹਿਬ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾਂ ਕਿ ਗ੍ਰੰਥੀ ਸਿੰਘ ਨਿਤਨੇਮ ਉਪਰੰਤ ਸਮੂਹ ਗੁਰਦੁਆਰਾਂ ਸਾਹਿਬਾਨ 'ਚ ਸਵੇਰ ਤੇ ਸ਼ਾਮ ਮੁਨਾਦੀ ਕਰਨ ਅਤੇ ਧਾਰਮਿਕ ਸਮਾਗਮਾਂ ਤੇ ਸੋਸ਼ਲ ਮੀਡੀਆ ਰਾਹੀਂ ਵੀ ਇਸ ਮਾਰਚ 'ਚ ਸ਼ਾਮਲ ਹੋਣ ਲਈ ਸੰਗਤਾਂ ਨੂੰ ਪ੍ਰੇਰਿਤ ਕਰਨ। ਇਹ ਮਾਰਚ 2 ਅਕਤੂਬਰ ਨੂੰ ਫ਼ਤਿਹਗੜ੍ਹ ਸਾਹਿਬ ਤੋਂ ਰਵਾਨਾਂ ਹੋ ਕੇ 3 ਅਕਤੂਬਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋਂ ਵਿਖੇ ਸਮਾਪਤ ਹੋਵੇਗਾ। ਅੰਤ 'ਚ ਪਿੰਡਾਂ ਦੀਆਂ ਸਮੂਹ ਨਗਰ ਪੰਚਾਇਤਾਂ, ਖੇਡ ਕਲੱਬਾਂ, ਸਮੂਹ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੂੰ ਵੀ ਬੇਨਤੀ ਕੀਤੀ ਗਈ ਕਿ ਇਸ ਮਾਰਚ ਨੂੰ ਸਫਲ ਬਨਾਉਣ ਵੱਡੀ ਗਿਣਤੀ 'ਚ ਗੱਡੀਆਂ 'ਤੇ ਖਾਲਸਾਈ ਝੰਡੇ ਲਗਾ ਕੇ ਸ਼ਮੂਲੀਅਤ ਕੀਤੀ ਜਾਵੇ। ਇਸ ਮੌਕੇ ਭਾਈ ਮੋਹਕਮ ਸਿੰਘ, ਭਾਈ ਗੁਰਦੀਪ ਸਿੰਘ ਬਠਿੰਡਾ, ਜਥੇ. ਬੂਟਾ ਸਿੰਘ ਰਣਸੀਂਹ ਕਲਾਂ ਆਦਿ ਵੀ ਸਾਥੀਆਂ ਸਮੇਤ ਹਾਜ਼ਰ ਸਨ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ

# ਵਿਸ਼ਵ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ




ਬਿਲਾਸਪੁਰ/ਮੋਗਾ -(ਵਰਿਆਮ ਹਠੂਰ) ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਵਿਸ਼ਵ ਪੰਜਾਬੀ ਮਾਂ ਬੋਲੀ ਦਿਵਸ ਬੜੇ ਉਤਸ਼ਾਹ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ, ਭਾਸ਼ਣਾਂ, ਗੀਤਾਂ ਅਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਪੰਜਾਬੀ ਮਾਂ ਬੋਲੀ ਦੀ ਮਹੱਤਤਾ, ਪੰਜਾਬੀ ਸਾਹਿਤ, ਸੱਭਿਆਚਾਰ ਅਤੇ ਵਿਰਸੇ ਨਾਲ ਸਬੰਧਤ ਆਪਣੇ ਵਿਚਾਰ ਸਾਂਝੇ ਕੀਤੇ। ਅਧਿਆਪਕਾਂ ਵੱਲੋਂ ਵੀ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਨਾਲ ਜੁੜੇ ਰਹਿਣ ਅਤੇ ਪੰਜਾਬੀ ਭਾਸ਼ਾ ਨੂੰ ਪੜ੍ਹਨ, ਲਿਖਣ ਅਤੇ ਬੋਲਣ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਧਾਨ ਸਰਦਾਰ ਚਰਨ ਸਿੰਘ ਤੇ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਸਾਡੀ ਪਹਿਚਾਣ, ਵਿਰਾਸਤ ਅਤੇ ਸੱਭਿਆਚਾਰ ਦੀ ਅਹਿਮ ਨਿਸ਼ਾਨੀ ਹੈ। ਸਾਨੂੰ ਆਪਣੀ ਮਾਂ ਬੋਲੀ 'ਤੇ ਮਾਣ ਕਰਦਿਆਂ ਇਸ ਦੀ ਸੰਭਾਲ ਅਤੇ ਪ੍ਰਸਾਰ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੰਜਾਬੀ ਮਾਂ ਬੋਲੀ ਦੇ ਸਤਿਕਾਰ ਅਤੇ ਇਸ ਨੂੰ ਹੋਰ ਪ੍ਰਫੁੱਲਤ ਕਰਨ ਦਾ ਸੰਕਲਪ ਲਿਆ। ਸਮੂਹ ਸਕੂਲ ਭਾਈਚਾਰੇ ਵੱਲੋਂ ਇਸ ਮੌਕੇ ਪੰਜਾਬੀ ਮਾਂ ਬੋਲੀ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਝਲਾ, ਲੱਡਾ, ਪੁੰਨਾਵਾਲ ਅਤੇ ਕਹੇਰੂ ਨੇ ਚੇਅਰਮੈਨ ਘੁੱਲੀ ਨੂੰ ਦੁਬਾਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਣਨ ਤੇ ਕੀਤਾ ਸਨਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਆਗੂ ਨਪਿੰਦਰ ਸਿੰਘ ਕਾਂਝਲਾ, ਮਨਜੀਤ ਸਿੰਘ ਲੱਡਾ, ਦਵਿੰਦਰ ਸਿੰਘ ਪੁੰਨਾਵਾਲ ਅਤੇ ਗੁਰਪਿੰਦਰ ਸਿੰਘ ਕਹੇਰੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਦੁਬਾਰਾ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਮਾਰਕੀਟ ਕਮੇਟੀ ਵਿੱਚ ਪਹੁੰਚ ਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਸੇਵਾ ਨੂੰ ਉਹ ਤਨ ਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਜਿਵੇਂ ਹੀ ਪਿਛਲੇ ਤਿੰਨ ਸਾਲਾਂ ਵਿੱਚ ਉਹਨਾਂ ਵੱਲੋਂ ਮਾਰਕੀਟ ਕਮੇਟੀ ਦੇ ਅੰਦਰ ਆਉਂਦੀਆਂ ਮੰਡੀਆਂ ਦੇ ਫੜਾ ਨੂੰ ਪੱਕਾ ਕਰਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਉਸੇ ਹੀ ਤਰਾਂ ਆਉਣ ਵਾਲੀ ਸਮੇਂ ਵਿੱਚ ਰਹਿੰਦੀਆਂ ਮੰਡੀਆਂ ਨੂੰ ਹੋਰ ਸਹੂਲਤਾਂ ਦੇ ਕੇ ਕਾਮਯਾਬ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ। ਇਸ ਮੌਕੇ ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਗੋਬਿੰਦ, ਆਪ ਆਗੂ ਹਰਪਰੀਤ ਸਿੰਘ ਗਿੱਲ, ਅਰਵਿੰਦ ਨਾਭਾ, ਦੱਤਾ ਨਾਭਾ, ਜਸਵਿੰਦਰ ਖੁਰਮੀ, ਭਿੰਦਾ ਵਿਰਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਨੰਬਰ-1 ਲੜਕੇ, ਜੰਡਿਆਲਾ ਗੁਰੂ ਦੀ ਨਵੀਂ ਇਮਾਰਤ ਦਾ ਉਦਘਾਟਨ





ਜੰਡਿਆਲਾ ਗੁਰੂ 23 ਸਤੰਬਰ: ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਨੰਬਰ-1 ਲੜਕੇ, ਜੰਡਿਆਲਾ ਗੁਰੂ ਦੀ ਨਵੀਂ ਇਮਾਰਤ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਵੀ ਕਰਵਾਇਆ ਗਿਆ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੇ ਬਲਾਕ ਜੰਡਿਆਲਾ ਗੁਰੂ ਅਧੀਨ ਆਉਂਦੇ ਇਸ ਸਕੂਲ ਦੀ ਨਵੀਂ ਇਮਾਰਤ ਦਾ ਨਿਰਮਾਣ 60.80 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਪੀ.ਆਈ.ਡੀ.ਬੀ. ਸਕੀਮ ਅਧੀਨ ਪ੍ਰਾਪਤ ਫੰਡਾਂ ਨਾਲ ਸਕੂਲ ਦੀ ਨਵੀਂ ਇਮਾਰਤ ਦਾ ਨਿਰਮਾਣ ਕਾਰਜ ਪੂਰਾ ਕੀਤਾ ਗਿਆ ਹੈ। ਨਵੀਂ ਇਮਾਰਤ ਵਿੱਚ 7 ਨਵੇਂ ਕਮਰਿਆਂ, ਵਾਸ਼ਰੂਮਾਂ ਅਤੇ ਇੰਟਰਲਾਕ ਟਾਇਲਾਂ ਦਾ ਕੰਮ ਕਰਵਾਇਆ ਗਿਆ ਹੈ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਆਧੁਨਿਕ ਅਤੇ ਸੁਵਿਧਾਜਨਕ ਸਕੂਲੀ ਇਮਾਰਤਾਂ ਵਿਦਿਆਰਥੀਆਂ ਨੂੰ ਬਿਹਤਰ ਵਿੱਦਿਅਕ ਮਾਹੌਲ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਯਕੀਨੀ ਬਣਾਉਣ ਲਈ ਵਿਕਾਸ ਕਾਰਜ ਲਗਾਤਾਰ ਜਾਰੀ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਾਬਕਾ ਈ. ਡੀ. ਅਧਿਕਾਰੀ ਨਿਰੰਜਨ ਸਿੰਘ ਤੇ

# ਸਾਬਕਾ ਡੀ. ਐਸ. ਪੀ. ਬਲਵਿੰਦਰ ਸਿੰਘ ਸੇਖੋਂ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ











ਚੰਡੀਗੜ੍ਹ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਦੀ ਸਿਆਸਤ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਕਾਫਲਾ ਦਿਨੋਂ-ਦਿਨ ਤੇਜ਼ੀ ਨਾਲ ਵੱਧ ਰਿਹਾ ਹੈ। ਅੱਜ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਦੋ ਇਮਾਨਦਾਰ ਅਤੇ ਸਾਫ਼-ਸੁਥਰੀ ਸਾਖ ਵਾਲੀਆਂ ਸ਼ਖਸੀਅਤਾਂ ਨੇ ਪਾਰਟੀ 'ਚ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਾਬਕਾ ਈ.ਡੀ ਅਧਿਕਾਰੀ ਸ੍ਰ ਨਿਰੰਜਨ ਸਿੰਘ ਜੀ ਅਤੇ ਸਾਬਕਾ ਡੀ.ਐਸ.ਪੀ ਸ੍ਰ ਬਲਵਿੰਦਰ ਸਿੰਘ ਸੇਖੋਂ ਜੀ ਅੱਜ ਅਧਿਕਾਰਤ ਤੌਰ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਹਿੱਸਾ ਬਣ ਗਏ ਹਨ। ਦੋਹਾਂ ਸ਼ਖਸੀਅਤਾਂ ਨੇ ਆਪਣੀ ਨੌਕਰੀ ਦੌਰਾਨ ਬਿਨਾਂ ਕਿਸੇ ਦਬਾਅ ਤੋਂ ਆਪਣੇ ਫਰਜ਼ ਨੂੰ ਇਮਾਨਦਾਰੀ ਨਾਲ ਨਿਭਾ ਕੇ ਸੱਚ ਦਾ ਪਹਿਰਾ ਦਿੱਤਾ ਹੈ ਅਤੇ ਸਮਾਜ 'ਚ ਆਪਣੀ ਵੱਖਰੀ ਪਹਿਚਾਣ ਬਣਾਈ ਹੈ।

**ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਕਾਫਲਾ ਦਿਨੋਂ-ਦਿਨ ਤੇਜ਼ੀ ਨਾਲ ਵੱਧ ਰਿਹਾ**

ਇਸ ਮੌਕੇ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਜੀ, ਚਾਚਾ ਪ੍ਰਗਟ ਸਿੰਘ ਜੀ ਅਤੇ ਸਮੁੱਚੀ ਹਾਈਕਮਾਂਡ ਵੱਲੋਂ ਦੋਹਾਂ ਆਗੂਆਂ ਨੂੰ ਜੀ ਆਇਆਂ ਆਖਿਆ ਗਿਆ।

ਪਾਰਟੀ ਦੇ ਮੈਂਬਰ ਪਾਰਲੀਮੈਂਟ ਬੋਰਡ ਬਾਬਾ ਸੁਖਵਿੰਦਰ ਸਿੰਘ ਅਗਵਾਨ ਨੇ ਕਿਹਾ ਕਿ ਅੱਜ ਪੰਜਾਬ ਦੇ ਸੁੱਚੇ-ਸੁੱਚੇ, ਪੜ੍ਹੇ-ਲਿਖੇ, ਚੰਗੀ ਸੋਚ ਰੱਖਣ ਵਾਲੇ ਵਿਦਵਾਨ ਲੋਕ ਬੜੇ ਚਾਅ ਤੇ ਖੁਸ਼ੀ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ ਹੋ ਰਹੇ ਹਨ। ਇਹ ਇਸ ਗੱਲ ਦਾ ਸਬੂਤ ਹੈ ਕਿ ਪੰਜਾਬੀ ਹੁਣ ਇੱਕ ਪਾਸਾ ਕਰਨ ਦੀ ਤਿਆਰੀ ਕਰ ਚੁੱਕੇ ਹਨ।

ਉਹਨਾਂ ਕਿਹਾ, "ਅਸੀਂ ਪੰਜਾਬ ਦੇ ਸੁੱਚੇ ਲੋਕਾਂ ਨੂੰ ਬੇਨਤੀ ਕਰਦੇ ਹਾਂ ਕਿ ਕਿਤੇ ਲੇਟ ਨਾ ਹੋ ਜਾਇਓ, ਫਿਰ ਪਛਤਾਵਾ ਰਹਿ ਜਾਂਦਾ ਹੈ। ਝੂਠਿਆਂ, ਠੱਗਾਂ, ਲੁਟੇਰਿਆਂ ਅਤੇ ਕਿਰਦਾਰੋਂ ਡਿੱਗੇ ਹੋਏ ਲੋਕਾਂ ਦਾ ਸਾਥ ਦੇਣ ਦੀ ਥਾਂ ਸੱਚ ਦਾ ਸਾਥ ਦਿਓ, ਤੁਹਾਡੀ ਰੂਹ ਤੁਹਾਡੇ 'ਤੇ ਮਾਣ ਕਰੇਗੀ।" ਬਾਬਾ ਅਗਵਾਨ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹਨਾਂ ਉੱਚੇ ਕੱਦ ਵਾਲੀਆਂ ਸ਼ਖਸੀਅਤਾਂ ਦੇ ਆਉਣ ਨਾਲ ਪਾਰਟੀ ਨੂੰ ਹੋਰ ਬਲ ਮਿਲੇਗਾ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪਾਰਟੀ ਮਜ਼ਬੂਤੀ ਨਾਲ ਸਰਕਾਰ ਬਣਾਵੇਗੀ। ਉਹਨਾਂ ਕਿਹਾ ਕਿ ਚੰਗੇ ਲੋਕਾਂ ਲਈ ਪਾਰਟੀ ਦੇ ਬੂਹੇ ਦਿਨ-ਰਾਤ ਖੁੱਲ੍ਹੇ ਹਨ।

### ਚੇਅਰਮੈਨ ਘੁੱਲੀ, ਡਾਕਟਰ ਅਨਵਰ ਭਸੌੜ ਅਤੇ ਕਾਂਝਲਾ ਨੇ

# ਜਸ਼ਨ-ਏ-ਇੰਨਕਲਾਬ ਪ੍ਰੋਗਰਾਮ ਦਾ ਪੋਸਟਰ ਰਿਲੀਜ਼ ਕੀਤਾ




**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸਹੀਦੇ ਆਜ਼ਮ ਸ਼ਹੀਦ ਭਗਤ ਸਿੰਘ ਜੀ ਦਾ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ 28 ਸਤੰਬਰ ਨੂੰ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਵੱਲੋਂ ਲੁਧਿਆਣਾ ਪੰਜਾਬੀ ਯੂਨੀਵਰਸਿਟੀ ਵਿੱਚ ਜਸਨ ਏ ਇੰਨਕਲਾਬ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ ।ਜਿਸ ਦਾ ਪੋਸਟਰ ਰਿਲੀਜ਼ ਕਰਨ ਦੀ ਰਸਮ ਮੁੱਖ ਮੰਤਰੀ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ , ਮੁੱਖ ਮੰਤਰੀ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲਾ ਪਰਿਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਮੁੱਖ ਮੰਤਰੀ ਦਫਤਰ ਵਿਖੇ ਕੀਤੀ। ਇਸ ਮੌਕੇ ਸਰਪੰਚ ਪਰਮਜੀਤ ਸਿੰਘ ਕਹੇਰੂ, ਯੂਥ ਵਿੰਗ ਦੇ ਸੀਨੀਅਰ ਆਗੂ ਮਾਣਾ ਗਰੇਵਾਲ, ਨਸ਼ਾ ਮੁਕਤੀ ਮੋਰਚਾ ਦੇ ਬਲਾਕ ਕੁਆਰਡੀਨੇਟਰ ਹਰਪ੍ਰੀਤ ਗਿੱਲ, ਚੇਅਰਮੈਨ ਜਸਵਿੰਦਰ ਸਿੰਘ ਖੁਰਮੀ, ਹਰਵਿੰਦਰ ਸਿੰਘ ਬਰੜਵਾਲ ,ਆਪ ਆਗੂ ਗੁਰਪ੍ਰੀਤ ਸਿੰਘ, ਆਪ ਆਗੂ ਸੰਭੂ ਧੂਰੀ, ਆਪ ਆਗੂ ਬੱਬੂ ਧੂਰੀ , ਆਪ ਆਗੂ ਭਿੰਦਾ ਵਿਰਕ , ਬਿੱਟੂ ਖੁਰਮੀ ਪੇਧਨੀ, ਆਪ ਆਗੂ ਅਮਨਦੀਪ ਸਿੰਘ, ਆਪ ਆਗੂ ਨੰਬਰਦਾਰ ਬੇਲੇਵਾਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਤਾਵਰਣ ਸਿੱਖਿਆ ਦਾ ਮਤਲਬ ਸਿਰਫ ਬੂਟੇ ਲਾਉਣਾ ਨਹੀਂ: ਨਰਿੰਦਰ ਸਿੰਘ

### ਸਮੂਹ ਵਾਤਾਵਰਣ ਸਿੱਖਿਆ ਨੋਡਲ ਅਧਿਕਾਰੀਆਂ ਦੀ "ਗ੍ਰੀਨ ਪ੍ਰੋਗਰਾਮ" ਵਰਕਸ਼ਾਪ ਆਯੋਜਿਤ



**ਚੌਕ ਮਹਿਤਾ, 23 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਿਆ ਵਿਭਾਗ ਪੰਜਾਬ ਵੱਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ 2025-26 ਤਹਿਤ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰੀ ਵਰਕਸ਼ਾਪਾਂ ਲਾਈਆਂ ਜਾ ਰਹੀਆਂ ਹਨ। ਇਸੇ ਪ੍ਰਕਾਰ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਵਾਤਾਵਰਣ ਸਿੱਖਿਆ ਦੇ ਨੋਡਲ ਅਫਸਰਾਂ ਦੀ ਇੱਕ ਰੋਜ਼ਾ ਵਰਕਸ਼ਾਪ "ਗ੍ਰੀਨ ਪ੍ਰੋਗਾਰਮ" ਵਰਕਸ਼ਾਪ ਸ਼ਹਿਰ ਦੇ ਇੱਕ ਨਿਜੀ ਸਕੂਲ ਵਿਖੇ ਆਯੋਜਿਤ ਕੀਤੀ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ. ਹਰਜਿੰਦਰ ਸਿੰਘ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ਼੍ਰੀ ਰਾਜੇਸ਼ ਖੰਨਾ ਦੀ ਸਰਪ੍ਰਸਤੀ ਅਤੇ ਸਟੇਟ ਰਿਸੋਰਸ ਪਰਸਨ ਅਤੇ "ਗ੍ਰੀਨ ਪ੍ਰੋਗਰਾਮ" ਵਕਸ਼ਾਪ ਦੇ ਇੰਚਾਰਜ ਸ. ਨਰਿੰਦਰ ਸਿੰਘ ਦੀ ਨਿਗਰਾਨੀ ਹੇਠ ਇਹ ਵਰਕਸ਼ਾਪ ਅਧਿਆਪਕਾਂ ਦੇ ਪੂਰੇ ਉਤਸ਼ਾਹ ਅਤੇ ਸਹਿਯੋਗ ਨਾਲ ਨੇਪਰੇ ਚੜੀ। ਸ. ਨਰਿੰਦਰ ਸਿੰਘ ਵੱਲੋਂ ਵਾਤਾਵਰਣ ਸਿੱਖਿਆ ਅਤੇ ਖਾਸ ਤੌਰ ਉੱਤੇ "ਗ੍ਰੀਨ ਪ੍ਰੋਗਰਾਮ" ਉੱਤੇ ਚਰਚਾ ਕਰਦੇ ਦੱਸਿਆ ਕਿ ਸਿਰਫ ਬੂਟੇ ਲਾ ਲੈਣ ਨੂੰ ਵਾਤਾਵਰਣ ਸਿੱਖਿਆ ਨਾ ਸਮਝਿਆ ਜਾਵੇ, ਸਗੋਂ ਇਸ ਦੇ ਘੇਰੇ ਨੂੰ ਵਿਸ਼ਾਲਤਾ ਨਾਲ ਸਮਝਦਿਆਂ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਦੇ ਨਾਲ ਨਾਲ ਵਿਦਿਆਰਥੀਆਂ ਨਾਲ ਜੁੜੇ ਹਰ ਤਰਾਂ ਦੇ ਵਾਤਾਵਰਣ ਨੂੰ ਸਹੀ ਰਸਤੇ ਪਾਇਆ ਜਾਵੇ ਅਤੇ ਵਿਦਿਆਰਥੀਆਂ ਦੀ ਊਰਜਾ ਨੂੰ ਨਿੱਕੇ ਨਿੱਕੇ ਉਸਾਰੂ ਕੰਮਾਂ ਵੱਲ ਵਰਤਿਆ ਜਾਵੇ। ਇਸ ਵਰਕਸ਼ਾਪ ਵਿੱਚ ਪੀਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਿਹਰਬਾਨ ਪੁਰਾ ਦੇ ਪ੍ਰਿੰਸੀਪਲ ਸ. ਮਨਜਿੰਦਰ ਸਿੰਘ ਵੱਲੋਂ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਗਈ। ਉਨ੍ਹਾਂ ਵੱਲੋਂ ਬਹੁਤ ਹੀ ਸੋਹਣੀਆਂ ਉਦਾਹਰਣਾਂ ਦੇ ਕੇ ਮਾਹੌਲ ਨੂੰ ਖੁਸ਼ਗਵਾਰ ਬਣਾਇਆ ਗਿਆ। ਮੀਡੀਆ ਕੋਆਰਡੀਨੇਟਰ ਸ਼੍ਰੀ ਨਰਿੰਦਰ ਰਾਏ ਵੱਲੋਂ ਦੱਸਿਆ ਗਿਆ ਕਿ ਇਸ ਸਾਰੇ ਪ੍ਰੋਗਰਾਮ ਨੂੰ ਬੇਹੱਦ ਉਸਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਬੰਧਕ ਮੈਡਮ ਮਨਦੀਪ ਕੌਰ, ਮੈਡਮ ਗਗਨਦੀਪ ਕੌਰ, ਮੈਡਮ ਡੌਲੀ, ਮੈਡਮ ਪੁਨੀਤ ਕੌਰ ਅਤੇ ਮੈਡਮ ਜੋਤੀ ਸ਼ਰਮਾਂ ਵਧਾਈ ਦੇ ਪਾਤਰ ਹਨ। ਇਸ ਮੌਕੇ ਹਾਜ਼ਰੀਨ ਅਧਿਆਪਕਾਂ ਵੱਲੋਂ ਪੂਰੀ ਤਰ੍ਹਾਂ ਨਾਲ ਸੁਆਲ- ਜੁਆਬ ਕਰਦਿਆਂ ਆਪਣੇ ਅਤੇ ਦੂਸਰਿਆਂ ਦੇ ਗਿਆਨ ਵਿੱਚ ਵਾਧਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਹੀਦ ਬਾਬਾ ਸੁੱਧਾ ਸਿੰਘ ਦਕੋਹਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਅੰਮ੍ਰਿਤ ਸੰਚਾਰ 5 ਅਕਤੂਬਰ ਨੂੰ

### ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਕਕਾਰ ਫ੍ਰੀ ਦਿੱਤੇ ਜਾਣਗੇ ਹੇਠਾਂ ਦਿੱਤੇ ਨੰਬਰਾਂ ਤੇ ਸੰਪਰਕ ਕਰਕੇ ਨਾਮ ਦਰਜ ਕਰਵਾਉਣ ਭਾਈ ਹਰਦੇਵ ਸਿੰਘ



ਜੰਡਿਆਲਾ ਗੁਰੂ 23 ਸਤੰਬਰ (ਕੁਲਵੰਤ ਸਿੰਘ ਵਿਰਦੀ ) ਅੱਜ ਸਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਸੰਚਾਲਕ ਭਾਈ ਹਰਦੇਵ ਸਿੰਘ ਜੀ ਨੇ ਪ੍ਰੈਸ ਨੋਟ ਜਾਰੀ ਕਰਦਿਆ ਹੋਇਆ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਹੀਦ ਬਾਬਾ ਸੁੱਧਾ ਸਿੰਘ ਪਿੰਡ ਦਕੋਹਾ ਜਿਲ੍ਹਾ ਗੁਰਦਾਸਪੁਰ ਵਿਖੇ 5 ਅਕਤੂਬਰ ਦਿਨ ਸੋਮਵਾਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਸਮੂਹ ਇਲਾਕਾ ਨਿਵਾਸੀ ਅੰਮ੍ਰਿਤ ਅਭਿਲਾਖੀਆਂ ਨੂੰ ਬੇਨਤੀ ਹੈ ਕਿ ਜਿੰਨਾਂ ਸੰਗਤਾਂ ਨੇ ਅੰਮ੍ਰਿਤ ਛੱਕ ਕਿ ਗੁਰੂ ਵਾਲੇ ਬਣਨਾ ਹੈ ਦਿੱਤੇ ਹੋਏ ਨੰਬਰ 99147-19780, 88720-82013,78146-05801, ਤੇ ਸੰਪਰਕ ਕਰਕੇ ਆਪਣਾ ਨਾਮ ਦਰਜ ਕਰਵਾਓ ਅੱਗੇ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਫ੍ਰੀ ਦਿੱਤੇ ਜਾਣਗੇ ਸੰਗਤਾਂ ਨੂੰ ਬੇਨਤੀ ਹੈ ਕਿ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ 5 ਅਕਤੂਬਰ ਨੂੰ ਸਵੇਰੇ 8/30 ( ਸਾਢੇ ਅੱਠ) ਤੋਂ ਪਹਿਲਾਂ ਕੇਸੀ ਇਸਨਾਨ ਕਰਕੇ ਸਮੇਂ ਸਿਰ ਗੁਰਦੁਆਰਾ ਸਹੀਦ ਬਾਬਾ ਸੁੱਧਾ ਸਿੰਘ ਵਿਖੇ ਪਹੁੰਚ ਕਿ ਸਰਬੰਸਦਾਨੀ ਸਾਹਿਬੇ ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਹੁਕਮ ਪੀਵਹੁ ਪਾਹੁਲ ਖੰਡਧਾਰ ਹੁਇ ਜਨਮੁ ਸੁਹੇਲਾ ਨੂੰ ਸਮਰਪਿਤ ਹੋ ਕਿ ਅੰਮ੍ਰਿ ਬਾਟਾ ਛਕ ਕਿ ਗੁਰੂ ਵਾਲੇ ਬਣ ਕਿ ਆਪਣਾ ਜੀਵਨ ਸਫਲ ਬਣਾਓ! ਅੱਗੇ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਸਮੇਂ ਨੂੰ ਮੁੱਖ ਰੱਖਦਿਆ ਹੋਇਆ ਮਾਂ ਬਾਪ ਦਾ ਫਰਜ ਬਣਦਾ ਹੈ ਕਿ ਆਪਣੇ ਬੱਚਿਆਂ ਨੂੰ ਸੰਸਾਰੀ ਵਿਦਿਆ ਦੇ ਨਾਲ ਨਾਲ ਹਰ ਰੋਜ ਸੰਗਤ ਕਰਵਾਉਣ ਬਾਣੀ ਬਾਣੇ ਦੇ ਧਾਰਨੀ ਬਣਨ ਤੇ ਬੱਚਿਆਂ ਨੂੰ ਬਣਾਉਣ ਤਾਂ ਜੋ ਭਵਿੱਖ ਵਿੱਚ ਬੱਚੇ ਚੰਗੀ ਸੰਗਤ ਦੇ ਸਾਥੀ ਬਣਕਿ ਸਮਾਜ ਵਿੱਚ ਆਪਣਾ ਸੁਚੱਜਾ ਜੀਵਨ ਬਤੀਤ ਕਰਨ!

### ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ

# ਛੇਵੀਂ ਬਰਸੀ ਸ਼ਰਧਾ ਨਾਲ ਮਨਾਈ




**ਚੌਕ ਮਹਿਤਾ, 23 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ ਛੇਵੀਂ ਸਾਲਾਨਾ ਬਰਸੀ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ (ਅੰਮ੍ਰਿਤਸਰ) ਵਿਖੇ ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਤੇ ਇਲਾਕੇ ਦੀ ਸਾਧ ਸੰਗਤ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਨਾਲ ਮਨਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਾਰਾ ਦਿਨ ਕੀਰਤਨ ਤੇ ਕਥਾ ਦਾ ਪਰਵਾਹ ਚੱਲਿਆ। ਜਿਸ ਵਿਚ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਭਾਈ ਮਹਿਤਾਬ ਸਿੰਘ ਜਲੰਧਰ ਵਾਲੇ, ਭਾਈ ਗੁਰਦੇਵ ਸਿੰਘ ਜੋਧਪੁਰੀ,ਭਾਈ ਕਰਨ ਸਿੰਘ ਤੰਤੀ ਸਾਜਾਂ ਵਾਲੇ, ਭਾਈ ਗੁਰਦੇਵ ਸਿੰਘ ਜੋਧਪੁਰੀ, ਭਾਈ ਰਣਜੀਤ ਸਿੰਘ ਮਾਂਗਾ ਸਰਾਏ, ਭਾਈ ਬਲਦੇਵ ਸਿੰਘ ਤਰਸਿੱਕਾ, ਭਾਈ ਸਿਮਰਨਜੀਤ ਸਿੰਘਦੇਵੀਦਾਸਪੁਰਾ, ਕਵੀਸ਼ਰ ਗੁਰਮੁਖ ਸਿੰਘ ਐਮ. ਏ.. ਗਿਆਨੀ ਹਰਪ੍ਰੀਤ ਸਿੰਘ ਪ੍ਰਚਾਰਕ ਭਾਈ ਹਰਪਾਲ ਸਿੰਘ ਖੁਜਾਲੇ ਵਾਲੇ, ਭਾਈ ਗੁਰਮੁਖ ਸਿੰਘ ਖਜਾਲੇ ਵਾਲਿਆਂ ਤੋਂ ਇਲਾਵਾ ਭਾਈ ਤਰਲੋਕ ਸਿੰਘ ਜੱਬੋਵਾਲ ਦੇ ਜੱਥਿਆਂ ਨੇ ਸੰਗਤਾਂ ਨੂੰ ਕੀਰਤਨ ਕਥਾ ਤੇ ਕਵੀਸ਼ਰੀ ਰਾਹੀਂ ਗੁਰੂ ਚਰਨਾਂ ਨਾਲ ਜੋੜਿਆ । ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵੱਲੋਂ ਦਮਦਮੀ ਟਕਸਾਲ ਦੇ ਜ਼ਿਮੇਵਾਰ ਸਿੰਘ ਜਥੇਦਾਰ ਬਾਬਾ ਬੋਹੜ ਸਿੰਘ ਬਾਬਾ ਮਨਮੋਹਨ ਸਿੰਘ ਭੰਗਾਲੀ ਵਾਲੇ, ਬਾਬਾ ਗੁਰਦਿਆਲ ਸਿੰਘ ਰੋੜੀ ਸਾਹਿਬ ਵਾਲੇ, ਬਾਬਾ ਕਵਲਜੀਤ ਸਿੰਘ ਨਾਗੀਆਣਾ ਸਾਹਿਬ, ਬਾਬਾ ਗੁਰਭੇਜ ਸਿੰਘ ਖਜਾਲਾ ਮੁੱਖ ਬੁਲਾਰਾ ਸੰਤ ਸਮਾਜ, ਬਾਬਾ ਸਰਵਣ ਸਿੰਘ ਸੰਪਰਦਾਇ ਮਲਕਪੁਰ,, ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ, ਤੇਜਬੀਰ ਸਿੰਘ ਭਲਾਈਪੁਰ ਕਨੇਡਾ,ਬਾਬਾ ਅਜੈਬ ਸਿੰਘ, ਟਕਸਾਲ,ਬਾਬਾ ਹਰੀ ਸਿੰਘ ਗੁਰਦਾਸਪੁਰ ਵਾਲੇ, ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲੇ ਬਾਬਾ ਦਰਸ਼ਨ ਦਾਸ ਟਾਂਗਰਾ, ਬਾਬਾ ਤੇਜਬੀਰ ਸਿੰਘ ਦਮਦਮੀ ਟਕਸਾਲ, ਸਟੇਜ ਸਕੱਤਰ ਦੀ ਭੂਮਿਕਾ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੌਹਲ ਤੇ ਬਾਬਾ ਹਰਬੰਸ ਸਿੰਘ ਆਦਿ ਮਹਾਂਪੁਰਸ਼ਾਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਵੀ ਲਗਾਇਆ ਗਿਆ ਤੇ ਮਰੀਜ਼ਾਂ ਨੂੰ ਦਾਰੂ ਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਇਸ ਬਰਸੀ ਮੌਕੇ ਹਰਭਜਨ ਸਿੰਘ ਈ. ਟੀ. ਓ. ਕੈਬਨਿਟ ਮੰਤਰੀ ਪੰਜਾਬ, ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ, ਡਾ. ਦਲਬੀਰ ਸਿੰਘ ਵੇਰਕਾ ਸਾਬਕਾ ਵਿਧਾਇਕ ਤੇ ਬਿਕਰਮਜੀਤ ਸਿੰਘ ਕੋਟਲਾ ਮੈਂਬਰ ਸ਼੍ਰੋਮਣੀ ਕਮੇਟੀ ਵੀ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

## ਨਸ਼ੇ ਦੇ ਸੌਦਾਗਰਾਂ ਖ਼ਿਲਾਫ਼ ਹੁਣ ਖਿੱਚਣੀ ਪਵੇਗੀ ਬਾਬਾ ਦੀਪ ਸਿੰਘ ਜੀ ਵਾਲੀ ਲਕੀਰ, ਚੁੱਪ ਰਹੇ ਤਾਂ ਇਤਿਹਾਸ ਨਹੀਂ ਕਰੇਗਾ ਮੁਆਫ਼: ਭਾਈ ਸਰੂਪ ਸਿੰਘ



ਨਵੀਂ ਦਿੱਲੀ 23 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬਾਬਾ ਦੀਪ ਸਿੰਘ ਜੀ ਦੁਆਰਾ ਖੰਡੇ ਨਾਲ ਧਰਤੀ 'ਤੇ ਖਿੱਚੀ ਗਈ ਇਤਿਹਾਸਕ ਲਕੀਰ ਅਣਖ, ਕੁਰਬਾਨੀ ਅਤੇ ਨਿਡਰਤਾ ਦਾ ਉਹ ਪ੍ਰਤੀਕ ਹੈ, ਜਿਸ ਨੇ ਹਮੇਸ਼ਾ ਪੰਜਾਬੀਆਂ ਨੂੰ ਹੱਕ-ਸੱਚ ਅਤੇ ਅਣਖ ਨਾਲ ਜਿਊਣ ਦਾ ਰਾਹ ਵਿਖਾਇਆ ਹੈ। ਅੱਜ ਇੱਕ ਵਾਰ ਫਿਰ ਉਸੇ ਜਜ਼ਬੇ ਨਾਲ ਸਮਾਜ ਵਿਰੋਧੀ ਅੰਸਰਾਂ ਅਤੇ ਨਸ਼ੇ ਦੇ ਸੌਦਾਗਰਾਂ ਖ਼ਿਲਾਫ਼ ਇੱਕ ਮਜ਼ਬੂਤ ਲਕੀਰ ਖਿੱਚਣ ਦਾ ਵੇਲਾ ਆ ਗਿਆ ਹੈ। ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਜੀ ਨੇ ਕਿਹਾ ਇਹ ਲੜਾਈ ਸਿਰਫ਼ ਇੱਕ ਬੁਰਾਈ ਦੇ ਖ਼ਿਲਾਫ਼ ਨਹੀਂ, ਸਗੋਂ ਆਪਣੀਆਂ ਆਉਣ ਵਾਲੀਆਂ ਨਸਲਾਂ ਨੂੰ ਤਬਾਹੀ ਦੇ ਹਨੇਰੇ ਤੋਂ ਬਚਾਉਣ ਦੀ ਹੈ। ਜੇਕਰ ਅੱਜ ਅਸੀਂ ਇਸ ਨਸ਼ੇ ਦੀ ਅਲਾਮਤ ਦੇ ਖ਼ਿਲਾਫ਼ ਇੱਕਜੁੱਟ ਹੋ ਕੇ ਚੱਟਾਨ ਵਾਂਗ ਨਾ ਖੜ੍ਹੇ ਹੋਏ, ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਪੂਰੀ ਤਰ੍ਹਾਂ ਧੁੰਦਲਾ ਹੋ ਜਾਵੇਗਾ। ਓਨ੍ਹਾ ਕਿਹਾ ਖ਼ੌਫ਼ ਅਤੇ ਡਰ ਦੇ ਮਾਹੌਲ ਵਿੱਚ ਜਿਊਂਦਿਆਂ ਆਪਣੇ ਜਿਗਰ ਦੇ ਟੋਟਿਆਂ ਨੂੰ ਬਾਹਰਲੇ ਦੇਸ਼ਾਂ ਵਿੱਚ ਧੱਕਣਾ ਇਸ ਮਸਲੇ ਦਾ ਪੱਕਾ ਹੱਲ ਨਹੀਂ ਹੈ। ਆਪਣੇ ਘਰ ਅਤੇ ਜੰਮਣ-ਭੋਇੰ ਨੂੰ ਛੱਡ ਕੇ ਪ੍ਰਦੇਸਾਂ ਵਿੱਚ ਸ਼ਰਨ ਲੱਭਣ ਦੀ ਥਾਂ, ਸਾਨੂੰ ਆਪਣੀ ਧਰਤੀ 'ਤੇ ਹੀ ਇਸ ਬੁਰਾਈ ਦੀਆਂ ਜੜ੍ਹਾਂ ਪੁੱਟਣ ਲਈ ਡਟਣਾ ਪਵੇਗਾ। ਹਰ ਇੱਕ ਜਾਗਰੂਕ ਨਾਗਰਿਕ ਨੂੰ ਆਪਣਾ ਫ਼ਰਜ਼ ਪਛਾਣਦਿਆਂ ਨਸ਼ਿਆਂ ਦੀ ਵਪਾਰਕ ਤੰਦ ਨੂੰ ਤੋੜਨ ਲਈ ਅੱਗੇ ਆਉਣਾ ਪਵੇਗਾ, ਤਾਂ ਜੋ ਅਸੀਂ ਆਪਣੀ ਮਾਂ-ਬੋਲੀ, ਵਿਰਸੇ ਅਤੇ ਨਸਲਾਂ ਨੂੰ ਸੁਰੱਖਿਅਤ ਰੱਖ ਸਕੀਏ। ਅੱਜ ਸਮੇਂ ਦੀ ਮੰਗ ਹੈ ਕਿ ਅਸੀਂ ਡਰ ਕੇ ਭੱਜਣ ਦੀ ਬਜਾਏ ਨਿਡਰ ਹੋ ਕੇ ਇਸ ਚੁਣੌਤੀ ਦਾ ਸਾਹਮਣਾ ਕਰੀਏ ਅਤੇ ਇੱਕ ਸੁਨਹਿਰੀ ਭਵਿੱਖ ਦੀ ਨੀਂਹ ਰੱਖੀਏ। ਭਾਈ ਸਰੂਪ ਸਿੰਘ ਨੇ ਵਲਵਲੇ ਭਰੇ ਸ਼ਬਦਾਂ 'ਚ ਤਾਕੀਦ ਕਰਦਿਆਂ ਕਿਹਾ ਕਿ "ਜੇਕਰ ਅਸੀਂ ਅੱਜ ਵੀ ਆਪਣੀ ਗੂੜ੍ਹੀ ਨੀਂਦ ਤੋਂ ਨਾ ਜਾਗੇ ਅਤੇ ਆਪਣੀ ਜਵਾਨੀ ਨੂੰ ਤਬਾਹੀ ਦੇ ਮੁਕਾਮ 'ਤੇ ਪਹੁੰਚਦਿਆਂ ਖਾਮੋਸ਼ ਤਮਾਸ਼ਬੀਨ ਬਣ ਕੇ ਵੇਖਦੇ ਰਹੇ, ਤਾਂ ਇਤਿਹਾਸ ਸਾਨੂੰ ਕਦੇ ਮੁਆਫ਼ ਨਹੀਂ ਕਰੇਗਾ। ਇਹ ਪੰਜਾਬ ਗੁਰੂਆਂ, ਪੀਰਾਂ ਅਤੇ ਯੋਧਿਆਂ ਦੀ ਪਵਿੱਤਰ ਧਰਤੀ ਹੈ, ਜਿੱਥੇ ਜ਼ੁਲਮ ਅਤੇ ਬੁਰਾਈ ਅੱਗੇ ਸਿਰ ਝੁਕਾਉਣਾ ਸਾਡੀ ਰਵਾਇਤ ਨਹੀਂ ਰਹੀ। ਸਾਡੇ ਪੁਰਖਿਆਂ ਨੇ ਖੰਡੇ ਦੀ ਧਾਰ 'ਤੇ ਤੁਰ ਕੇ ਸੱਚ ਦਾ ਪਰਚਮ ਲਹਿਰਾਇਆ ਸੀ, ਅੱਜ ਉਸੇ ਗੁਰਮਤਿ ਅਤੇ ਸ਼ਹੀਦਾਂ ਦੀ ਸੋਚ ਤੋਂ ਰੋਸ਼ਨੀ ਲੈ ਕੇ ਹਰ ਪਿੰਡ, ਹਰ ਗਲੀ ਵਿੱਚ ਨਸ਼ਿਆਂ ਅਤੇ ਕੁਰਾਹੇ ਪਏ ਅੰਸਰਾਂ ਵਿਰੁੱਧ ਲਾਮਬੰਦੀ ਕਰਨ ਦੀ ਲੋੜ ਹੈ। ਚੁੱਪ ਰਹਿਣਾ ਬੁਰਾਈ ਦਾ ਸਾਥ ਦੇਣ ਬਰਾਬਰ ਹੈ, ਇਸ ਲਈ ਆਪਣੇ ਵਿਰਸੇ ਨੂੰ ਬਚਾਉਣ ਵਾਸਤੇ ਹਰ ਘਰ ਵਿੱਚੋਂ ਗੁਰਮਤਿ ਅਤੇ ਨਿਡਰਤਾ ਦਾ ਦੀਵਾ ਬਾਲਣਾ ਪਵੇਗਾ।"

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ 'ਚ ਸ਼ਰਾਬ ਦੇ ਠੇਕੇ ਖੋਲ੍ਹਣ ਵਾਲੇ ਕੇਜਰੀਵਾਲ ਤੇ ਕਮੇਡੀਅਨ ਮੁੱਖ ਮੰਤਰੀ ਮਾਨ ਨੇ ਪੰਜਾਬ ਦੀ ਜਵਾਨੀ ਨਸ਼ਿਆਂ 'ਚ ਰੋਲ਼ ਦਿੱਤੀ: ਮਨਜਿੰਦਰ ਸਿੰਘ ਸਿਰਸਾ

# ਦਿੱਲੀ ਦੇ ਲੋਕਾਂ ਨੇ ਕੇਜਰੀਵਾਲ ਤੇ ਉਸ ਦੇ ਮੰਤਰੀਆਂ ਨੂੰ ਹਰਾ ਕੇ ਭਜਾਇਆ, ਹੁਣ ਉਹ ਪੰਜਾਬ ਨੂੰ ਲੁੱਟ ਰਹੇ ਹਨ






**ਅਟਾਰੀ / ਅੰਮ੍ਰਿਤਸਰ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਦਿੱਲੀ ਦੇ ਕੈਬਨਿਟ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਮਨਜਿੰਦਰ ਸਿੰਘ ਸਿਰਸਾ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਹੁਣ ਤੱਕ ਦਾ ਸਭ ਤੋਂ ਤਿੱਖਾ ਸਿਆਸੀ ਹਮਲਾ ਬੋਲਿਆ ਹੈ। ਭਾਜਪਾ ਵੱਲੋਂ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਅਟਾਰੀ ਹਲਕੇ ਅੰਦਰ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਸਿਰਸਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਤੋਂ ਵੱਡਾ ਨੌਟੰਕੀਬਾਜ਼ ਅਤੇ ਡਰਾਮੇਬਾਜ਼ ਸ਼ਾਇਦ ਹੀ ਇਸ ਧਰਤੀ 'ਤੇ ਕਦੇ ਪੈਦਾ ਹੋਇਆ ਹੋਵੇ। ਜਿਸ ਆਦਮੀ ਨੇ ਦਿੱਲੀ ਅੰਦਰ ਸਕੂਲਾਂ, ਕਿਤਾਬਾਂ ਜਾਂ ਨੌਕਰੀਆਂ ਦੀ ਬਜਾਏ 'ਇੱਕ ਨਾਲ ਇੱਕ ਬੋਤਲ ਸ਼ਰਾਬ ਮੁਫ਼ਤ' ਦੇ ਕੇ ਨੌਜਵਾਨੀ ਨੂੰ ਨਸ਼ੇੜੀ ਬਣਾਇਆ, ਅੱਜ ਉਸੇ ਧੋਖੇਬਾਜ਼ ਜੋੜੀ ਨੇ ਪੰਜਾਬ ਦੇ ਘਰ-ਘਰ ਤੱਕ ਚਿੱਟਾ ਅਤੇ ਨਸ਼ਾ ਦੀ ਪਹੁੰਚ ਨਾ ਰੋਕ ਕੇ ਪੰਜਾਬ ਦੀ ਹੱਸਦੀ-ਵੱਸਦੀ ਜਵਾਨੀ ਬਰਬਾਦ ਕਰ ਦਿੱਤੀ ਹੈ। ਆਪਣੇ ਮਾਝੇ ਅਤੇ ਰਿਆੜਕੀ ਪਿਛੋਕੜ ਦਾ ਜ਼ਿਕਰ ਕਰਦਿਆਂ ਭਾਵੁਕ ਹੁੰਦਿਆਂ ਸ੍ਰੀ ਸਿਰਸਾ ਨੇ ਕਿਹਾ ਕਿ ਜਿਸ ਗੁਰੂਆਂ-ਪੀਰਾਂ ਦੀ ਧਰਤੀ ਦੇ ਬਾਬਾ ਬਘੇਲ ਸਿੰਘ ਵਰਗੇ ਮਹਾਨ ਜਰਨੈਲਾਂ ਨੇ ਦਿੱਲੀ ਦੇ ਲਾਲ ਕਿਲ੍ਹੇ 'ਤੇ ਕੇਸਰੀ ਪਰਚਮ ਲਹਿਰਾਇਆ ਸੀ, ਅੱਜ ਉਸ ਪੰਜਾਬ ਦੀ ਜਵਾਨੀ ਨੂੰ 'ਆਪ' ਸਰਕਾਰ ਨੇ ਨਸ਼ਿਆਂ ਦੀ ਗ਼ੁਲਾਮ ਬਣਾ ਦਿੱਤਾ ਹੈ। ਉਨ੍ਹਾਂ ਹੈਰਾਨੀ ਪ੍ਰਗਟਾਈ ਕਿ ਭਾਜਪਾ ਵੱਲੋਂ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਕੱਢੀ ਜਾ ਰਹੀ ਯਾਤਰਾ ਨੂੰ ਆਮ ਆਦਮੀ ਪਾਰਟੀ ਵਾਲੇ ਕਾਲੇ ਝੰਡੇ ਦਿਖਾ ਰਹੇ ਹਨ। ਉਨ੍ਹਾਂ ਕਿਹਾ ਕਿ 'ਆਪ' ਵੱਲੋਂ ਨਸ਼ਾ ਵਿਰੋਧੀ ਮੁਹਿੰਮ ਦਾ ਵਿਰੋਧ ਇਹ ਸਪੱਸ਼ਟ ਕਰਦਾ ਹੈ ਕਿ ਕੇਜਰੀਵਾਲ ਅਤੇ ਮਾਨ ਸਰਕਾਰ ਸਿੱਧੇ ਤੌਰ 'ਤੇ ਨਸ਼ਾ ਤਸਕਰਾਂ ਦੀ ਢਾਲ ਬਣ ਕੇ ਖੜ੍ਹੀ ਹੈ। ਸ੍ਰੀ ਸਿਰਸਾ ਨੇ ਮਾਨ ਸਰਕਾਰ ਦੇ ਪੁਲਿਸ ਤੰਤਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ ਅੰਦਰ ਨਸ਼ਾ ਪੀੜਤ ਨੌਜਵਾਨਾਂ ਨੂੰ ਫੜ ਕੇ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ, ਜਦਕਿ ਨਸ਼ਾ ਵੇਚਣ ਵਾਲੇ ਵੱਡੇ ਤਸਕਰਾਂ ਦੀ ਪੁਲਿਸ ਅਤੇ ਸੱਤਾਧਾਰੀ ਲੀਡਰ ਪੁਸ਼ਤਪਨਾਹੀ ਕਰ ਰਹੇ ਹਨ ਅਤੇ ਉਨ੍ਹਾਂ ਨਾਲ ਮਿਲ ਕੇ ਰਾਤਾਂ ਨੂੰ ਮਹਿਫ਼ਲਾਂ ਸਜਾਈਆਂ ਜਾਂਦੀਆਂ ਹਨ। ਨਸ਼ਾ ਪੀੜਤ ਪਰਿਵਾਰਾਂ ਦੇ ਦਰਦ ਨੂੰ ਬਿਆਨ ਕਰਦਿਆਂ ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਹਾਲਾਤ ਇਹ ਹਨ ਕਿ ਇੱਕੋ-ਇੱਕ ਘਰ ਵਿੱਚੋਂ ਦੋ ਤੋਂ ਚਾਰ ਪੁੱਤ ਨਸ਼ੇ ਦੀ ਓਵਰਡੋਜ਼ ਨਾਲ ਦਮ ਤੋੜ ਚੁੱਕੇ ਹਨ, ਜਵਾਈ ਨਸ਼ੇੜੀ ਹੋ ਗਏ ਹਨ ਅਤੇ ਧੀਆਂ ਵਿਧਵਾ ਹੋ ਕੇ ਘਰ ਬੈਠੀਆਂ ਹਨ। ਬਸਤੀਆਂ ਵਿੱਚ 20-20 ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਪਰ ਪੁਲਿਸ ਮੁਕੱਦਮਾ ਦਰਜ ਕਰਨ ਦੀ ਬਜਾਏ ਮੌਤ ਦਾ ਕਾਰਨ 'ਹਾਰਟ ਅਟੈਕ' ਦੱਸ ਕੇ ਮਾਮਲਾ ਰਫ਼ਾ-ਦਫ਼ਾ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੇ ਦਾਅਵੇ ਕਰਨ ਦੇ ਬਾਵਜੂਦ ਪੰਜਾਬ ਨੂੰ ਸਿਰਫ਼ ਇੱਕ ਕਮੇਡੀਅਨ ਦਿੱਤਾ ਹੈ, ਜੋ ਸਟੇਜਾਂ 'ਤੇ ਨੱਚਣ-ਟੱਪਣ ਤੋਂ ਸਿਵਾਏ ਕੁਝ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਜਿਵੇਂ ਵੈਨੇਜ਼ੁਏਲਾ ਦਾ ਤਾਨਾਸ਼ਾਹ ਨਸ਼ਾ ਤਸਕਰਾਂ ਤੋਂ ਪੈਸੇ ਇਕੱਠੇ ਕਰਕੇ ਸਟੇਜਾਂ 'ਤੇ ਨੱਚਦਾ ਸੀ, ਉਹੀ ਹਾਲ ਅੱਜ ਪੰਜਾਬ ਦੇ ਹਾਕਮਾਂ ਦਾ ਹੈ। ਹੁਣ ਆਪਣੀ ਨਾਲਾਇਕੀ ਲੁਕਾਉਣ ਲਈ ਇਹ ਬਾਰਡਰ ਅਤੇ BSF ਦੇ ਨਾਂ ਹੇਠ ਕੇਂਦਰ ਸਿਰ ਠੀਕਰਾ ਭੰਨਦੇ ਹਨ। ਸ੍ਰੀ ਸਿਰਸਾ ਨੇ ਪੁੱਛਿਆ ਕਿ ਜਦੋਂ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦਿੱਤੀ ਸੀ, ਕੀ ਉਦੋਂ ਬਾਰਡਰ ਨਹੀਂ ਸੀ ?

ਆਵਾਜ਼ਿ ਕੌਮ AWAZE QAUM International Newspaper & WEB TV




ਉਨ੍ਹਾਂ ਅੱਗੇ ਕਿਹਾ ਕਿ ਦਿੱਲੀ ਦੀ ਸਮਝਦਾਰ ਜਨਤਾ ਨੇ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਸਤਿੰਦਰ ਜੈਨ ਵਰਗੇ ਭ੍ਰਿਸ਼ਟ ਆਗੂਆਂ ਨੂੰ ਹਰਾ ਕੇ ਸੱਤਾ ਤੋਂ ਭਜਾ ਦਿੱਤਾ। ਹੁਣ ਇਹ ਸਾਰੇ ਹਾਰੇ ਹੋਏ ਲੀਡਰ ਪੰਜਾਬ ਦੇ ਖ਼ਜ਼ਾਨੇ, ਪੰਜਾਬ ਸਰਕਾਰ ਦੇ ਹੈਲੀਕਾਪਟਰਾਂ ਅਤੇ ਜਹਾਜ਼ਾਂ ਦੇ ਝੂਟੇ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਸਪਤਾਲਾਂ ਵਿੱਚ ਦਵਾਈਆਂ ਨਹੀਂ ਹਨ, ਨਸ਼ਾ ਛੁਡਾਊ ਕੇਂਦਰਾਂ ਵਿੱਚ ਸਹੂਲਤਾਂ ਨਹੀਂ ਹਨ, ਪਰ ਕੇਜਰੀਵਾਲ ਸਰਕਾਰ ਪੰਜਾਬ ਦਾ 1200 ਕਰੋੜ ਰੁਪਿਆ ਦੂਜੇ ਰਾਜਾਂ ਵਿੱਚ ਆਪਣੇ ਝੂਠੇ ਪ੍ਰਚਾਰ ਅਤੇ ਇਸ਼ਿਤਹਾਰਾਂ 'ਤੇ ਪਾਣੀ ਵਾਂਗ ਵਹਾ ਰਹੀ ਹੈ ਕਿ ਪੰਜਾਬ 'ਚ ਨਸ਼ਾ ਖਤਮ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਭਾਜਪਾ ਨੇ ਸਰਕਾਰ ਬਣਦਿਆਂ ਹੀ ਇਹ ਫ਼ਜ਼ੂਲ ਖ਼ਰਚੇ ਬੰਦ ਕਰਕੇ ਲੋਕਾਂ ਦੇ ਖਾਤਿਆਂ ਵਿੱਚ ਸਿੱਧੇ ਪੈਸੇ, ਸੋਲਰ ਪੈਨਲਾਂ ਲਈ ਸਹਾਇਤਾ ਅਤੇ ਮੁਫ਼ਤ ਸਿਹਤ ਸਹੂਲਤਾਂ ਦਿੱਤੀਆਂ ਹਨ।

ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚੋਂ ਧਾਰਾ 370 ਦਾ ਖ਼ਾਤਮਾ ਅਤੇ ਛੱਤੀਸਗੜ੍ਹ ਵਿੱਚੋਂ ਨਕਸਲਵਾਦ ਦੀ ਕਮਰ ਤੋੜਨਾ ਸਿਰਫ਼ ਮੋਦੀ ਸਰਕਾਰ ਦੀ ਸਖ਼ਤ ਇੱਛਾ-ਸ਼ਕਤੀ ਸਦਕਾ ਹੀ ਸੰਭਵ ਹੋਇਆ ਹੈ। ਉਨ੍ਹਾਂ ਪੰਜਾਬੀਆਂ ਨੂੰ ਸੱਦਾ ਦਿੱਤਾ ਕਿ ਪੰਜਾਬ ਨੂੰ ਨਸ਼ਿਆਂ ਦੀ ਗ਼ੁਲਾਮੀ ਵਿੱਚੋਂ ਕੱਢਣ ਲਈ ਘਰਾਂ ਵਿੱਚੋਂ ਬਾਹਰ ਨਿਕਲਣਾ ਪਵੇਗਾ ਅਤੇ ਪੰਜਾਬ ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਲਿਆਉਣੀ ਪਵੇਗੀ, ਤਾਂ ਜੋ ਨਸ਼ੇ ਦੇ ਵਪਾਰੀਆਂ ਦੀਆਂ ਜਾਇਦਾਦਾਂ ਜ਼ਬਤ ਕਰਕੇ ਨਸ਼ੇ ਦੀ ਜੜ੍ਹ ਹੀ ਵੱਢ ਦਿੱਤੀ ਜਾਵੇ।

ਇਸ ਮੌਕੇ ਪ੍ਰਸਿੱਧ ਕਲਾਕਾਰ ਅਤੇ ਐਡਵੋਕੇਟ ਸਤਿੰਦਰ ਸੱਤੀ ਨੇ 'ਆਪ' ਸਰਕਾਰ ਦੇ ਝੂਠ ਦਾ ਪਰਦਾਫਾਸ਼ ਕਰਦਿਆਂ ਗਰਜਵੇਂ ਬੋਲਾਂ ਵਿੱਚ ਕਿਹਾ ਕਿ ਸ਼ਹੀਦ ਭਗਤ ਸਿੰਘ, ਊਧਮ ਸਿੰਘ, ਬਾਬਾ ਬੰਦਾ ਸਿੰਘ ਬਹਾਦਰ ਅਤੇ ਜਰਨੈਲ ਹਰੀ ਸਿੰਘ ਨਲੂਆ ਦੀ ਵਾਰਸ ਕੌਮ ਨੂੰ ਕੇਜਰੀਵਾਲ ਤੇ ਮਾਨ ਜੋੜੀ ਨੇ ਨਸ਼ਿਆਂ ਦੀ ਮੰਡੀ ਬਣਾ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬੀਆਂ ਦੀ ਅਣਖੀ ਦਸਤਾਰ ਅਤੇ ਸਿਦਕ 'ਤੇ ਵੱਡਾ ਦਾਗ. ਹੈ ਕਿ ਲੋਕਾਂ ਨੂੰ ਆਪਣੇ ਪੁੱਤਾਂ ਦੀਆਂ ਅਰਥੀਆਂ ਬਚਾਉਣ ਲਈ ਸੜਕਾਂ 'ਤੇ ਰੁਲਣਾ ਪੈ ਰਿਹਾ ਹੈ।

ਸੱਤੀ ਨੇ ਸਿੱਧਾ ਹਮਲਾ ਬੋਲਦਿਆਂ ਕਿਹਾ ਕਿ ਤਿੰਨ ਮਹੀਨਿਆਂ 'ਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦੇਣ ਵਾਲੇ ਝੂਠੇ ਹਾਕਮ ਸਾਢੇ ਚਾਰ ਸਾਲਾਂ ਬਾਅਦ ਜਵਾਬ ਦੇਣ ਕਿ ਅੱਜ ਘਰ-ਘਰ ਚੁੱਲ੍ਹੇ ਕਿਉਂ ਬੁੱਝ ਰਹੇ ਹਨ ਅਤੇ ਪੀੜ੍ਹੀਆਂ ਕਿਉਂ ਬਰਬਾਦ ਹੋ ਰਹੀਆਂ ਹਨ ? ਉਨ੍ਹਾਂ ਕਿਹਾ ਕਿ ਸਰਕਾਰ ਦੀ ਨਾਲਾਇਕੀ ਤੇ ਮਿਲੀਭੁਗਤ ਕਾਰਨ ਨਸ਼ੇ ਦਾ ਕੋੜ੍ਹ ਪਿੰਡ-ਪਿੰਡ ਪਹੁੰਚ ਚੁੱਕਾ ਹੈ। ਉਨ੍ਹਾਂ ਲੋਕਾਂ ਨੂੰ ਲਲਕਾਰਦਿਆਂ ਸੱਦਾ ਦਿੱਤਾ ਕਿ ਗੁਆਂਢੀ ਦੇ ਦਰਦ ਨੂੰ ਆਪਣੀ ਅੱਗ ਸਮਝ ਕੇ ਪਿੰਡਾਂ ਦੀਆਂ ਸੱਥਾਂ, ਪੰਚਾਇਤਾਂ ਅਤੇ ਗੁਰਦੁਆਰਾ ਸਾਹਿਬਾਨ ਦੀ ਤਾਕਤ ਨਾਲ ਇਸ ਗੂੰਗੀ-ਬੋਲ਼ੀ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਲੜਨ ਲਈ ਉੱਠ ਖੜ੍ਹੇ ਹੋਣ। ਯਾਤਰਾ ਦੇ ਕੋਆਰਡੀਨੇਟਰ ਤੇ ਸੂਬਾ ਮੀਤ ਪ੍ਰਧਾਨ ਸ. ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਜਾਗਰੂਕਤਾ ਨਹੀਂ, ਸਗੋਂ ਨਸ਼ਾ ਮਾਫ਼ੀਆ ਨੂੰ ਸਰਕਾਰੀ ਛਤਰੀ ਮੁਹੱਈਆ ਕਰਵਾਉਣ ਵਾਲੀ 'ਆਪ' ਸਰਕਾਰ ਦੀਆਂ ਜੜ੍ਹਾਂ ਹਿਲਾਉਣ ਦਾ ਬਿਗੁਲ ਹੈ।

ਇਸ ਮੌਕੇ ਡਾ. ਸੁਸ਼ੀਲ ਦੇਵਗਨ ਨੇ ਧੰਨਵਾਦ ਕਰਦਿਆਂ ਲੋਕਾਂ ਨੂੰ ਇਸ ਜ਼ਾਲਮ ਨਿਜ਼ਾਮ ਖ਼ਿਲਾਫ਼ ਲਾਮਬੰਦ ਹੋਣ ਦਾ ਸੱਦਾ ਦਿੱਤਾ।

ਇਸ ਮੌਕੇ ਸ. ਮੁਖਵਿੰਦਰ ਸਿੰਘ ਮਾਹਲ, ਸਾਬਕਾ ਵਿਧਾਇਕ ਤੇ ਸੂਬਾ ਸਕੱਤਰ ਸ. ਮਨਜੀਤ ਸਿੰਘ ਮੰਨਾ, ਸਾਬਕਾ ਮੰਤਰੀ ਤੇ ਜ਼ਿਲ੍ਹਾ ਪ੍ਰਭਾਰੀ ਅਸ਼ਵਨੀ ਸੇਖੜੀ, ਸਾਬਕਾ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਸ. ਅਮਰਪਾਲ ਸਿੰਘ ਬੋਨੀ ਅਜਨਾਲਾ, ਸੂਬਾ ਸਕੱਤਰ ਸੂਰਜ ਭਾਰਦਵਾਜ, ਅਜੈਬੀਰ ਪਾਲ ਸਿੰਘ ਰੰਧਾਵਾ, ਮਨਪ੍ਰੀਤ ਸਿੰਘ, ਸਕਤਰ ਸਿੰਘ ਸਮੇਤ ਸਮੁੱਚੀ ਲੀਡਰਸ਼ਿਪ ਅਤੇ ਹਜ਼ਾਰਾਂ ਲੋਕ ਹਾਜ਼ਰ ਸਨ।

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।**

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਗ੍ਰਾਮ ਪੰਚਾਇਤ ਕੋਟਲਾ ਬਥੁੰਨਗੜ੍ਹ ਵੱਲੋਂ

# ਪਰਾਲੀ ਨੂੰ ਅੱਗ ਨਾ ਲਾਉਣ ਦਾ ਮਤਾ ਪਾਸ



**ਜੰਡਿਆਲਾ ਗੁਰੂ, 23 ਅਕਤੂਬਰ (ਕੁਲਵੰਤ ਸਿੰਘ ਵਿਰਦੀ )**-ਵਾਤਾਵਰਨ ਦੀ ਸੰਭਾਲ ਅਤੇ ਧਰਤੀ ਦੀ ਉਪਜਾਊ ਸ਼ਕਤੀ ਨੂੰ ਬਚਾਉਣ ਲਈ ਪਿੰਡ ਕੋਟਲਾ ਬਤਰਾਣਗੜ੍ਹ (ਬਲਾਕ ਤਰਸਿੱਕਾ) ਦੀ ਗ੍ਰਾਮ ਪੰਚਾਇਤ ਵੱਲੋਂ ਇੱਕ ਵਧੀਆ ਪਹਿਲਕਦਮੀ ਕਰਦਿਆਂ ਪਿੰਡ ਵਿੱਚ ਝੋਨੇ ਦੀ ਪਰਾਲੀ ਅਤੇ ਨਾੜ ਨੂੰ ਅੱਗ ਨਾ ਲਗਾਉਣ ਦਾ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਹੈ।ਗੱਲਬਾਤ ਮੌਕੇ ਸਰਪੰਚ ਗੁਰਦੀਪ ਸਿੰਘ ਕੋਟਲ਼ਾ ਨੇ ਦੱਸਿਆ ਕਿ ਪੰਚਾਇਤ ਅਹੁਦੇਦਾਰਾਂ ਅਤੇ ਪਿੰਡ ਦੇ ਮੋਹਤਬਰਾਂ ਦੀ ਮੀਟਿੰਗ ਦੌਰਾਨ ਫੈਸਲਾ ਲਿਆ ਗਿਆ।ਕਿ ਪਿੰਡ ਦਾ ਕੋਈ ਵੀ ਕਿਸਾਨ ਝੋਨੇ ਦੀ ਕਟਾਈ ਤੋਂ ਬਾਅਦ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਹੀਂ ਲਗਾਏਗਾ। ਪੰਚਾਇਤ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਹਵਾ ਪ੍ਰਦੂਸ਼ਿਤ ਹੁੰਦੀ ਹੈ ਅਤੇ ਸਾਹ ਦੀਆਂ ਬੀਮਾਰੀਆਂ ਫੈਲਦੀਆਂ ਹਨ, ਉੱਥੇ ਹੀ ਜ਼ਮੀਨ ਦੇ ਮਿੱਤਰ ਕੀੜੇ ਅਤੇ ਜੈਵਿਕ ਤੱਤ ਵੀ ਸੜ ਕੇ ਨਸ਼ਟ ਹੋ ਜਾਂਦੇ ਹਨ। ਮਤੇ ਵਿੱਚ ਇਹ ਵੀ ਤੈਅ ਕੀਤਾ ਗਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਉਪਲਬਧ ਕਰਵਾਈਆਂ ਜਾਂਦੀਆਂ ਆਧੁਨਿਕ ਮਸ਼ੀਨਾਂ (ਜਿਵੇਂ ਕਿ ਹੈਪੀ ਸੀਡਰ, ਸੁਪਰ ਸੀਡਰ ਅਤੇ ਸਮਾਰਟ ਸੀਡਰ) ਦੀ ਮਦਦ ਨਾਲ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਕਣਕ ਦੀ ਬਿਜਾਈ ਕੀਤੀ ਜਾਵੇਗੀ।ਪੰਚਾਇਤ ਵੱਲੋਂ ਲਏ ਗਏ ਇਸ ਵਾਤਾਵਰਨ-ਪੱਖੀ ਫੈਸਲੇ ਦੀ ਖੇਤੀਬਾੜੀ ਵਿਭਾਗ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਵੀ ਸ਼ਲਾਘਾ ਕੀਤੀ ਗਈ ਹੈ। ਅਧਿਕਾਰੀਆਂ ਨੇ ਆਖਿਆ ਕਿ ਹੋਰਨਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਕੋਟਲਾ ਬਥੁੰਨਗੜ੍ਹ ਦੀ ਪੰਚਾਇਤ ਤੋਂ ਪ੍ਰੇਰਨਾ ਲੈ ਕੇ ਅਜਿਹੇ ਮਤੇ ਪਾਉਣੇ ਚਾਹੀਦੇ ਹਨ ਤਾਂ ਜੋ ਪੰਜਾਬ ਨੂੰ ਪ੍ਰਦੂਸ਼ਣ ਮੁਕਤ ਬਣਾਇਆ ਜਾ ਸਕੇ। ਇਸ ਮੌਕੇ ਸਰਪੰਚ ਗੁਰਦੀਪ ਸਿੰਘ ਕੋਟਲਾ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ, ਕੁਲਤੇਜ ਸਿੰਘ, ਮੈਂਬਰ ਗੁਰਦੀਪ ਸਿੰਘ, ਮੈਂਬਰ ਬਲਬੀਰ ਸਿੰਘ, ਅਮਰੀਕ ਸਿੰਘ, ਬਲਬੀਰ ਸਿੰਘ, ਜਸਬੀਰ ਸਿੰਘ, ਹਰਵਿੰਦਰ ਸਿੰਘ ਹਿੰਦਾ, ਮੈਂਬਰ ਸੁਖਜਿੰਦਰ ਸਿੰਘ ਡਾ. ਸਤਿੰਦਰਬੀਰ ਸਿੰਘ ਕੋਟਲ਼ਾ ਸਮੇਤ ਪਿੰਡ ਦੇ ਹੋਰ ਮੋਹਤਬਰ ਕਿਸਾਨ ਹਾਜ਼ਰ ਸਨ।

### ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ

# ਹਿੰਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ



ਜੰਡਿਆਲਾ ਗੁਰੂ 23 ਸਤੰਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਬੰਧ ਵਿੱਚ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਬੱਚਿਆਂ ਨੇ ਹਿੰਦੀ ਭਾਸ਼ਾ ਨਾਲ ਸੰਬੰਧਿਤ ਸ਼ਾਨਦਾਰ ਨਾਟਕ ,ਕਵਿਤਾਵਾਂ ਪੇਸ਼ ਕੀਤੀਆਂ । ਉਪਰੰਤ ਵਿਦਿਆਰਥੀਆਂ ਨੇ ਸਾਡੀ ਰਾਸ਼ਟਰੀ ਭਾਸ਼ਾ ਹਿੰਦੀ ਨੂੰ ਪ੍ਰਫੁੱਲਤ ਕਰਨ ਲਈ ਆਪਣੇ ਆਪਣੇ ਵਿਚਾਰ ਪ੍ਰਗਟ ਕੀਤੇ। ਬੱਚਿਆਂ ਨੇ ਹਿੰਦੀ ਭਾਸ਼ਾ ਦੇ ਨਾਲ ਸੰਬੰਧਿਤ ਵੱਖ-ਵੱਖ ਸਲੋਗਨ ਬੜੇ ਹੀ ਸੋਹਣੇ ਤਰੀਕੇ ਨਾਲ ਆਪਣੀ ਇਨੋਵੇਟਿਵ ਕਲਾਕ੍ਰਿਤੀ ਰਾਹੀਂ ਸਭ ਦੇ ਸਾਹਮਣੇ ਪੇਸ਼ ਕੀਤੇ । ਜਿਸ ਵਿੱਚੋਂ ਬੱਚਿਆਂ ਦਾ ਹਿੰਦੀ ਭਾਸ਼ਾ ਨਾਲ ਪਿਆਰ ਅਤੇ ਉਹਨਾਂ ਦੀ ਰਚਨਾਤਮਕ ਕਲਾ ਸਾਫ ਸਾਫ ਦਿਖਾਈ ਦਿੰਦੀ ਸੀ। ਇਸ ਮੌਕੇ ਤੇ ਸਾਰੇ ਵਿਦਿਆਰਥੀਆਂ ਨੇ ਆਪਣੀਆਂ ਸ਼ਾਨਦਾਰ ਕਲਾਕ੍ਰਿਤੀਆਂ ਰਾਹੀਂ ਹਿੰਦੀ ਭਾਸ਼ਾ ਦਾ ਸਤਿਕਾਰ ਕਰਦੇ ਹੋਏ ਹਿੰਦੀ ਭਾਸ਼ਾ ਨੂੰ ਪ੍ਰਫੁੱਲਿਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਸਕੂਲ ਦੇ ਹਿੰਦੀ ਅਧਿਆਪਕਾਂ ਸ੍ਰੀਮਤੀ ਅੰਜਨਾ ਰਾਣੀ ,ਰਿਪਨ ਸੁੰਦਰ ,ਸ੍ਰੀਮਤੀ ਮੀਨੂ, ਸ਼੍ਰੀਮਤੀ ਦੀਪਿਕਾ,ਸ਼੍ਰੀਮਤੀ ਸ਼ੈਲਜਾ ਜੀ ਨੇ ਵੀ ਹਿੰਦੀ ਭਾਸ਼ਾ ਨਾਲ ਸੰਬੰਧਿਤ ਆਪਣੇ ਆਪਣੇ ਵਿਚਾਰ ਵਿਦਿਆਰਥੀਆਂ ਅਤੇ ਸਮੂਹ ਅਧਿਆਪਕਾਂ ਨਾਲ ਸਾਂਝੇ ਕੀਤੇ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਦੀ ਅਤੇ ਅਧਿਆਪਕਾਂ ਦੀ ਮਿਹਨਤ ਦੀ ਭਰਪੂਰ ਸਰਾਹਨਾ ਕਰਦੇ ਹੋਏ ਹਿੰਦੀ ਭਾਸ਼ਾ ਪ੍ਰਤੀ ਪਿਆਰ ਅਤੇ ਸਤਿਕਾਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ ਕੁਆਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਰਾਸ਼ਟਰੀ ਭਾਸ਼ਾ ਹਿੰਦੀ ਨਾਲ ਬੱਚਿਆਂ ਦਾ ਪਿਆਰ ਅਤੇ ਉਹਨਾਂ ਦੀ ਰਚਨਾਤਮਕ ਕਲਾ ਦਿਖਾਈ ਦਿੱਤੀ**

# ਮੀਰੀ ਪੀਰੀ ਖਾਲਸਾ ਮਾਰਚ ਦਾ ਪਿੰਡ ਜੱਬੋਵਾਲ ਵਿਖੇ ਕੀਤਾ ਜਾਵੇਗਾ ਨਿੱਘਾ ਸਵਾਗਤ: ਬਾਬਾ ਅਮਰ ਸਿੰਘ



**ਜੰਡਿਆਲਾ ਗੁਰੂ, 23 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪਿੰਡ ਜੱਬੋਵਾਲ ਵਿਖੇ ਸਥਿਤ ਗੁਰਦੁਆਰਾ ਸੰਤਸਰ ਦੇ ਮੁੱਖ ਸੇਵਾਦਾਰ ਬਾਬਾ ਅਮਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੀਰੀ ਪੀਰੀ ਖਾਲਸਾ ਮਾਰਚ ਦੇ ਪਿੰਡ ਪਹੁੰਚਣ 'ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਬਾਰਕ ਮੌਕੇ 'ਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰ ਰਹੇ ਹਨ। ਪ੍ਰਬੰਧਕਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਵੀ ਉਚੇਚੇ ਤੌਰ 'ਤੇ ਨਿੱਘਾ ਸਵਾਗਤ ਕੀਤਾ ਜਾਵੇਗਾ। ਸਮਾਗਮ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਦਿੰਦਿਆਂ ਬਾਬਾ ਅਮਰ ਸਿੰਘ ਨੇ ਦੱਸਿਆ ਕਿ ਮਾਰਚ ਦੇ ਪਿੰਡ ਦੀ ਜੂਹ ਵਿੱਚ ਦਾਖਲ ਹੋਣ 'ਤੇ ਫੁੱਲਾਂ ਦੀ ਵਰਖਾ ਕੀਤੀ ਜਾਵੇਗੀ ਅਤੇ 'ਬੋਲੇ ਸੋ ਨਿਹਾਲ' ਦੇ ਜੈਕਾਰਿਆਂ ਨਾਲ ਸਵਾਗਤ ਅਤੇ ਪ੍ਰਬੰਧਕ ਕਮੇਟੀ ਵੱਲੋਂ ਪੰਜ ਪਿਆਰਿਆਂ, ਨਿਸ਼ਾਨਚੀ ਸਿੰਘਾਂ ਅਤੇ ਪਹੁੰਚ ਰਹੀਆਂ ਪ੍ਰਮੁੱਖ ਧਾਰਮਿਕ ਸ਼ਖਸੀਅਤਾਂ ਨੂੰ ਸਿਰੋਪਾਓ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ ਜਾਵੇਗਾ। ਮਾਰਚ ਵਿੱਚ ਸ਼ਾਮਲ ਸੰਗਤਾਂ ਲਈ ਗੁਰਦੁਆਰਾ ਸੰਤਸਰ ਵਿਖੇ ਛਬੀਲ, ਚਾਹ-ਪਕੌੜਿਆਂ ਅਤੇ ਗੁਰੂ ਕੇ ਲੰਗਰ ਦੇ ਅਤੁੱਟ ਵਰਤਾਏ ਜਾਣਗੇ। ਇਸ ਮੌਕੇ ਬਾਬਾ ਯੋਧਬੀਰ ਸਿੰਘ, ਬਾਬਾ ਬਲਬੀਰ ਸਿੰਘ , ਕੰਵਲਜੀਤ ਸਿੰਘ ਮਹੰਤ, ਜਥੇਦਾਰ ਪ੍ਰੀਤਮ ਸਿੰਘ ਭਿੰਡਰ, ਨਵਰਾਜ ਸਿੰਘ ਰਾਜਾ, ਜਸਪਾਲ ਸਿੰਘ, ਸ਼ਮਸ਼ੇਰ ਸਿੰਘ, ਗੁਰਮੇਜ ਸਿੰਘ, ਗੁਰਭੇਜ ਸਿੰਘ ਆਦਿ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।ਬਾਬਾ ਅਮਰ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਧਾਰਮਿਕ ਮਾਈ-ਭਾਈ ਨੂੰ ਅਪੀਲ ਕੀਤੀ ਹੈ । ਕਿ ਉਹ ਵੱਧ-ਚੜ੍ਹ ਕੇ ਮਾਰਚ ਵਿੱਚ ਸ਼ਮੂਲੀਅਤ ਕਰਨ, ਸਿੰਘ ਸਾਹਿਬ ਦੇ ਵਿਚਾਰ ਸਰਵਣ ਕਰਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

# ਪੰਜਾਬ ਸਰਕਾਰ ਨੇ ਲੋਕਾਂ ਦੀ ਸਿਹਤ ਸੁਰੱਖਿਆ ਦੇ ਖੇਤਰ 'ਚ ਸਥਾਪਤ ਕੀਤਾ ਮੀਲ ਪੱਥਰ: ਬ੍ਰਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, 23 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਨੇੜਲੇ ਪਿੰਡ ਅੱਜੋਵਾਲ ਵਿਖੇ ਪਿੰਡ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਰਿਵਾਰਾਂ ਦੇ 10 ਲੱਖ ਰੁਪਏ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਵਾਲੇ ਸਿਹਤ ਬੀਮਾ ਕਾਰਡ ਸੌਂਪਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਯੋਜਨਾ ਰਾਹੀਂ ਸਿਹਤ ਸੁਰੱਖਿਆ ਦੇ ਖੇਤਰ 'ਚ ਮੀਲ ਪੱਥਰ ਸਥਾਪਤ ਕੀਤਾ ਹੈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਿਹਤ ਬੀਮਾ ਯੋਜਨਾ ਦੇ ਕਾਰਡ ਸੌਂਪਦਿਆਂ ਕਿਹਾ ਕਿ ਇਸ ਸਕੀਮ ਤਹਿਤ ਸੂਬੇ ਭਰ ਵਿਚ ਪਰਿਵਾਰਾਂ ਨੂੰ ਪ੍ਰਮੁੱਖ ਨਿੱਜੀ ਹਸਪਤਾਲਾਂ ਵਿਚ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ ਇਲਾਜ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਦੇ ਲੋਕਾਂ ਲਈ ਸਿਹਤ ਸੁਰੱਖਿਆ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਖੇਤਰ ਵਿਚ ਵੱਡੇ ਕਦਮ ਚੁੱਕੇ ਗਏ ਹਨ ਜਿਸ ਨਾਲ ਰਾਜ ਦੇ ਹਰ ਖੇਤਰ ਦੇ ਲਗਭਗ ਹਰ ਪਰਿਵਾਰ ਨੂੰ ਚੰਗੀਆਂ ਸਿਹਤ ਸਹੂਲਤਾਂ ਮਿਲੀਆਂ ਹਨ। ਸਿਹਤ ਖੇਤਰ ਵਿਚ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਗੱਲ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਵਿਚ ਇਕ ਹਜ਼ਾਰ ਦੇ ਕਰੀਬ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਜੋ ਲੋਕਾਂ ਨੂੰ ਘਰਾਂ ਨੇੜੇ ਹੀ ਮੁੱਢਲੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿਚ ਮਰੀਜ਼ਾਂ ਨੂੰ ਲਗਭਗ 110 ਤਰ੍ਹਾਂ ਦੀਆਂ ਵੱਖ-ਵੱਖ ਦਵਾਈਆਂ ਅਤੇ 50 ਦੇ ਕਰੀਬ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਟੈਸਟਾਂ ਦੀ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਸਿਹਤ ਅਤੇ ਸਿੱਖਿਆ ਨੂੰ ਪੂਰੀ ਤਰਜੀਹ ਦਿੰਦਿਆਂ ਇਨ੍ਹਾਂ ਖੇਤਰਾਂ ਵਿਚ ਬੇਮਿਸਾਲ ਕੰਮ ਕੀਤੇ ਹਨ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਬਿਹਤਰ ਅਤੇ ਆਸਾਨੀ ਨਾਲ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਿਹਤ ਨਾਲ ਜੁੜੇ ਇਲਾਜ ਦੇ ਖਰਚੇ ਕਾਰਨ ਕਿਸੇ ਵੀ ਪਰਿਵਾਰ ਨੂੰ ਆਰਥਿਕ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਰਕਾਰ ਵੱਲੋਂ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਸਿਹਤ ਸੁਰੱਖਿਆ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਪਰਿਵਾਰ ਦੇ ਯੋਗ ਮੈਂਬਰਾਂ ਦੇ ਸਿਹਤ ਕਾਰਡ ਬਣਵਾਉਣ। ਇਸ ਮੌਕੇ ਸੁਮਨ ਬਹਿਲ, ਤਹਿਸੀਲਦਾਰ ਮਨਦੀਪ ਸਿੰਘ, ਐਸ.ਐਮ.ਓ. ਮਨਪ੍ਰੀਤ ਕੌਰ, ਚੇਅਰਮੈਨ ਵਿਕਰਮ ਸ਼ਰਮਾ ਬੌਬੀ, ਹਲਕਾ ਸੰਗਠਨ ਇੰਚਾਰਜ ਅਮਰਜੋਤ ਸਿੰਘ, ਬਲਾਕ ਪ੍ਰਧਾਨ ਬਖਤਾਵਰ ਸਿੰਘ ਆਦਿ ਵੀ ਮੌਜੂਦ ਸਨ।

# ਸਰਕਾਰੀ ਕਾਲਜ ਮਹੈਣ ਵੱਲੋਂ ਕੂੜਾ ਪ੍ਰਬੰਧਨ ਅਤੇ ਸਿੰਗਲ ਯੂਜ ਪਲਸਟਿਕ ਪ੍ਰਦੂਸ਼ਣ ਸਬੰਧੀ ਜਾਗਰੂਕਤਾ ਮੁਹਿੰਮ ਚਲਾਈ

ਸ੍ਰੀ ਅਨੰਦਪੁਰ ਸਾਹਿਬ, 23 ਸਤੰਬਰ (**ਆਵਾਜ਼ਿ ਕੌਮ ਬਿਊਰੋ** )-ਸਰਕਾਰੀ ਕਾਲਜ ਮਹੈਣ ਵਿਖੇ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਤੇ ਪ੍ਰਿੰਸੀਪਲ ਵਿਨੀਤਾ ਅਨੰਦ ਦੀ ਅਗਵਾਈ ਵਿਚ 17 ਸਤੰਬਰ ਤੋਂ 2 ਅਕਤੂਬਰ ਤੱਕ ਮਨਾਈ ਜਾ ਰਹੀ ਗਾਂਧੀ ਜਯੰਤੀ ਨੂੰ ਸਮਰਪਿਤ ਸਵੱਛਤਾ ਹੀ ਸੇਵਾ ਮੁਹਿੰਮ ਅਧੀਨ ਕੂੜਾ ਪ੍ਰਬੰਧਨ ਅਤੇ ਸਿੰਗਲ ਯੂਜ ਪਲਾਸਟਿਕ ਦੇ ਪ੍ਰਦੂਸ਼ਨ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਵਿਦਿਆਰਥੀਆਂ ਅਤੇ ਸਟਾਫ ਦੁਆਰਾ ਪਿੰਡ ਮਹੈਣ ਵਿਚ ਘਰ ਘਰ ਪ੍ਰਚਾਰ ਕੀਤਾ ਗਿਆ । ਪ੍ਰੋ : ਵਿਪਨ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਘਰ ਘਰ ਪ੍ਰਚਾਰ ਮੁਹਿੰਮ ਅਧੀਨ ਵਿਦਿਆਰਥੀਆਂ ਨੇ ਲੋਕਾਂ ਨੂੰ ਕੂੜਾ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ ਕਿ ਕੂੜੇ ਨੂੰ ਖੁੱਲੇ ਵਿੱਚ ਨਹੀਂ ਸੁੱਟਣਾ ਚਾਹੀਦਾ ਹੈ । ਖੁੱਲੇ ਵਿੱਚ ਪਏ ਕੂੜੇ ਨਾਲ ਹਵਾ, ਪਾਣੀ ਅਤੇ ਮਿੱਟੀ ਪ੍ਰਦੂਸ਼ਿਤ ਹੁੰਦੇ ਹਨ ਅਤੇ ਬੀਮਾਰੀਆਂ ਫੈਲਣ ਦਾ ਖ਼ਤਰਾ ਵੱਧ ਜਾਂਦਾ ਹੈ। ਗਿੱਲੇ ,ਸੁੱਕੇ ਅਤੇ ਮੈਡੀਕਲ ਕੂੜੇ ਨੂੰ ਅਲੱਗ ਅਲੱਗ ਰੱਖਣਾ ਚਾਹੀਦਾ ਹੈ । ਕੂੜੇ ਵਿਚ ਕਬਾੜ ਦਾ ਸਮਾਨ ਨਹੀਂ ਮਿਲਾਉਣਾ ਚਾਹੀਦਾ। ਕਬਾੜ ਦੇ ਸਮਾਨ ਨੂੰ ਇੱਕਠਾ ਕਰਕੇ ਵੇਚਣ ਨਾਲ ਕਮਾਈ ਕੀਤੀ ਜਾ ਸਕਦੀ ਹੈ। ਕਬਾੜ ਦੇ ਸਮਾਨ ਨਾਲ ਗਮਲੇ , ਬੱਚਿਆਂ ਦੇ ਖਿਡੌਣੇ ਅਤੇ ਹੋਰ ਸਮਾਨ ਬਣਾਈਆ ਜਾ ਸਕਦਾ ਹੈ। ਫਲ ਅਤੇ ਸ਼ਬਜੀਆਂ ਦੇ ਕੂੜੇ ਸਮੇਤ ਬਾਕੀ ਕੂੜੇ ਤੋਂ ਗੰਡੋਆਂ ਖਾਦ ਬਣਾ ਕੇ ਬਾਗਬਾਨੀ ਵਿਚ ਵਰਤੀ ਜਾ ਸਕਦੀ ਹੈ। ਲੋਕਾਂ ਨੂੰ ਦੱਸਿਆ ਗਿਆ ਕਿ ਸਿੰਗਲ ਯੂਜ ਪਲਾਸਟਿਕ ਵਾਤਾਵਰਣ ਅਤੇ ਸਿਹਤ ਲਈ ਬਹੁਤ ਹਾਨੀਕਾਰਕ ਹੈ। ਇਹ ਧਰਤੀ ਵਿੱਚ ਬਹੁਤ ਹੌਲੀ ਨਸ਼ਟ ਹੁੰਦੀ ਹੈ ਅਤੇ ਧਰਤੀ ਨੂੰ ਜਹਿਰੀਲਾ ਬਣਾਉਂਦੀ ਹੈ । ਦਰਿਆਵਾਂ, ਝੀਲਾਂ ਅਤੇ ਸਮੁੰਦਰਾਂ ਨੂੰ ਪ੍ਰਦੂਸ਼ਿਤ ਕਰਦੀ ਹੈ। ਸਮੁੰਦਰਾਂ ਵਿੱਚ ਬੇਅੰਤ ਪਲਾਸਟਿਕ ਇੱਕੱਠੀ ਹੋ ਗਈ ਹੈ ਅਤੇ ਇਸ ਦੇ ਸੇਵਨ ਨਾਲ ਸਮੁੰਦਰੀ ਜੀਵ ਮਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243